ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ

ਲੁਧਿਆਣਾ : ਸੋਮਵਾਰ, 3 ਅਗਸਤ ਤੋਂ ਐਤਵਾਰ, 9 ਅਗਸਤ, 2026

WEEKLY ZIKAR PUNJAB

ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ

Ludhiana : Monday, 3 August to Sunday, 9 August 2026

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 31 | Website : www.zikarpunjab.com



# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੁਧਿਆਣਾ ਨੂੰ ਦੋ ਹੋਰ 'ਸਕੂਲ ਆਫ਼ ਐਮੀਨੈਂਸ' ਦਾ ਤੋਹਫ਼ਾ

**• ਕਿਦਵਈ ਨਗਰ ਸਕੂਲ ਵਿੱਚ 27 ਕਲਾਸਰੂਮ ਹਨ ਜਦੋਂ ਕਿ ਮਿਲਰ ਗੰਜ ਵਿੱਚ 11 • ਦੋਵੇਂ ਆਧੁਨਿਕ ਲੈਬਾਂ, ਆਡੀਟੋਰੀਅਮ ਅਤੇ ਹੋਰ ਸਹੂਲਤਾਂ ਨਾਲ ਲੈਸ**

ਜ਼ਿਕਰ ਪੰਜਾਬ

**ਲੁਧਿਆਣਾ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਲੁਧਿਆਣਾ ਦੇ ਕਿਦਵਈ ਨਗਰ ਅਤੇ ਮਿਲਰ ਗੰਜ ਵਿਖੇ ਦੋ ਨਵੇਂ 'ਸਕੂਲ ਆਫ਼ ਐਮੀਨੈਂਸ' ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਜ਼ਿਲ੍ਹੇ ਵਿੱਚ ਸਕੂਲ ਆਫ਼ ਐਮੀਨੈਂਸ ਦੀ ਗਿਣਤੀ 16 ਹੋ ਗਈ ਹੈ। ਆਧੁਨਿਕ ਕਲਾਸਰੂਮਾਂ, ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ, ਆਡੀਟੋਰੀਅਮ ਅਤੇ ਹੋਰ ਉੱਨਤ ਸਹੂਲਤਾਂ ਨਾਲ ਲੈਸ ਇਹ ਨਵੇਂ ਕੈਂਪਸ, ਸਰਕਾਰੀ ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਵਿਸ਼ਵ ਪੱਧਰੀ ਢਾਂਚਾ ਮੁਹੱਈਆ ਕਰਵਾਉਣ ਹਿੱਤ ਪੰਜਾਬ ਸਰਕਾਰ ਦੇ ਠੋਸ ਯਤਨਾਂ ਦਾ ਹਿੱਸਾ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਵਿੱਚ ਲਗਾਤਾਰ ਨਿਵੇਸ਼ ਨੇ ਸਰਕਾਰੀ ਸਕੂਲਾਂ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਬਿਹਤਰ ਬੁਨਿਆਦੀ ਢਾਂਚੇ, ਵਿਦੇਸ਼ਾਂ 'ਚ ਅਧਿਆਪਕਾਂ ਦੀ ਸਿਖਲਾਈ ਅਤੇ ਪੜ੍ਹਾਉਣ ਦੇ ਆਧੁਨਿਕ ਤਰੀਕਿਆਂ ਕਰਕੇ ਮਾਪਿਆਂ ਵਿੱਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇਸ਼ ਭਰ ਵਿੱਚ ਸਕੂਲੀ ਸਿੱਖਿਆ ਵਿੱਚ 27ਵੇਂ ਸਥਾਨ ਤੋਂ ਵੱਡੀ ਪੁਲਾਂਘ ਪੁੱਟ ਕੇ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ, ਜੋ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਇੱਕ ਸਿਹਤਮੰਦ, ਸਿੱਖਿਅਤ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦੀ ਉਨ੍ਹਾਂ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ। ਮੁੱਖ ਮੰਤਰੀ ਨੇ ਨਵੇਂ ਸ਼ੁਰੂ ਕੀਤੇ 'ਸਕੂਲ ਆਫ਼ ਐਮੀਨੈਂਸ' ਦੇ ਦੌਰੇ ਦੌਰਾਨ ਵਿਦਿਆਰਥੀਆਂ ਨਾਲ ਕਾਫ਼ੀ ਸਮਾਂ ਬਿਤਾਇਆ। ਉਨ੍ਹਾਂ ਨੇ ਕਲਾਸਰੂਮਾਂ, ਵਿਗਿਆਨ ਪ੍ਰਯੋਗਸ਼ਾਲਾਵਾਂ ਅਤੇ ਹੋਰ ਅਕਾਦਮਿਕ ਸਹੂਲਤਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਆਧੁਨਿਕ ਬੁਨਿਆਦੀ ਢਾਂਚੇ ਦਾ ਜਾਇਜ਼ਾ ਲਿਆ ਅਤੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ, ਵਿਗਿਆਨਕ ਪ੍ਰਯੋਗਾਂ ਅਤੇ ਸਿੱਖਣ ਦੇ ਤਜਰਬਿਆਂ ਬਾਰੇ ਗੱਲਬਾਤ ਕੀਤੀ। ਭਗਵੰਤ ਸਿੰਘ ਮਾਨ ਨੇ ਅਧਿਆਪਕਾਂ ਅਤੇ ਸਕੂਲ ਸਟਾਫ਼ ਨਾਲ ਵੀ ਮੁਲਾਕਾਤ ਕੀਤੀ ਅਤੇ ਸੂਬੇ ਵਿੱਚ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਦੇ ਦੌਰੇ ਦੌਰਾਨ ਕਈ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਉਨ੍ਹਾਂ ਤੋਂ ਆਟੋਗ੍ਰਾਫ਼ ਮੰਗੇ, ਜਦੋਂ ਕਿ ਕੁਝ ਨੇ ਪਿਆਰ ਅਤੇ ਸਤਿਕਾਰ ਵਜੋਂ ਉਨ੍ਹਾਂ ਨੂੰ ਆਪਣੇ ਹੱਥਾਂ ਨਾਲ ਬਣਾਏ ਸਕੈਚ/ਪੋਰਟਰੇਟ ਭੇਟ ਕੀਤੇ। ਸਮਾਗਮ ਦੌਰਾਨ ਇੱਕ ਬੱਚੇ ਦੇ ਮਾਪਿਆਂ ਨੇ ਮੁੱਖ ਮੰਤਰੀ ਨੂੰ ਗੁਲਦਸਤਾ ਭੇਟ ਕੀਤਾ ਅਤੇ ਉਨ੍ਹਾਂ ਦੀ ਅਗਵਾਈ ਹੇਠ ਸਿੱਖਿਆ ਖੇਤਰ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਦੇ ਕ੍ਰਾਂਤੀਕਾਰੀ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਨ੍ਹਾਂ ਇਤਿਹਾਸਕ ਪਲਾਂ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਐਕਸ ਹੈਂਡਲ 'ਤੇ ਲਿਖਿਆ: ਅੱਜ ਲੁਧਿਆਣਾ ਵਿੱਚ ਨਵੇਂ 'ਸਕੂਲ ਆਫ਼ ਐਮੀਨੈਂਸ' ਦੀ ਇਮਾਰਤ ਦਾ ਉਦਘਾਟਨ ਕਰਨਾ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਸੀ। ਸਾਡੇ ਸਰਕਾਰੀ ਸਕੂਲਾਂ ਦਾ ਪੜ੍ਹਾਈ ਲਈ ਸ਼ਾਨਦਾਰ ਮਾਹੌਲ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲ ਛੱਡ ਕੇ ਇੱਥੇ ਦਾਖਲਾ ਲੈਣ ਲਈ ਉਤਸ਼ਾਹਿਤ ਕਰ ਰਿਹਾ ਹੈ। ਪੰਜਾਬ, ਅੱਜ ਸਕੂਲੀ ਸਿੱਖਿਆ ਵਿੱਚ ਪਹਿਲੇ ਨੰਬਰ 'ਤੇ ਹੈ ਅਤੇ ਇਸ ਸਾਲ ਸਾਡੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਲਈ ਕੁਆਲੀਫਾਈ ਕੀਤਾ ਹੈ ਜਦੋਂ ਕਿ 125 ਤੋਂ ਵੱਧ ਨੇ ਜੇਈਈ ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਅਸੀਂ ਉਸ ਰੰਗਲੇ ਪੰਜਾਬ ਦਾ ਨਿਰਮਾਣ ਕਰ ਰਹੇ ਹਾਂ ਜਿਸ ਦਾ ਸਾਡੇ ਬੱਚੇ ਸੁਪਨਾ ਦੇਖਦੇ ਹਨ। ਇਨਕਲਾਬ ਜ਼ਿੰਦਾਬਾਦ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੀ ਉਦਯੋਗਿਕ ਕ੍ਰਾਂਤੀ ਦੀ ਅਗਵਾਈ ਕਰਨ ਤੋਂ ਬਾਅਦ, ਲੁਧਿਆਣਾ ਹੁਣ ਸੂਬੇ ਦੀ ਸਿੱਖਿਆ ਕ੍ਰਾਂਤੀ ਵਿੱਚ ਵੀ ਮੋਹਰੀ ਬਣ ਕੇ ਉੱਭਰ ਰਿਹਾ ਹੈ। ਸਕੂਲ ਆਫ਼ ਐਮੀਨੈਂਸ ਮਾਡਲ ਨੇ ਗੁਣਵੱਤਾਪੂਰਨ ਸਿੱਖਿਆ ਤੱਕ ਪਹੁੰਚ ਵਿੱਚ ਅਮੀਰ ਅਤੇ ਗਰੀਬ ਵਿਚਕਾਰ ਪਾੜੇ ਨੂੰ ਕਾਫ਼ੀ ਹੱਦ ਤੱਕ ਦੂਰ ਕੀਤਾ ਹੈ। ਅੱਜ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਅਜਿਹੀਆਂ ਸਹੂਲਤਾਂ ਮਿਲ ਰਹੀਆਂ ਹਨ ਜੋ ਕਈ ਪ੍ਰਾਈਵੇਟ ਸਕੂਲਾਂ ਨਾਲੋਂ ਵੀ ਬਿਹਤਰ ਹਨ। ਮੁੱਖ ਮੰਤਰੀ ਨੇ ਕਿਹਾ, "ਕਿਦਵਈ ਨਗਰ ਵਿਖੇ ਸਕੂਲ ਆਫ਼ ਐਮੀਨੈਂਸ 10.62 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਇਆ ਹੈ। ਨਵੀਂ ਇਮਾਰਤ 8300 ਵਰਗ ਗਜ਼ ਤੋਂ ਵੱਧ ਖੇਤਰ ਵਿੱਚ ਬਣਾਈ ਗਈ ਹੈ ਅਤੇ ਇਸ ਵਿੱਚ 60 ਕਮਰੇ ਹਨ, ਜਿਸ ਵਿੱਚ 27 ਕਲਾਸਰੂਮ, ਸੱਤ ਆਧੁਨਿਕ ਲੈਬਾਂ, ਇੱਕ ਲਾਇਬ੍ਰੇਰੀ, ਪ੍ਰਿੰਸੀਪਲ ਦਾ ਦਫ਼ਤਰ, 500 ਵਿਦਿਆਰਥੀਆਂ ਦੇ ਬੈਠਣ ਦੀ ਸਮਰੱਥਾ ਵਾਲਾ ਇੱਕ ਅਤਿ-ਆਧੁਨਿਕ ਆਡੀਟੋਰੀਅਮ ਅਤੇ ਨੌਂ ਵਾਸ਼ਰੂਮ ਸ਼ਾਮਲ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਿਲਰ ਗੰਜ ਵਿਖੇ ਸਕੂਲ ਆਫ਼ ਐਮੀਨੈਂਸ 3.48 ਕਰੋੜ ਰੁਪਏ ਦੀ ਲਾਗਤ ਨਾਲ ਪੂਰਾ ਹੋਇਆ ਹੈ। ਨਵੀਂ ਇਮਾਰਤ 1800 ਵਰਗ ਗਜ਼ ਤੋਂ ਵੱਧ ਵਿੱਚ ਬਣਾਈ ਗਈ ਹੈ ਅਤੇ ਇਸ ਵਿੱਚ 22 ਕਮਰੇ ਹਨ, ਜਿਸ ਵਿੱਚ 11 ਕਲਾਸਰੂਮ, ਸੱਤ ਲੈਬਾਰੇਟ੍ਰੀਆਂ, ਪ੍ਰਿੰਸੀਪਲ ਦਾ ਦਫ਼ਤਰ ਅਤੇ ਛੇ ਵਾਸ਼ਰੂਮ ਸ਼ਾਮਲ ਹਨ। ਵਿਦਿਆਰਥੀਆਂ ਦੀ ਸਹੂਲਤ ਲਈ ਇੱਕ ਲਿਫਟ ਵੀ ਲਗਾਈ ਗਈ ਹੈ। ਇਸ ਤੋਂ ਪਹਿਲਾਂ ਇੰਦਰਪੁਰੀ, ਲੁਧਿਆਣਾ ਵਿਖੇ ਇੱਕ ਸ਼ਾਨਦਾਰ ਸਕੂਲ ਆਫ਼ ਐਮੀਨੈਂਸ ਇਮਾਰਤ ਦਾ ਉਦਘਾਟਨ ਕੀਤਾ ਗਿਆ ਸੀ।" ਉਨ੍ਹਾਂ ਅੱਗੇ ਕਿਹਾ, "ਇੰਦਰਪੁਰੀ ਸਕੂਲ ਪ੍ਰੀਮੀਅਮ ਸਹੂਲਤਾਂ ਨਾਲ ਲੈਸ ਹੈ, ਜਿਸ ਵਿੱਚ ਇੱਕ ਸਵੀਮਿੰਗ ਪੂਲ ਅਤੇ ਇੱਕ ਟੈਨਿਸ ਕੋਰਟ ਸ਼ਾਮਲ ਹੈ। ਵਿਦਿਆਰਥੀਆਂ ਦੀ ਗਿਣਤੀ 1320 ਤੋਂ ਵਧ ਕੇ 1788 ਹੋ ਗਈ ਹੈ, ਜੋ ਕਿ ਸਰਕਾਰੀ ਸਕੂਲਾਂ ਵਿੱਚ ਲੋਕਾਂ ਦੇ ਵਧਦੇ ਭਰੋਸੇ ਦੀ • ਬਾਕੀ ਸਫ਼ਾ 2 'ਤੇ






## ਪੰਜਾਬ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ ਅੱਜ ਤੋਂ

ਜ਼ਿਕਰ ਪੰਜਾਬ

**ਚੰਡੀਗੜ੍ਹ** : ਸੋਮਵਾਰ ਤੋਂ ਸ਼ੁਰੂ ਹੋ ਰਿਹਾ ਪੰਜਾਬ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ ਹੰਗਾਮੇਦਾਰ ਹੋਣ ਦੀ ਸੰਭਾਵਨਾ ਹੈ ਕਿਉਂਕਿ ਕਾਂਗਰਸ ਅਤੇ ਭਾਜਪਾ ਸਮੇਤ ਵਿਰੋਧੀ ਪਾਰਟੀਆਂ ਵੱਲੋਂ ਕਾਨੂੰਨ ਵਿਵਸਥਾ, ਬਕਾਇਆ ਕਰਜ਼ਾ ਅਤੇ ਕਥਿਤ ਪੇਪਰ ਲੀਕ ਵਰਗੇ ਵੱਖ-ਵੱਖ ਮੁੱਦਿਆਂ 'ਤੇ 'ਆਪ' ਸਰਕਾਰ ਨੂੰ ਘੇਰਨ ਦੀ ਉਮੀਦ ਹੈ। ਰਾਜ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ ਦਾ ਮੁੱਦਾ ਵੀ ਉਠਾਏ ਜਾਣ ਦੀ ਸੰਭਾਵਨਾ ਹੈ। ਵਿਧਾਨ ਸਭਾ ਸੈਸ਼ਨ 10 ਅਗਸਤ ਤੱਕ ਜਾਰੀ ਰਹੇਗਾ । ਅਸਥਾਈ ਸ਼ਡਿਊਲ ਦੇ ਅਨੁਸਾਰ, ਸੈਸ਼ਨ ਦੀ ਸ਼ੁਰੂਆਤ ਸ਼ਰਧਾਂਜਲੀਆਂ ਨਾਲ ਹੋਵੇਗੀ, ਜਿਨ੍ਹਾਂ ਵਿੱਚ ਪਿਛਲੇ ਸੈਸ਼ਨ ਦੇ ਅੰਤ ਤੋਂ ਲੈ ਕੇ ਰਾਜ ਵਿਧਾਨ ਸਭਾ ਦੇ ਮੌਜੂਦਾ ਸੈਸ਼ਨ ਦੀ ਸ਼ੁਰੂਆਤ ਦੇ ਵਿਚਕਾਰ ਦੇ ਸਮੇਂ ਦੌਰਾਨ ਅਕਾਲ ਚਲਾਣਾ ਕਰ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ। 4, 5, 7 ਅਤੇ 10 ਅਗਸਤ ਨੂੰ ਵਿਧਾਨਕ ਕੰਮਕਾਜ ਹੋਵੇਗਾ, • ਬਾਕੀ ਸਫ਼ਾ 2 'ਤੇ

## ਮਦੁਰਾ ਟਾਪੂ ਨੇੜੇ ਕਿਸ਼ਤੀ 'ਚ ਲੱਗੀ ਅੱਗ, 5 ਦੀ ਮੌਤ, 41 ਲਾਪਤਾ

ਜ਼ਿਕਰ ਪੰਜਾਬ

**ਜਕਾਰਤਾ** : ਇੰਡੋਨੇਸ਼ੀਆ ਦੇ ਮਦੁਰਾ ਟਾਪੂ ਨੇੜੇ ਸਮੁੰਦਰ ਵਿੱਚ ਇੱਕ ਕਿਸ਼ਤੀ ਨੂੰ ਅੱਗ ਲੱਗ ਗਈ। ਇਸ ਹਾਦਸੇ ਵਿੱਚ ਘੱਟੋ-ਘੱਟ 5 ਲੋਕਾਂ ਦੀ ਮੌਤ ਹੋ ਗਈ ਹੈ, ਜਦੋਂ ਕਿ 41 ਅਜੇ ਵੀ ਲਾਪਤਾ ਹਨ। ਲਾਪਤਾ ਲੋਕਾਂ ਨੂੰ ਲੱਭਣ ਲਈ ਬਚਾਅ ਅਤੇ ਰਾਹਤ ਕਾਰਜ ਜਾਰੀ ਹਨ। ਸੁਰਾਬਾਇਆ ਦੇ ਤੰਜੁੰਗ ਪੇਰਾਕ ਬੰਦਰਗਾਹ ਤੋਂ ਮਕਾਸਰ ਲਈ ਰਵਾਨਾ ਹੋਏ ਕੇਐਮਪੀ ਮੁਟਿਆਰਾ ਸੇਂਟੋਸਾ 2 ਨੂੰ ਆਪਣੀ ਯਾਤਰਾ ਸ਼ੁਰੂ ਹੋਣ ਤੋਂ ਕੁਝ ਘੰਟਿਆਂ ਬਾਅਦ ਹੀ ਅੱਗ ਲੱਗ ਗਈ। ਇੰਡੋਨੇਸ਼ੀਆਈ ਖੋਜ ਅਤੇ ਬਚਾਅ ਏਜੰਸੀ ਨੇ ਐਤਵਾਰ ਨੂੰ ਇੱਕ ਬਿਆਨ ਵਿੱਚ ਕਿਹਾ ਕਿ ਇੰਡੋਨੇਸ਼ੀਆ ਦੇ ਮਦੁਰਾ ਟਾਪੂ ਨੇੜੇ ਇੱਕ ਕਿਸ਼ਤੀ ਨੂੰ ਅੱਗ ਲੱਗਣ ਤੋਂ ਬਾਅਦ ਘੱਟੋ-ਘੱਟ ਪੰਜ ਲੋਕਾਂ ਦੀ ਮੌਤ ਹੋ ਗਈ ਹੈ ਅਤੇ 41 ਅਜੇ ਵੀ ਲਾਪਤਾ ਹਨ। ਸਥਾਨਕ ਮੀਡੀਆ ਰਿਪੋਰਟਾਂ ਦੇ ਅਨੁਸਾਰ, ਜਦੋਂ ਅੱਗ ਲੱਗੀ ਤਾਂ ਕਿਸ਼ਤੀ ਵਿੱਚ ਲਗਭਗ 250 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਕਈ ਜਹਾਜ਼ਾਂ ਨੂੰ ਸ਼ਾਮਲ ਕਰਕੇ ਇੱਕ ਵਿਸ਼ਾਲ ਬਚਾਅ ਕਾਰਜ ਸ਼ੁਰੂ ਕੀਤਾ ਗਿਆ ਸੀ।



## ਹਵਾਈ ਅੱਡਿਆਂ ਤੋਂ ਇੱਕ ਹਫ਼ਤੇ 'ਚ 11 ਕਰੋੜ ਰੁਪਏ ਤੋਂ ਵੱਧ ਦਾ ਸੋਨਾ ਜ਼ਬਤ

ਜ਼ਿਕਰ ਪੰਜਾਬ

**ਕੋਚੀ** : ਕੇਰਲ ਕਸਟਮ ਵਿਭਾਗ ਨੇ ਪਿਛਲੇ ਹਫ਼ਤੇ ਵੱਖ-ਵੱਖ ਹਵਾਈ ਅੱਡਿਆਂ ਤੋਂ ਅੱਠ ਕਿਲੋਗ੍ਰਾਮ ਤਸਕਰੀ ਕੀਤਾ ਸੋਨਾ ਜ਼ਬਤ ਕੀਤਾ ਹੈ। ਜ਼ਬਤ ਕੀਤੇ ਗਏ ਸੋਨੇ ਦੀ ਕੀਮਤ 11 ਕਰੋੜ ਤੋਂ ਵੱਧ ਹੈ, ਅਧਿਕਾਰੀਆਂ ਨੇ ਐਤਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ । ਕਸਟਮ ਕਮਿਸ਼ਨਰ ਟੀ. ਟੀ. ਜੂ ਨੇ ਇੱਕ ਬਿਆਨ ਵਿੱਚ ਕਿਹਾ ਕਿ ਪਿਛਲੇ ਹਫ਼ਤੇ ਇਸ ਸਬੰਧ ਵਿੱਚ ਕੁੱਲ 14 ਮਾਮਲੇ ਦਰਜ ਕੀਤੇ ਗਏ ਹਨ ਅਤੇ ਨੌਂ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਲੋਕਾਂ ਵਿੱਚ ਕੇਰਲ ਦੇ ਛੇ ਅਤੇ ਤਾਮਿਲਨਾਡੂ ਦੇ ਤਿੰਨ ਸ਼ਾਮਲ ਹਨ । ਟੀ. ਟੀ. ਜੂ ਨੇ ਕਿਹਾ ਕਿ ਇਹ ਕਾਰਵਾਈਆਂ ਡਾਇਰੈਕਟੋਰੇਟ ਆਫ਼ ਰੈਵੇਨਿਊ ਇੰਟੈਲੀਜੈਂਸ (ਡੀ.ਆਰ.ਆਈ.) ਅਤੇ ਕੇਰਲ ਪੁਲਿਸ ਦੇ ਸਹਿਯੋਗ ਨਾਲ ਕੀਤੀਆਂ ਗਈਆਂ ਸਨ । ਵੱਖ-ਵੱਖ ਏਜੰਸੀਆਂ ਵਿਚਕਾਰ ਸਹਿਯੋਗ ਨਾਲ ਕਈ ਤਸਕਰੀ ਦੀਆਂ ਕੋਸ਼ਿਸ਼ਾਂ ਦਾ ਪਤਾ ਲ ੱ ਿ ਗ ਅ ਾ । • ਬਾਕੀ ਸਫ਼ਾ 2 'ਤੇ

**9 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ**

## ਪਾਕਿਸਤਾਨ 'ਚ ਵੀ ਬਣੀ 'ਕਾਕਰੋਚ ਪਾਰਟੀ'

ਜ਼ਿਕਰ ਪੰਜਾਬ

**ਇਸਲਾਮਾਬਾਦ** : "ਕਾਕਰੋਚ ਪਾਰਟੀ ਪਾਕਿਸਤਾਨ" ਨਾਮਕ ਇੱਕ ਨਵੀਂ ਮੁਹਿੰਮ ਪਾਕਿਸਤਾਨ ਵਿੱਚ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਪ੍ਰਸਿੱਧ ਹੋ ਰਹੀ ਹੈ। ਇਹ ਸਮੂਹ, ਜੋ ਆਪਣੇ ਆਪ ਨੂੰ ਨੌਜਵਾਨਾਂ ਦੀ ਆਵਾਜ਼ ਕਹਿੰਦਾ ਹੈ, ਭ੍ਰਿਸ਼ਟਾਚਾਰ, ਆਰਥਿਕ ਸੰਕਟ, ਸ਼ਾਸਨ ਅਤੇ ਰਾਜਨੀਤਿਕ ਸੁਧਾਰ ਵਰਗੇ ਮੁੱਦਿਆਂ ਨੂੰ ਉਜਾਗਰ ਕਰ ਰਿਹਾ ਹੈ। ਸੋਸ਼ਲ ਮੀਡੀਆ ਪਲੇਟਫਾਰਮ ਇੰਸਟਾਗ੍ਰਾਮ 'ਤੇ ਸਰਗਰਮ, ਇਸ ਮੁਹਿੰਮ ਨੇ ਥੋੜ੍ਹੇ ਸਮੇਂ ਵਿੱਚ ਕਾਫ਼ੀ ਧਿਆਨ ਖਿੱਚਿਆ ਹੈ ਅਤੇ ਪਾਕਿਸਤਾਨ ਦੇ • ਬਾਕੀ ਸਫ਼ਾ 2 'ਤੇ

## ਸਰਹੱਦੀ ਪਿੰਡ 'ਚ ਵੱਡੀ ਮਾਤਰਾ 'ਚ ਕਾਰਤੂਸ ਬਰਾਮਦ

**ਤਰਨਤਾਰਨ** : ਤਰਨਤਾਰਨ ਜ਼ਿਲ੍ਹੇ ਦੇ ਸਰਹੱਦੀ ਪਿੰਡ ਨੌਸ਼ਹਿਰਾ ਢਾਲਾ ਵਾਸੀ ਇਕ ਵਿਅਕਤੀ ਕੋਲੋਂ ਪੁਲਿਸ ਨੇ ਵੱਡੀ ਮਾਤਰਾ ਵਿਚ ਕਾਰਤੂਸ ਬਰਾਮਦ ਕਰਕੇ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਉਕਤ ਕਾਰਤੂਸ ਪਾਕਿ ਤਸਕਰਾਂ ਵਲੋਂ ਡਰੋਨ ਦੀ ਮਦਦ ਨਾਲ ਭਾਰਤੀ ਖੇਤਰ ਵਿਚ ਭੇਜੇ ਗਏ ਸਨ। ਰਾਜਨ ਸਿੰਘ ਰਾਜਾ ਪੁੱਤਰ ਰਛਪਾਲ ਸਿੰਘ ਵਾਸੀ ਨੌਸ਼ਹਿਰਾ ਢਾਲਾ ਨੂੰ 85 ਕਾਰਤੂਸ 30 ਬੋਰ ਬਰਾਮਦ ਕਰਕੇ ਗ੍ਰਿਫਤਾਰ ਕੀਤਾ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਵਿਅਕਤੀ ਵਿਰੁੱਧ ਅਸਲਾ ਅਤੇ ਏਅਰ ਕਰਾਫਟ ਐਕਟ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸ਼ੇਰ-ਏ-ਪੰਜਾਬ ਟੀ-20 ਲੀਗ ਦੀ ਸ਼ਾਨਦਾਰ ਸ਼ੁਰੂਆਤ; ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਪ੍ਰਭਸਿਮਰਨ ਸਿੰਘ ਅਤੇ ਰਮਨਦੀਪ ਸਿੰਘ ਵਰਗੇ ਸਟਾਰ ਕ੍ਰਿਕਟਰ ਵੀ ਲੈਣਗੇ ਹਿੱਸਾ




ਜ਼ਿਕਰ ਪੰਜਾਬ

**ਨਿਊ ਚੰਡੀਗੜ੍ਹ** : ਅੱਜ ਇਥੇ ਨਿਊ ਚੰਡੀਗੜ੍ਹ ਦੇ ਪੀ.ਸੀ.ਏ. ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿਖੇ 'ਸ਼ੇਰ-ਏ-ਪੰਜਾਬ ਟੀ-20 ਲੀਗ' ਦੀ ਰਸਮੀ ਸ਼ੁਰੂਆਤ ਕੀਤੀ ਗਈ, ਜੋ ਕਿ ਪੰਜਾਬ ਲਈ ਕ੍ਰਿਕਟ ਦੇ ਇੱਕ ਨਵੇਂ ਅਤੇ ਸੁਨਿਹਰੀ ਅਧਿਆਏ ਦੀ ਸ਼ੁਰੂਆਤ ਹੈ। ਇਹ ਟੂਰਨਾਮੈਂਟ 30 ਅਗਸਤ ਤੋਂ 13 ਸਤੰਬਰ ਤੱਕ ਖੇਡਿਆ ਜਾਵੇਗਾ ਅਤੇ ਇਸ ਵਿੱਚ ਸੂਬੇ ਦੇ ਕਈ ਨਾਮਵਰ ਕ੍ਰਿਕਟ ਖਿਡਾਰੀ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਅਭਿਸ਼ੇਕ ਸ਼ਰਮਾ, ਗੁਰਨੂਰ ਬਰਾੜ, ਪ੍ਰਭਸਿਮਰਨ ਸਿੰਘ ਅਤੇ ਰਮਨਦੀਪ ਸਿੰਘ ਸ਼ਾਮਲ ਹਨ। ਇਸ ਲੀਗ ਦੇ ਆਗਾਜ਼ ਦਾ ਐਲਾਨ ਪੀ.ਸੀ.ਏ. ਦੇ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਪ੍ਰਧਾਨ ਅਮਰਜੀਤ ਸਿੰਘ ਮਹਿਤਾ ਵੱਲੋਂ ਕੀਤਾ ਗਿਆ ਜਿਸ ਮੌਕੇ ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ ਅਤੇ ਅਰਸ਼ਦੀਪ ਸਿੰਘ ਵੀ ਮੌਜੂਦ ਸਨ। ਇਸ ਲੀਗ ਲਈ ਵਿੱਚ ਕੁੱਲ ਛੇ ਟੀਮਾਂ 27 ਹਾਈ-ਵੋਲਟੇਜ ਮੈਚਾਂ ਵਿੱਚ ਇੱਕ ਦੂਜੇ ਦੇ ਆਹਮੋ-ਸਾਹਮਣੇ ਹੋਣਗੀਆਂ। ਇਹ ਟੂਰਨਾਮੈਂਟ ਰਾਊਂਡ-ਰੌਬਿਨ ਫਾਰਮੈਟ ਵਿੱਚ ਖੇਡਿਆ ਜਾਵੇਗਾ। ਹਰੇਕ ਫ੍ਰੈਂਚਾਈਜ਼ੀ ਕੋਲ ਇੱਕ ਮਾਰਕੀ ਖਿਡਾਰੀ ਅਤੇ ਘੱਟੋ-ਘੱਟ ਦੋ ਆਈਕਨ ਖਿਡਾਰੀ ਹੋਣਗੇ, ਜੋ ਅੰਤਰਰਾਸ਼ਟਰੀ ਸਟਾਰਾਂ, ਸਥਾਨਕ ਖਿਡਾਰੀਆਂ ਅਤੇ ਪੰਜਾਬ ਦੇ ਉੱਭਰਦੇ ਹੁਨਰਾਂ ਦਾ ਇੱਕ ਬਿਹਤਰੀਨ ਸੁਮੇਲ ਯਕੀਨੀ ਬਣਾਏਗਾ। ਟੂਰਨਾਮੈਂਟ ਦਾ ਅਧਿਕਾਰਤ ਲੋਗੋ ਵੀ ਜਾਰੀ ਕੀਤਾ ਗਿਆ। ਭਾਰਤੀ ਕਪਤਾਨ ਸ਼ੁਭਮਨ ਗਿੱਲ ਨੇ ਕਿਹਾ, ਸ਼ੇਰ-ਏ-ਪੰਜਾਬ ਟੀ-20 ਲੀਗ ਨੌਜਵਾਨ ਕ੍ਰਿਕਟਰਾਂ ਲਈ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਪੰਜਾਬ ਤੇ ਭਾਰਤ ਲਈ ਖੇਡਣ ਵੱਲ ਅੱਗੇ ਵਧਣ ਦਾ ਇੱਕ ਸ਼ਾਨਦਾਰ ਮੰਚ ਹੈ। ਪੰਜਾਬ ਨੇ ਹਮੇਸ਼ਾ ਬਿਹਤਰੀਨ ਕ੍ਰਿਕਟਰ ਪੈਦਾ ਕੀਤੇ ਹਨ ਅਤੇ ਮੈਨੂੰ ਵਿਸ਼ਵਾਸ ਹੈ ਕਿ ਇਹ ਲੀਗ ਅਜਿਹੇ ਹੋਰ ਹੋਣਹਾਰ ਖਿਡਾਰੀਆਂ ਦੀ ਪਛਾਣ ਕਰਨ ਵਿੱਚ ਮਦਦ ਕਰੇਗੀ। ਮੈਂ ਇਸ ਸ਼ਾਨਦਾਰ ਪਹਿਲਕਦਮੀ ਲਈ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਵਧਾਈ ਦਿੰਦਾ ਹਾਂ ਅਤੇ ਲੀਗ ਦੀ ਵੱਡੀ ਸਫਲਤਾ ਦੀ ਕਾਮਨਾ ਕਰਦਾ ਹਾਂ। ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਪੰਜਾਬ ਹਮੇਸ਼ਾ ਤੋਂ ਭਾਰਤੀ ਕ੍ਰਿਕਟ ਵਿੱਚ ਸਭ ਤੋਂ ਵੱਡਾ ਯੋਗਦਾਨ ਪਾਉਣ ਵਾਲਿਆਂ ਵਿੱਚੋਂ ਇੱਕ ਰਿਹਾ ਹੈ। ਲਾਲਾ ਅਮਰਨਾਥ ਤੋਂ ਲੈ ਕੇ ਯੁਵਰਾਜ ਸਿੰਘ ਵਰਗੇ ਮਹਾਨ ਖਿਡਾਰੀਆਂ ਅਤੇ ਹੁਣ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਪ੍ਰਭਸਿਮਰਨ ਸਿੰਘ ਅਤੇ ਹਰਮਨਪ੍ਰੀਤ ਕੌਰ ਵਰਗੇ ਖਿਡਾਰੀਆਂ ਤੱਕ, ਸੂਬੇ ਨੇ ਲਗਾਤਾਰ ਵਿਸ਼ਵ ਪੱਧਰੀ ਕ੍ਰਿਕਟਰ ਦਿੱਤੇ ਹਨ। ਪੰਜਾਬ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ। ਇਸੇ ਲਈ ਸਾਨੂੰ ਵਿਸ਼ਵਾਸ ਹੈ ਕਿ ਸ਼ੇਰ-ਏ-ਪੰਜਾਬ ਟੀ-20 ਲੀਗ ਦੇਸ਼ ਦੇ ਪ੍ਰਮੁੱਖ ਘਰੇਲੂ ਟੀ-20 ਟੂਰਨਾਮੈਂਟਾਂ ਵਿੱਚੋਂ ਇੱਕ ਬਣ ਕੇ ਉੱਭਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਕ੍ਰਿਕਟ ਲੀਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਇੱਕ ਦੂਰਅੰਦੇਸ਼ੀ ਪਹਿਲਕਦਮੀ ਹੈ ਅਤੇ ਇਸਦਾ ਉਦੇਸ਼ ਪੰਜਾਬ ਦੇ ਉਭਰਦੇ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਖੇਡ ਦੇ ਉੱਚ ਪੱਧਰ 'ਤੇ ਪਹੁੰਚਣ ਲਈ ਇੱਕ ਪੇਸ਼ੇਵਰ • ਬਾਕੀ ਸਫ਼ਾ 2 'ਤੇ

**■ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਪਹਿਲਕਦਮੀ, ਇਹ ਲੀਗ ਪੰਜਾਬ ਦੇ ਉਭਰਦੇ ਕ੍ਰਿਕਟਰਾਂ ਨੂੰ ਸੁਨਹਿਰੀ ਮੰਚ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ: ਮੀਤ ਹੇਅਰ**

## ਨੌਜਵਾਨਾਂ ਦਾ ਮਾਨਸਿਕ ਤੇ ਸਰੀਰਕ ਤੌਰ 'ਤੇ ਫਿੱਟ ਹੋਣਾ ਬਹੁਤ ਜ਼ਰੂਰੀ : ਮੋਦੀ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਅਤੇ ਚੰਡੀਗੜ੍ਹ 'ਚ ਲਗਾਤਾਰ ਵਧ ਰਹੀ ਨਸ਼ੇ ਦੀ ਸਮੱਸਿਆ ਦੇ ਵਿਚਕਾਰ ਕੇਂਦਰ ਸਰਕਾਰ ਨੇ ਐਤਵਾਰ ਨੂੰ 'ਨਸ਼ਾ ਮੁਕਤ ਯੁਵਾ ਫ਼ੋਰ ਵਿਕਸਿਤ ਭਾਰਤ ਅਭਿਆਨ' ਦੀ ਸ਼ੁਰੂਆਤ ਕਰਕੇ ਇਸ ਲੜਾਈ ਨੂੰ ਜਨ-ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਸੈਕਟਰ-18 ਸਥਿਤ ਟੈਗੋਰ ਥੀਏਟਰ 'ਚ ਆਯੋਜਿਤ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਰਚੁਅਲ ਮਾਧਿਅਮ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਜ਼ਿਕਰ ਕਰਦਿਆਂ ਦੇਸ਼ ਭਰ ਦੇ ਨੌਜਵਾਨਾਂ ਨੂੰ ਸੰਬੋਧਨ ਕੀਤਾ, ਜਦਕਿ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਮੌਜੂਦ ਰਹੇ। ਪੰਜਾਬ 'ਚ ਨਸ਼ਾ ਲੰਬੇ ਸਮੇਂ ਤੋਂ ਸਭ ਤੋਂ ਵੱਡਾ ਸਮਾਜਿਕ ਅਤੇ ਰਾਜਨੀਤਿਕ ਮੁੱਦਾ ਬਣਿਆ ਹੋਇਆ ਹੈ। ਅਜਿਹੇ ਵਿੱਚ ਇਸ ਮੁਹਿੰਮ ਨੂੰ ਪੰਜਾਬ ਅਤੇ ਚੰਡੀਗੜ੍ਹ ਲਈ ਵਿਸ਼ੇਸ਼ ਮਹੱਤਵ ਦਾ ਮੰਨਿਆ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਨਸ਼ਾਮੁਕਤ ਯੁਵਾ ਹੀ ਵਿਕਸਿਤ ਭਾਰਤ ਦਾ ਆਧਾਰ ਹੈ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦਾ ਨੌਜਵਾਨ ਤਨ ਅਤੇ ਮਨ ਤੋਂ ਸਿਹਤਮੰਦ ਰਹੇਗਾ ਤਾਂ ਹੀ ਸਾਲ 2047 ਤੱਕ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਨਹੀਂ, ਸਗੋਂ ਪੂਰੇ ਪਰਿਵਾਰ, ਸਮਾਜ ਅਤੇ ਰਾਸ਼ਟਰ ਦੀ ਸ਼ਕਤੀ ਨੂੰ ਕਮਜ਼ੋਰ ਕਰਦਾ ਹੈ। ਜੇਕਰ ਕੋਈ ਨੌਜਵਾਨ ਡਰੱਗਜ਼ ਦੀ ਗ੍ਰਿਫ਼ਤ ਵਿੱਚ ਆਉਂਦਾ ਹੈ ਤਾਂ ਇੱਕ ਸੁਪਨਾ ਟੁੱਟ ਜਾਂਦਾ ਹੈ, ਪਰਿਵਾਰ ਬਿਖਰ ਜਾਂਦਾ ਹੈ ਅਤੇ ਦੇਸ਼ ਦੀ ਊਰਜਾ ਪ੍ਰਭਾਵਿਤ ਹੁੰਦੀ ਹੈ । ਪੰਜਾਬ ਦੇ ਸੰਦਰਭ 'ਚ ਪ੍ਰਧਾਨ ਮੰਤਰੀ ਦਾ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਉਲੇਖ ਵੀ ਖਾਸ ਰਿਹਾ । ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ ਅਤੇ ਸੰਤਾਂ ਨੇ ਸਦੀਆਂ ਪਹਿਲਾਂ ਹੀ ਨਸ਼ੇ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਦਾ ਉਲੇਖ ਕਰਦਿਆਂ ਉਨ੍ਹਾਂ ਕਿਹਾ ਕਿ ਜਿਸ ਪਦਾਰਥ ਦੇ ਸੇਵਨ ਨਾਲ ਬੁੱਧੀ ਅਤੇ ਵਿਵੇਕ ਨਸ਼ਟ • ਬਾਕੀ ਸਫ਼ਾ 2 'ਤੇ



**ਪੰਜਾਬ-ਚੰਡੀਗੜ੍ਹ 'ਚ ਨਸ਼ਿਆਂ ਵਿਰੁੱਧ ਨਵੀਂ ਮੁਹਿੰਮ ਦਾ ਆਗਾਜ਼**

## ਮਰੀਕਾ ਵੱਲੋਂ 50 ਦੇਸ਼ਾਂ ਲਈ ਅੱਜ ਤੋਂ ਨਵੇਂ ਨਿਯਮ ਲਾਗੂ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਅਮਰੀਕਾ ਨੇ ਹੁਣ ਵੀਜ਼ਾ ਬਾਂਡ ਪ੍ਰੋਗਰਾਮ ਨੂੰ ਸਥਾਈ ਬਣਾ ਦਿੱਤਾ ਹੈ। ਨਵੇਂ ਨਿਯਮ ਤਹਿਤ ਕੁਝ ਦੇਸ਼ਾਂ ਦੇ ਨਾਗਰਿਕਾਂ ਨੂੰ ਬਿਜ਼ਨੈੱਸ (ਬੀ-1) ਅਤੇ ਟੂਰਿਸਟ (ਬੀ-2) ਵੀਜ਼ਾ ਪ੍ਰਾਪਤ ਕਰਨ ਤੋਂ ਪਹਿਲਾਂ 20,000 ਡਾਲਰ (ਲਗਭਗ 19 ਲੱਖ ਰੁਪਏ) ਤੱਕ ਦਾ ਬਾਂਡ ਮਤਲਬ ਸਿਕਓਰਿਟੀ ਮਨੀ ਜਮ?ਹਾ ਕਰਾਉਣੀ ਪੈ ਸਕਦੀ ਹੈ। ਨਵਾਂ ਨਿਯਮ 3 ਅਗਸਤ ਤੋਂ ਲਾਗੂ ਹੋਵੇਗਾ। ਅਮਰੀਕੀ ਸਰਕਾਰ ਨੇ ਇਹ ਫੈਸਲਾ ਫੈਡਰਲ ਰਜਿਸਟਰ ਵਿੱਚ ਜਾਰੀ ਇੱਕ ਨੋਟੀਫਿਕੇਸ਼ਨ ਰਾਹੀਂ ਕੀਤਾ ਹੈ। ਇਸ ਅਨੁਸਾਰ ਹਰੇਕ ਬਿਨੈਕਾਰ ਨੂੰ ਬਾਂਡ ਜਮ?ਹਾ ਕਰਨ ਦੀ ਲੋੜ ਨਹੀਂ ਹੋਵੇਗੀ। ਜੇਕਰ ਲੋੜ ਹੋਵੇ ਤਾਂ ਵੀਜ਼ਾ ਅਧਿਕਾਰੀ ਕਿਸੇ ਵੀ ਯੋਗ ਬਿਨੈਕਾਰ ਨੂੰ ਵੀਜ਼ਾ ਜਾਰੀ ਕਰਨ ਤੋਂ ਪਹਿਲਾਂ ਇੱਕ ਬਾਂਡ ਜਮ੍ਹਾ ਕਰਾਉਣ ਦੀ ਮੰਗ ਕਰ ਸਕਦੇ ਹਨ। ਫਿਲਹਾਲ ਇਹ ਨਿਯਮ 50 ਦੇਸ਼ਾਂ ਦੇ ਨਾਗਰਿਕਾਂ 'ਤੇ ਲਾਗੂ ਹੁੰਦਾ ਹੈ, ਜਿਨ੍ਹਾਂ ਵਿੱਚ ਜ਼ਿਆਦਾਤਰ ਅਫਰੀਕੀ ਦੇਸ਼ ਹਨ । ਭਾਰਤ ਲਈ ਰਾਹਤ ਦੀ ਗੱਲ ਇਹ ਹੈ ਕਿ ਭਾਰਤ ਇਸ ਸੂਚੀ ਵਿੱਚ ਸ਼ਾਮਲ ਨਹੀਂ ਹੈ। ਇਸ ਦਾ ਮਤਲਬ ਹੈ ਕਿ ਭਾਰਤੀ ਨਾਗਰਿਕਾਂ ਨੂੰ ਬੀ-1 (ਬਿਜ਼ਨੈੱਸ) ਅਤੇ ਬੀ-2 (ਟੂਰਿਸਟ) ਵੀਜ਼ਾ ਲਈ ਅਰਜ਼ੀ ਦਿੰਦੇ ਸਮੇਂ ਬਾਂਡ ਜਮ੍ਹਾ ਕਰਨ ਦੀ ਲੋੜ ਨਹੀਂ ਹੋਵੇਗੀ। ਹਾਲਾਂਕਿ ਅਮਰੀਕਾ ਨੇ ਸਪੱਸ਼ਟ ਕੀਤਾ ਹੈ ਕਿ ਭਵਿੱਖ ਵਿੱਚ ਲੋੜ ਪੈਣ 'ਤੇ ਹੋਰ ਦੇਸ਼ਾਂ ਨੂੰ ਇਸ ਯੋਜਨਾ ਵਿੱਚ ਸ਼ਾਮਲ ਕੀਤਾ ਜਾ ਸਕਦਾ ਹੈ। ਵਰਤਮਾਨ ਵਿੱਚ ਇਸ ਸੂਚੀ ਵਿੱਚ ਬੰਗਲਾਦੇਸ਼, ਨੇਪਾਲ ਅਤੇ ਭੂਟਾਨ ਵਰਗੇ ਗੁਆਂਢੀ ਦੇਸ਼ ਸ਼ਾਮਲ ਹਨ। ਅਮਰੀਕਾ ਨੇ ਇਸ ਸਕੀਮ ਨੂੰ 2025 ਵਿੱਚ ਇੱਕ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਸੀ। ਇਸਦਾ ਉਦੇਸ਼ ਇਹ ਨਿਰਧਾਰਤ ਕਰਨਾ ਸੀ ਕਿ ਕੀ ਬਾਂਡ ਪ੍ਰਾਪਤ ਕਰਨ ਵਾਲੇ ਲੋਕ ਆਪਣੇ ਵੀਜ਼ਾ ਦੀ ਮਿਆਦ ਤੋਂ ਵੱਧ ਸਮੇਂ ਲਈ ਠਹਿਰਨਗੇ ਜਾਂ ਨਹੀਂ। ਅਮਰੀਕੀ ਸਰਕਾਰ ਦਾ ਕਹਿਣਾ ਹੈ ਕਿ ਪਾਇਲਟ ਸਕੀਮ ਦੇ ਸਕਾਰਾਤਮਕ ਨਤੀਜੇ ਆਏ ਹਨ। ਇਸ ਲਈ ਇਸਨੂੰ ਹੁਣ ਸਥਾਈ ਕਰ • ਬਾਕੀ ਸਫ਼ਾ 2 'ਤੇ



# ਨਵਾਂਸ਼ਹਿਰ ਵਿਖੇ ਜਨਮੀ 27 ਹਫਤਿਆਂ ਦੀ ਬੱਚੀ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਮਿਲੀ 50 ਦਿਨਾਂ ਦੇ ਵਿਸ਼ੇਸ਼ ਐਨਆਈਸੀਯੂ ਦੇਖਭਾਲ ਤੋਂ ਬਾਅਦ ਮੌਤ ਨੂੰ ਦਿੱਤੀ ਮਾਤ

**ਚੰਡੀਗੜ੍ਹ** : ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' (ਐਮਐਮਐੱਸਵਾਈ) ਨੇ ਨਵਾਂਸ਼ਹਿਰ ਵਿੱਚ ਸਮੇਂ ਤੋਂ ਲਗਭਗ ਤਿੰਨ ਮਹੀਨੇ ਪਹਿਲਾਂ ਜਨਮੀ ਇੱਕ ਬੱਚੀ ਦੀ ਜਾਨ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਗਰਭ ਅਵਸਥਾ ਦੇ ਸਿਰਫ਼ 27ਵੇਂ ਹਫ਼ਤੇ ਵਿੱਚ ਅਤੇ ਕੇਵਲ 700 ਗ੍ਰਾਮ ਵਜ਼ਨ ਵਾਲੀ ਇਸ ਬੱਚੀ ਨੂੰ ਇੱਕ ਸੂਚੀਬੱਧ ਨਿੱਜੀ ਹਸਪਤਾਲ ਦੇ ਨਿਓਨੇਟਲ ਇੰਟੈਂਸਿਵ ਕੇਅਰ ਯੂਨਿਟ (ਐਨਆਈਸੀਯੂ) ਵਿੱਚ 50 ਦਿਨਾਂ ਤੱਕ ਵਿਸ਼ੇਸ਼ ਇਲਾਜ ਦਿੱਤਾ ਗਿਆ। ਲਗਭਗ 3 ਲੱਖ ਰੁਪਏ ਦੀ ਲਾਗਤ ਵਾਲਾ ਸਾਰਾ ਇਲਾਜ ਯੋਜਨਾ ਤਹਿਤ ਪੂਰੀ ਤਰ੍ਹਾਂ ਕੈਸ਼ਲੈੱਸ ਮੁਹੱਈਆ ਕਰਵਾਇਆ ਗਿਆ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਮਾਮਲਾ ਦਰਸਾਉਂਦਾ ਹੈ ਕਿ ਮੁੱਖ ਮੰਤਰੀ ਸਿਹਤ ਯੋਜਨਾ ਹਰ ਪਰਿਵਾਰ ਨੂੰ ਇਲਾਜ ਦੇ ਖ਼ਰਚ ਦੀ ਚਿੰਤਾ ਤੋਂ ਬਿਨਾਂ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਕਿਹਾ, "ਕਿਸੇ ਵੀ ਪਰਿਵਾਰ ਨੂੰ ਜਾਨ ਬਚਾਉਣ ਅਤੇ ਇਲਾਜ ਲਈ ਪੈਸੇ ਇਕੱਠੇ ਕਰਨ ਵਿੱਚੋਂ ਚੋਣ ਕਰਨ ਦੀ ਲੋੜ? ਨਹੀਂ । ਹਰ ਮਾਂ ਸੁਰੱਖਿਅਤ ਜਣੇਪੇ ਦੀ ਹੱਕਦਾਰ ਹੈ ਅਤੇ ਹਰ ਨਵਜੰਮੇ ਬੱਚੇ ਨੂੰ ਜ਼ਿੰਦਗੀ ਜਿਉਣ ਦਾ ਪੂਰਾ ਮੌਕਾ ਮਿਲਣਾ ਚਾਹੀਦਾ ਹੈ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਇਹ ਮਾਮਲਾ ਪੰਜਾਬ ਵਿੱਚ ਉੱਚ-ਜ਼ੋਖਮ ਵਾਲੀਆਂ ਗਰਭ ਅਵਸਥਾਵਾਂ ਅਤੇ ਨਵਜੰਮੇ ਬੱਚਿਆਂ ਦੇ ਇਲਾਜ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਵਧ ਰਹੀ ਵਰਤੋਂ ਨੂੰ ਵੀ ਦਰਸਾਉਂਦਾ ਹੈ। ਅੰਕੜੇ ਦੱਸਦੇ ਹਨ ਕਿ ਉੱਚ-ਜ਼ੋਖਮ ਵਾਲੇ ਜਣੇਪਿਆਂ ਨਾਲ ਸਬੰਧਤ ਕਲੇਮਾਂ ਵਿੱਚ ਸਭ ਤੋਂ ਵੱਡਾ ਹਿੱਸਾ ਨਵਜਨਮੇ ਬੱਚਿਆਂ ਦੀ ਦੇਖਭਾਲ ਦਾ ਹੈ। ਪਿਛਲੇ ਸੱਤ ਮਹੀਨਿਆਂ ਦੌਰਾਨ 'ਸਪੈਸ਼ਲ ਨਿਓਨੇਟਲ ਕੇਅਰ ਪੈਕੇਜ' ਤਹਿਤ 1,869 ਨਵਜੰਮੇ ਬੱਚਿਆਂ ਨੂੰ 2.50 ਕਰੋੜ ਦੇ ਕਲੇਮਾਂ ਦਾ ਲਾਭ ਮਿਲਿਆ ਹੈ, ਜਦਕਿ 'ਇੰਟੈਂਸਿਵ ਨਿਓਨੇਟਲ ਕੇਅਰ ਪੈਕੇਜ' ਤਹਿਤ 1,719 ਨਵਜੰਮੇ ਬੱਚਿਆਂ ਦੇ ਇਲਾਜ ਲਈ 3.78 ਕਰੋੜ ਰੁਪਏ ਦੇ ਕਲੇਮ ਮਨਜ਼ੂਰ ਕੀਤੇ ਗਏ ਹਨ। ਇਸ ਤੋਂ ਇਲਾਵਾ, 'ਐਡਵਾਂਸਡ ਨਿਓਨੇਟਲ ਕੇਅਰ ਪੈਕੇਜ' ਤਹਿਤ 434 ਅਤੇ 'ਕ੍ਰਿਟੀਕਲ ਕੇਅਰ ਨਿਓਨੇਟਲ ਪੈਕੇਜ' ਤਹਿਤ 382 ਮਾਮਲਿਆਂ ਨੂੰ ਵੀ ਯੋਜਨਾ ਦਾ ਲਾਭ ਮਿਲਿਆ ਹੈ, ਜਿਸ ਨਾਲ ਗੰਭੀਰ ਪੇਚੀਦਗੀਆਂ ਨਾਲ ਜਨਮੇ ਬੱਚਿਆਂ ਨੂੰ ਜੀਵਨ-ਰੱਖਿਅਕ ਇਲਾਜ ਮੁਹੱਈਆ ਕਰਵਾਇਆ ਗਿਆ। ਮੁੱਖ ਮੰਤਰੀ ਸਿਹਤ ਯੋਜਨਾ ਨਾ ਸਿਰਫ਼ ਲੋਕਾਂ ਦੀਆਂ ਜਾਨਾਂ ਬਚਾ ਰਹੀ ਹੈ, ਸਗੋਂ ਉਨ੍ਹਾਂ ਦੇ ਇਲਾਜ ਦਾ ਆਰਥਿਕ ਬੋਝ ਵੀ ਘਟਾ ਰਹੀ ਹੈ। ਇਹ ਬੱਚੀ 9 ਜੂਨ 2026 ਨੂੰ ਨਵਾਂਸ਼ਹਿਰ ਦੇ ਸ਼ਿਵ ਸ਼ੰਕਰ ਮੁਹੱਲਾ ਨਿਵਾਸੀ ਸੂਰਜ ਅਤੇ ਉਨ੍ਹਾਂ ਦੀ ਪਤਨੀ ਦੇ ਘਰ ਜਨਮੀ ਸੀ। ਜਨਮ ਤੋਂ ਤੁਰੰਤ ਬਾਅਦ ਫੇਫੜੇ ਪੂਰੀ ਤਰ੍ਹਾਂ ਵਿਕਸਤ ਨਾ ਹੋਣ ਕਾਰਨ ਉਸ ਨੂੰ ਸਾਹ ਲੈਣ ਵਿੱਚ ਗੰਭੀਰ ਸਮੱਸਿਆ ਆ ਗਈ। ਡਾਕਟਰਾਂ ਨੇ ਤੁਰੰਤ ਉਸ ਨੂੰ ਐਨਆਈਸੀਯੂ ਵਿੱਚ ਦਾਖ਼ਲ ਕਰਕੇ ਵੈਂਟੀਲੇਟਰ 'ਤੇ ਰੱਖਿਆ ਅਤੇ ਅਗਲੇ 50 ਦਿਨਾਂ ਤੱਕ ਉਸ ਦੀ



ਲਗਾਤਾਰ ਨਿਗਰਾਨੀ ਅਤੇ ਇਲਾਜ ਕੀਤਾ। ਆਪਣੀ ਮੈਡੀਕਲ ਟੀਮ ਨਾਲ ਮਿਲ ਕੇ ਬੱਚੀ ਦਾ ਇਲਾਜ ਕਰਨ ਵਾਲੇ ਡਾ. ਹਰਤੇਸ਼ ਸਿੰਘ ਪਾਹਵਾ ਨੇ ਦੱਸਿਆ ਕਿ ਇੰਨੀ ਘੱਟ ਗਰਭ ਅਵਧੀ ਵਿੱਚ ਜਨਮ ਲੈਣ ਵਾਲੇ ਬੱਚੇ ਬਹੁਤ ਨਾਜ਼ੁਕ ਹੁੰਦੇ ਹਨ ਅਤੇ ਉਨ੍ਹਾਂ ਨੂੰ ਚੌਵੀ ਘੰਟੇ ਵਿਸ਼ੇਸ਼ ਡਾਕਟਰੀ ਦੇਖਭਾਲ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ, "ਉੱਨਤ ਨਿਓਨੇਟਲ ਇਲਾਜ, ਉਚਿਤ ਪੋਸ਼ਣ, ਇਨਫੈਕਸ਼ਨ ਕੰਟਰੋਲ ਅਤੇ ਲਗਾਤਾਰ ਨਿਗਰਾਨੀ ਦੀ ਬਦੌਲਤ ਬੱਚੀ ਦੀ ਹਾਲਤ ਹੌਲੀ-ਹੌਲੀ ਸੁਧਰਦੀ ਗਈ ਅਤੇ ਆਖ਼ਰਕਾਰ ਉਸ ਨੂੰ ਸਿਹਤਮੰਦ ਹਾਲਤ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਗਭਗ 3 ਲੱਖ ਰੁਪਏ ਦੇ ਪੂਰੇ ਇਲਾਜ ਦਾ ਖ਼ਰਚ ਚੁੱਕਿਆ ਗਿਆ, ਜਿਸ ਨਾਲ ਪਰਿਵਾਰ ਹਸਪਤਾਲ ਦੇ ਬਿਲਾਂ ਦੀ ਚਿੰਤਾ ਕਰਨ ਦੀ ਬਜਾਏ ਆਪਣੀ ਧੀ ਦੇ ਠੀਕ ਹੋਣ 'ਤੇ ਧਿਆਨ ਦੇ ਸਕਿਆ। ਆਪਣੀਆਂ ਭਾਵਨਾਵਾਂ ਸਾਂਝੀਆਂ ਕਰਦਿਆਂ ਬੱਚੀ ਦੇ ਪਿਤਾ ਸੂਰਜ ਨੇ ਕਿਹਾ ਕਿ ਉਨ੍ਹਾਂ ਦੇ ਪਰਿਵਾਰ ਲਈ ਇੰਨੀ ਵੱਡੀ ਰਕਮ ਦਾ ਪ੍ਰਬੰਧ ਕਰਨਾ ਅਸੰਭਵ ਸੀ। ਉਨ੍ਹਾਂ ਕਿਹਾ, "ਕਈ ਅਜਿਹੇ ਪਲ ਆਏ ਜਦੋਂ ਸਾਨੂੰ ਲੱਗਾ ਕਿ ਅਸੀਂ ਆਪਣੀ ਧੀ ਨੂੰ ਗੁਆ ਬੈਠਾਂਗੇ। ਡਾਕਟਰਾਂ ਨੇ ਸਾਨੂੰ ਉਮੀਦ ਦਿੱਤੀ ਅਤੇ ਸਰਕਾਰ ਦੀ ਇਸ ਯੋਜਨਾ ਨੇ ਸਾਨੂੰ ਕਦੇ ਵੀ ਪੈਸਿਆਂ ਦੀ ਚਿੰਤਾ ਨਹੀਂ ਕਰਨ ਦਿੱਤੀ। ਅੱਜ ਅਸੀਂ ਆਪਣੀ ਧੀ ਨੂੰ ਘਰ ਲੈ ਕੇ ਜਾ ਰਹੇ ਹਾਂ ਕਿਉਂਕਿ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ, ਪੰਜਾਬ ਸਰਕਾਰ ਸਾਡੇ ਸਭ ਤੋਂ ਔਖੇ ਸਮੇਂ ਵਿੱਚ ਸਾਡੇ ਨਾਲ ਖੜ੍ਹੀ ਰਹੀ। ਰਾਜ ਸਿਹਤ ਏਜੰਸੀ (ਐਸਐਚਏ), ਪੰਜਾਬ ਵੱਲੋਂ ਸਾਂਝੇ ਕੀਤੇ ਗਏ ਅੰਕੜਿਆਂ ਅਨੁਸਾਰ, ਇਸ ਯੋਜਨਾ ਤਹਿਤ ਹੁਣ ਤੱਕ ਉੱਚ-ਜ਼ੋਖਮ ਵਾਲੀਆਂ ਗਰਭ ਅਵਸਥਾਵਾਂ ਨਾਲ ਸਬੰਧਤ 474 ਮਾਂਵਾਂ ਨੂੰ ਵੀ ਲਾਭ ਮਿਲਿਆ ਹੈ। ਇਨ੍ਹਾਂ ਵਿੱਚ ਮਾਂ ਅਤੇ ਗਰਭ ਵਿੱਚ ਪਲ ਰਹੇ ਬੱਚੇ ਨਾਲ ਸਬੰਧਤ ਗੰਭੀਰ ਹਾਲਾਤ, ਸਮੇਂ ਤੋਂ ਪਹਿਲਾਂ ਜਣੇਪੇ ਦੇ 70 ਮਾਮਲੇ, ਗੰਭੀਰ ਖ਼ੂਨ ਦੀ ਕਮੀ ਦੇ 45 ਮਾਮਲੇ, ਗੰਭੀਰ ਪ੍ਰੀ-ਇਕਲੈਂਪਸੀਆ/ਇਕਲੈਂਪਸੀਆ ਦੇ 19 ਮਾਮਲੇ ਅਤੇ ਭਰੂਣ ਦੀਆਂ ਗੰਭੀਰ ਜਨਮਜਾਤ ਵਿਕਾਰਾਂ ਦੇ ਦੋ ਮਾਮਲੇ ਸ਼ਾਮਲ ਹਨ। ਇਹ ਅੰਕੜੇ ਦਰਸਾਉਂਦੇ ਹਨ ਕਿ ਸਰਕਾਰ ਸਮੇਂ ਸਿਰ ਕੈਸ਼ਲੈੱਸ ਇਲਾਜ ਮੁਹੱਈਆ ਕਰਵਾ ਕੇ ਮਾਂਵਾਂ ਅਤੇ ਨਵਜੰਮੇ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੂਰੀ ਤਰਾਂ ਵਚਨਬੱਧ ਹੈ।

# ਭਾਜਪਾ ਵੱਲੋਂ ਹਲਕਾ ਆਤਮ ਨਗਰ ਤੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਰਸੂਖ ਰੱਖਣ ਵਾਲਾ ਸਿੱਖ ਚਿਹਰਾ ਹੋ ਸਕਦੈ ਉਮੀਦਵਾਰ

## ਹਲਕਾ ਆਤਮ ਨਗਰ ਤੋਂ ਅਮਰਜੀਤ ਸਿੰਘ ਟਿੱਕਾ ਸਭ ਤੋਂ ਪ੍ਰਭਾਵਸ਼ਾਲੀ

**ਲੁਧਿਆਣਾ/ਰਵੀ ਭਾਟੀਆ**

ਲੋਕ ਸਭਾ ਦੀਆਂ 2024 ਵਿੱਚ ਹੋਈਆਂ ਪਿਛਲੀਆਂ ਚੋਣਾਂ ਵਿੱਚ ਇੱਕਲਿਆਂ ਲੜਦਿਆਂ ਭਾਜਪਾ ਪੰਜਾਬ ਦੇ 117 ਹਲਕਿਆਂ ਵਿੱਚੋਂ 33 ਉਪਰ ਪਹਿਲੇ ਸਥਾਨ 'ਤੇ ਰਹੀ ਅਤੇ ਹੁਣ ਭਾਜਪਾ ਪੰਜਾਬ ਵਿਚ ਬਿਨਾ ਕਿਸੇ ਸਹਾਰੇ ਦੇ ਇੱਕਲਿਆਂ ਚੋਣ ਲੜਨ ਬਾਰੇ ਸਪਸ਼ਟ ਸੰਕੇਤ ਦੇ ਚੁੱਕੀ ਹੈ। ਗੱਲ ਲੁਧਿਆਣਾ ਦੀ ਕਰੀਏ ਤਾਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਟਿਕਟ 'ਤੇ ਰਵਨੀਤ ਸਿੰਘ ਬਿੱਟੂ ਤਕਰੀਬਨ 20500 ਵੋਟਾਂ ਦੇ ਫਰਕ ਨਾਲ ਦੂਜੇ ਨੰਬਰ 'ਤੇ ਰਹੇ। ਜਿਸ ਵਿੱਚ ਭਾਜਪਾ ਹਲਕਾ ਆਤਮ ਨਗਰ ਵਿੱਚ ਦੂਜੇ ਨੰਬਰ 'ਤੇ ਰਹੀ ਅਤੇ ਠੀਕ ਸਥਿਤੀ ਵਿੱਚ ਰਹੀ। ਹੁਣ ਨਵੀਂ ਰਣਨੀਤੀ ਤਹਿਤ ਭਾਜਪਾ ਆਤਮ ਨਗਰ ਵਿਧਾਨ ਸਭਾ ਹਲਕਾ ਆਪਣੇ ਨਾਮ ਕਰਨ ਲਈ ਕਮਰਕੱਸਾ ਕਰਨ ਲਈ ਤਿਆਰ ਹੈ। ਇਸਦੇ ਲਈ ਭਾਜਪਾ ਇਸ ਹਲਕੇ ਤੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਰਸੂਖ ਰੱਖਣ ਵਾਲੇ ਸਿੱਖ ਚਿਹਰੇ ਨੂੰ ਉਤਾਰ ਸਕਦੀ ਹੈ। ਸਿਆਸੀ ਮਾਹਿਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਭਾਜਪਾ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਟਿੱਕਾ, ਗੁਰਦੀਪ ਸਿੰਘ ਗੋਸ਼ਾ, ਅਤੇ ਸਾਬਕਾ ਐਮਪੀ ਅਮਰੀਕ ਸਿੰਘ ਅਲੀਵਾਲ ਇਸ ਹਲਕੇ ਤੋਂ ਭਾਜਪਾ



ਵੱਲੋਂ ਚੋਣ ਲੜਨ ਦੀ ਦੌੜ ਵਿੱਚ ਹਨ। ਭਾਜਪਾ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਟਿੱਕਾ ਦੀ ਇਸ ਹਲਕੇ ਤੋਂ ਸਥਿਤੀ ਜ਼ਿਆਦਾ ਮਜ਼ਬੂਤ ਦਿਖਾਈ ਦਿੰਦੀ ਹੈ ਅਤੇ ਅਗਲੀ ਚੋਣ ਲੜਣ ਦੀ ਗੱਲ ਕੀਤੀ ਜਾਵੇ ਤਾਂ ਭਾਜਪਾ ਦੀ ਕਾਰਜਕਾਰਨੀ ਦੇ ਮੈਂਬਰ ਅਤੇ ਸੀਨੀਅਰ ਲੀਡਰ, ਸਾਬਕਾ ਚੇਅਰਮੈਨ ਪੰਜਾਬ ਸਰਕਾਰ ਹਨ ਤੇ ਉੱਘੇ ਸਮਾਜ ਸੇਵੀ ਮਾਡਲ ਟਾਊਨ ਡਿਵੈਲਪਮੈਂਟ ਵੈਲਫੇਅਰ ਕੌਂਸਲ ਦੇ ਪ੍ਰਧਾਨ ਹੋਣ ਦੇ ਨਾਲ ਨਾਲ ਸ: ਅਮਰਜੀਤ ਸਿੰਘ ਟਿੱਕਾ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਟਰੱਸਟ ਦੇ ਟਰੱਸਟੀ ਵੀ ਹਨ। ਸੇਵਾ ਭਾਵ ਦੀ ਗੱਲ ਕਰੀਏ ਤਾਂ ਸ: ਟਿੱਕਾ ਕਈ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਹੋਏ ਹਨ ਜਿਨ੍ਹਾਂ ਵੱਲੋਂ ਲੋੜਵੰਦਾਂ ਨੂੰ ਰਾਸ਼ਨ ਵੰਡ ਅਤੇ ਲੋੜਵੰਦ ਬੱਚੀਆਂ ਦੇ ਵਿਆਹ ਅਤੇ ਸਕੂਲੀ ਵਿਦਿਆਰਥੀਆਂ ਦੀਆਂ ਫੀਸਾਂ ਦੇਣ ਵਾਲੀਆਂ ਸੰਸਥਾਵਾਂ ਵਿੱਚ ਸੇਵਾ ਕਰਦੇ ਹਨ ਅਤੇ ਹਿੰਦੂ, ਸ਼ਹਿਰੀ ਸਿੱਖ, ਰਾਮਗੜ੍ਹੀਆ ਭਾਈਚਾਰਾ, ਐੱਸ.ਸੀ. ਸਮਾਜ ਅਤੇ ਹੋਰ ਬੀ.ਸੀ. ਸਮਾਜ ਵਿੱਚ ਚੰਗੀ ਪੈਠ ਰੱਖਦੇ ਹਨ। ਹਰਿਆਣਾ ਦੇ ਮੌਜੂਦਾ ਮੁੱਖ ਮੰਤਰੀ ਦੇ ਨਾਲ ਅਮਰਜੀਤ ਸਿੰਘ ਟਿੱਕਾ ਦੇ ਪਰਿਵਾਰਿਕ ਸਬੰਧ ਵੀ ਨੇ ਜੋ ਅਮਰਜੀਤ ਸਿੰਘ ਟਿੱਕਾ ਦੀ ਹਾਈ ਕਮਾਂਡ ਕੋਲ ਹਾਮੀ ਭਰਦੇ ਹਨ। ਹਲਕਾ ਆਤਮ ਨਗਰ ਤੋਂ ਭਾਜਪਾ ਅਮਰਜੀਤ ਸਿੰਘ ਟਿੱਕਾ 'ਤੇ ਦਾਅ ਖੇਡ ਸਕਦੀ ਹੈ। ਦੂਜੇ ਪਾਸੇ ਗੱਲ ਕਰੀਏ ਗੁਰਦੀਪ ਸਿੰਘ ਗੋਸ਼ਾ ਦੀ ਤਾਂ ਉਹ ਭਾਜਪਾ ਦੇ ਮੀਡੀਆ ਪੈਨਲਿਸਟ ਅਤੇ ਨੌਜਵਾਨ ਆਗੂ ਹੋਣ ਦੇ ਨਾਲ ਨਾਲ ਸ਼ਹਿਰ ਦੀਆਂ ਸਮਾਜਿਕ ਗਤੀਵਿਧੀਆਂ ਵਿੱਚ ਹਮੇਸ਼ਾਂ ਹੀ ਮੀਡੀਆ ਦੀਆਂ ਸੁਰਖੀਆਂ ਵਿੱਚ ਰਹਿੰਦੇ ਹਨ। ਉਨ੍ਹਾਂ ਦੀ ਸਿੱਖ, ਹਿੰਦੂ, ਪੂਰਵਾਂਚਲੀ ਸਮਾਜ, ਰਾਮਗੜ੍ਹੀਆ ਭਾਈਚਾਰਾ, ਅਤੇ ਐੱਸਸੀ ਬੀਸੀ ਭਾਈਚਾਰੇ ਵਿੱਚ ਚੰਗੀ ਪਕੜ ਹੈ। ਤੀਜੇ ਸਿੱਖ ਸੰਭਾਵਿਤ ਉਮੀਦਵਾਰ ਅਮਰੀਕ ਸਿੰਘ ਆਲੀਵਾਲ ਸਾਬਕਾ ਮੈਂਬਰ ਪਾਰਲੀਮੈਂਟ ਹਨ ਜੋ ਕਿ ਇਹਨਾਂ ਹਲਕਿਆਂ ਤੋਂ ਹੀ ਭਾਜਪਾ ਟਿਕਟ ਤੇ ਜ਼ੋਰ ਅਜਮਾਇਸ਼ ਕਰ ਰਹੇ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਪਾਰਟੀ ਇਹਨਾਂ ਆਗੂਆਂ ਵਿੱਚੋਂ ਕਿਸਨੂੰ ਟਿਕਟ ਦਿੰਦੀ ਹੈ ਅਤੇ ਜਿੱਤ ਦਾ ਪਰਚਮ ਲਹਿਰਾਉਣ ਲਈ ਪਾਰਟੀ ਦੀ ਟੇਕ ਕਿਸਦੇ ਉਪਰ ਟਿਕਦੀ ਹੈ।

# ਪੰਜਾਬ ਸਰਕਾਰ ਪ੍ਰਾਈਵੇਟ ਸਕੂਲਾਂ ਦੀਆਂ ਫ਼ੀਸਾਂ ਨੂੰ ਪੱਕੇ ਤੌਰ 'ਤੇ ਨਿਯਮਤ ਕਰਨ ਲਈ ਵਿਧਾਨ ਸਭਾ 'ਚ ਲਿਆਏਗੀ ਬਿੱਲ

**ਚੰਡੀਗੜ੍ਹ** : ਪੰਜਾਬ ਸਰਕਾਰ 13 ਜੁਲਾਈ, 2026 ਤੋਂ ਲਾਗੂ ਆਰਡੀਨੈਂਸ ਨੂੰ ਪੱਕੀ ਕਾਨੂੰਨੀ ਮਾਨਤਾ ਦੇਣ ਲਈ ਪੰਜਾਬ ਵਿਧਾਨ ਸਭਾ ਦੇ ਮਾਨਸੂਨ ਇਜਲਾਸ ਦੌਰਾਨ 'ਦਿ ਪੰਜਾਬ ਰੈਗੂਲੇਸ਼ਨ ਆਫ਼ ਫ਼ੀ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ, 2026' ਪੇਸ਼ ਕੀਤਾ ਜਾਵੇਗਾ। ਇਹ ਬਿੱਲ ਪ੍ਰਾਈਵੇਟ ਸਕੂਲਾਂ ਦੇ ਫ਼ੀਸ ਢਾਂਚੇ ਨੂੰ ਸਖ਼ਤੀ ਨਾਲ ਨਿਯਮਤ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮਨਮਾਨੇ ਢੰਗ ਨਾਲ ਫ਼ੀਸਾਂ 'ਚ ਵਾਧੇ ਦੇ ਬੋਝ ਤੋਂ ਸੁਰੱਖਿਆ ਪ੍ਰਦਾਨ ਕਰੇਗਾ। ਸਰਕਾਰ ਮੁਤਾਬਕ ਪੰਜਾਬ ਦੇ 7,800 ਤੋਂ ਵੱਧ ਪ੍ਰਾਈਵੇਟ ਸਕੂਲਾਂ 'ਚ ਪੜ੍ਹ ਰਹੇ 32 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਇਸ ਫੈਸਲੇ ਦਾ ਲਾਭ ਹੋਵੇਗਾ। ਮਾਨ ਸਰਕਾਰ ਮੁਤਾਬਕ ਸਾਲਾਨਾ ਫੀਸ ਵਾਧੇ 'ਤੇ ਸਖ਼ਤ ਪਾਬੰਦੀ ਲਗਾਈ ਹੈ, ਇਕੱਠੀਆਂ ਕੀਤੀਆਂ ਗਈਆਂ ਵਾਧੂ ਫੀਸਾਂ ਦੀ ਵਾਪਸੀ ਨੂੰ ਲਾਜ਼ਮੀ ਕੀਤਾ ਗਿਆ ਹੈ। ਅਧਿਕਾਰੀਆਂ ਨੂੰ ਸਕੂਲ ਖਾਤਿਆਂ ਦਾ ਫੋਰੈਂਸਿਕ ਆਡਿਟ ਕਰਨ ਲਈ ਅਧਿਕਾਰ ਦਿੱਤੇ ਹਨ, ਜੋ ਸਿਰਫ਼ ਕਾਗਜ਼ੀ ਨਿਰਦੇਸ਼ਾਂ ਦੀ ਬਜਾਏ ਅਸਲ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਂਦੇ ਹਨ। ਨਿੱਜੀ ਸਕੂਲ ਹੁਣ ਸਾਲਾਨਾ 5 ਫੀਸਦੀ ਤੋਂ ਵੱਧ ਫੀਸਾਂ ਨਹੀਂ ਵਧਾ ਸਕਣਗੇ। ਇਸ ਸੀਮਾ ਤੋਂ ਵੱਧ ਕਿਸੇ ਵੀ ਫੀਸ ਵਾਧੇ ਲਈ ਜ਼ਿਲ੍ਹਾ ਰੈਗੂਲੇਟਰੀ ਸੰਸਥਾ ਤੋਂ ਪਹਿਲਾਂ ਲਿਖਤੀ ਇਜਾਜ਼ਤ ਦੀ ਲੋੜ ਹੋਵੇਗੀ, ਜੋ ਸਕੂਲ ਦੇ ਵਿੱਤੀ ਰਿਕਾਰਡਾਂ ਦੀ ਜਾਂਚ ਕਰਨ ਤੋਂ ਬਾਅਦ ਹੀ ਦਿੱਤੀ ਜਾਵੇਗੀ। ਜੇਕਰ ਪਿਛਲੇ ਤਿੰਨ ਸਾਲਾਂ ਵਿੱਚ ਕਿਸੇ ਸਕੂਲ ਦੀ ਕੁੱਲ ਫੀਸ ਵਾਧਾ 15 ਫੀਸਦੀ ਤੋਂ ਵੱਧ ਜਾਂਦਾ ਹੈ, ਤਾਂ ਇਕੱਠੀ ਕੀਤੀ ਗਈ ਵਾਧੂ ਰਕਮ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਾਪਸ ਕਰ ਦਿੱਤੀ ਜਾਵੇਗੀ। ਫੀਸ ਵਾਧੇ ਦੀ ਸੀਮਾ ਦੀ ਗਣਨਾ ਕਰਦੇ ਸਮੇਂ ਸਾਰੀਆਂ ਲਾਜ਼ਮੀ ਫੀਸਾਂ ਇਕੱਠੀਆਂ ਕੀਤੀਆਂ ਜਾਣਗੀਆਂ, ਜਿਸ ਨਾਲ ਸਕੂਲਾਂ ਨੂੰ ਵੱਖ-ਵੱਖ ਸਿਰਾਂ ਹੇਠ ਫੀਸਾਂ ਵੰਡ ਕੇ ਨਿਰਧਾਰਤ ਸੀਮਾ ਤੋਂ ਵੱਧ ਜਾਣ ਤੋਂ ਰੋਕਿਆ ਜਾਵੇਗਾ। ਇਹ ਕਾਨੂੰਨ ਕਿਸੇ ਵੀ ਰੂਪ ਵਿੱਚ ਮੁਨਾਫ਼ਾਖੋਰੀ ਅਤੇ ਕੈਪੀਟੇਸ਼ਨ ਫੀਸਾਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਂਦਾ ਹੈ। ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ, ਹਰੇਕ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਇੱਕ ਜ਼ਿਲ੍ਹਾ ਰੈਗੂਲੇਟਰੀ ਬਾਡੀ ਬਣਾਈ ਗਈ ਹੈ। ਹਰੇਕ ਪ੍ਰਾਈਵੇਟ ਸਕੂਲ ਨੂੰ ਇੱਕ ਨਿਰਧਾਰਤ ਸਮੇਂ ਦੇ ਅੰਦਰ ਸਿੱਖਿਆ ਵਿਭਾਗ ਦੇ ਔਨਲਾਈਨ ਪੋਰਟਲ 'ਤੇ ਪਿਛਲੇ ਚਾਰ ਸਾਲਾਂ ਦੇ ਫੀਸ ਰਿਕਾਰਡ ਅਪਲੋਡ ਕਰਨ ਦੀ ਲੋੜ ਹੁੰਦੀ ਹੈ। ਰੈਗੂਲੇਟਰੀ ਬਾਡੀ ਨੂੰ ਆਪਣੇ ਆਪ ਜਾਂ ਮਾਪਿਆਂ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ ਸਕੂਲ ਖਾਤਿਆਂ ਦਾ ਫੋਰੈਂਸਿਕ ਆਡਿਟ ਕਰਨ ਦਾ ਅਧਿਕਾਰ ਹੈ। ਮਾਪਿਆਂ ਜਾਂ ਵਿਦਿਆਰਥੀਆਂ ਦੁਆਰਾ



ਦਾਇਰ ਸ਼ਿਕਾਇਤਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਇੱਕ ਨਿਰਧਾਰਤ ਸਮੇਂ ਦੇ ਅੰਦਰ ਫੈਸਲਾ ਲਿਆ ਜਾਵੇਗਾ, ਜਿਸ ਤੋਂ ਬਾਅਦ ਸਬੰਧਤ ਸਕੂਲ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਵੇਗਾ। ਇਹ ਕਾਨੂੰਨ ਸਖ਼ਤ ਜੁਰਮਾਨਿਆਂ ਦੀ ਵਿਵਸਥਾ ਕਰਦਾ ਹੈ। ਪਹਿਲੀ ਉਲੰਘਣਾ ਲਈ ?50,000 ਦਾ ਜੁਰਮਾਨਾ ਲਗਾਇਆ ਜਾਵੇਗਾ, ਜਦੋਂ ਕਿ ਦੂਜੀ ਉਲੰਘਣਾ ਲਈ ?1 ਲੱਖ ਦਾ ਜੁਰਮਾਨਾ ਲਗਾਇਆ ਜਾਵੇਗਾ। ਵਾਰ-ਵਾਰ ਉਲੰਘਣਾਵਾਂ ਦੇ ਨਤੀਜੇ ਵਜੋਂ ਕਾਨੂੰਨੀ ਕਾਰਵਾਈ ਹੋ ਸਕਦੀ ਹੈ ਅਤੇ ਸਕੂਲ ਦੀ ਮਾਨਤਾ ਜਾਂ ਮਾਨਤਾ ਰੱਦ ਕੀਤੀ ਜਾ ਸਕਦੀ ਹੈ। ਵਿਦਿਆਰਥੀਆਂ ਅਤੇ ਮਾਪਿਆਂ ਲਈ ਸਥਾਈ ਕਾਨੂੰਨੀ ਸੁਰੱਖਿਆ ਪਾਸ ਹੋਣ ਤੋਂ ਬਾਅਦ, ਇਹ ਬਿੱਲ ਮੌਜੂਦਾ ਆਰਡੀਨੈਂਸ ਨੂੰ ਪੰਜਾਬ ਵਿਧਾਨ ਸਭਾ ਦੇ ਸਥਾਈ ਕਾਨੂੰਨ ਵਿੱਚ ਬਦਲ ਦੇਵੇਗਾ। ਪੰਜਾਬ ਸਰਕਾਰ ਨੇ ਪਹਿਲਾਂ ਹੀ ਪ੍ਰਾਈਵੇਟ ਸਕੂਲਾਂ ਤੋਂ ਫੀਸ ਰਿਕਾਰਡ ਇਕੱਠੇ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ ਅਤੇ ਇਨ੍ਹਾਂ ਰਿਕਾਰਡਾਂ ਦੀ ਜਾਂਚ ਕਰ ਰਹੀ ਹੈ। ਹੁਣ ਤੱਕ 6,500 ਤੋਂ ਵੱਧ ਸਕੂਲਾਂ ਨੇ ਆਪਣੇ ਰਿਕਾਰਡ ਜਮ?ਹਾਂ ਕਰਵਾਏ ਹਨ। ਜਾਂਚ ਪੂਰੀ ਹੋਣ ਤੋਂ ਬਾਅਦ, ਵਿਦਿਆਰਥੀਆਂ ਅਤੇ ਮਾਪਿਆਂ ਤੋਂ ਇਕੱਠੀ ਕੀਤੀ ਗਈ ਵਾਧੂ ਫੀਸ ਵਾਪਸ ਕਰਨ ਦੇ ਆਦੇਸ਼ ਜਲਦੀ ਹੀ ਜਾਰੀ ਕੀਤੇ ਜਾਣਗੇ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਪੰਜਾਬ ਨੇ ਦੇਸ਼ ਦੇ ਸਭ ਤੋਂ ਸਖ਼ਤ ਪ੍ਰਾਈਵੇਟ ਸਕੂਲ ਫੀਸ ਨਿਯਮਨ ਢਾਂਚੇ ਵਿੱਚੋਂ ਇੱਕ ਲਾਗੂ ਕੀਤਾ ਹੈ, ਸਿਰਫ਼ ਕਾਗਜ਼ੀ ਦਿਸ਼ਾ-ਨਿਰਦੇਸ਼ ਹੀ ਨਹੀਂ ਸਗੋਂ ਅਸਲ ਵਿੱਚ ਲਾਗੂ ਕੀਤੇ ਗਏ ਹਨ, ਜਿਸ ਵਿੱਚ ਫੀਸ ਵਾਧੇ 'ਤੇ ਸਖ਼ਤ ਸੀਮਾਵਾਂ, ਲਾਜ਼ਮੀ ਰਿਫੰਡ ਅਤੇ ਫੋਰੈਂਸਿਕ ਆਡਿਟ ਸ਼ਾਮਲ ਹਨ। ਇਸ ਸੁਧਾਰ ਤੋਂ 32 ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਲਾਭ ਹੋਵੇਗਾ। ਇਹ ਆਰਡੀਨੈਂਸ 13 ਜੁਲਾਈ, 2026 ਤੋਂ ਲਾਗੂ ਹੈ, ਭਾਵ ਸਕੂਲ ਪਹਿਲਾਂ ਹੀ 5 ਫੀਸਦੀ ਫੀਸ ਵਾਧੇ ਦੀ ਸੀਮਾ ਅਤੇ ਰਿਫੰਡ ਸ਼ਰਤਾਂ ਨਾਲ ਬੱਝੇ ਹੋਏ ਹਨ। ਮਾਪਿਆਂ ਨੂੰ ਬਿੱਲ ਦੇ ਪਾਸ ਹੋਣ ਦੀ ਉਡੀਕ ਕਰਨ ਦੀ ਲੋੜ ਨਹੀਂ ਹੈ। ਇੱਕ ਵਾਰ ਪੰਜਾਬ ਵਿਧਾਨ ਸਭਾ ਦੁਆਰਾ ਪਾਸ ਹੋਣ ਤੋਂ ਬਾਅਦ, ਇਹ ਬਿੱਲ ਆਰਡੀਨੈਂਸ ਨੂੰ ਸਥਾਈ ਕਾਨੂੰਨੀ ਸ਼ਕਤੀ ਦੇਵੇਗਾ।

●----- ਸਫ਼ਾ 1 ਦਾ ਬਾਕੀ -----●

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੁਧਿਆਣਾ...

ਮੂੰਹੋਂ ਬੋਲਦੀ ਤਸਵੀਰ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਤੋਂ, ਰਾਜ ਸਰਕਾਰ ਨੇ ਅਧਿਆਪਕ ਸਿਖਲਾਈ, ਆਧੁਨਿਕ ਅਧਿਆਪਨ ਵਿਧੀਆਂ ਅਤੇ ਸਮਾਰਟ ਕਲਾਸਰੂਮਾਂ 'ਤੇ ਧਿਆਨ ਕੇਂਦਰਿਤ ਕੀਤਾ ਹੈ ਅਤੇ ਅੱਜ ਪੰਜਾਬ ਸਿਖਰ 'ਤੇ ਹੈ। ਜ਼ਿਕਰਯੋਗ ਹੈ ਕਿ ਪਹਿਲੋਂ ਕੇਰਲਾ ਸਿਖਰਲਾ ਸਥਾਨ ਰੱਖਦਾ ਸੀ, ਪਰ ਹੁਣ ਪੰਜਾਬ ਨੇ ਵੱਡੇ ਫਰਕ ਨਾਲ ਪਹਿਲੇ ਸਥਾਨ ਦਾ ਦਾਅਵਾ ਕੀਤਾ ਹੈ। ਆਉਣ ਵਾਲੇ ਸਮੇਂ ਵਿੱਚ ਅਜਿਹੇ ਹੋਰ ਯਤਨ ਕੀਤੇ ਜਾਣਗੇ। ਸਿੱਖਿਆ ਉਹ ਚਾਨਣ ਹੈ ਜੋ ਹਨੇਰੇ ਨੂੰ ਦੂਰ ਕਰਕੇ ਦੁਨੀਆ ਨੂੰ ਰੌਸ਼ਨ ਕਰਦੀ ਹੈ, ਅਤੇ ਇਸ ਲਈ ਸੂਬਾ ਸਰਕਾਰ ਸਿੱਖਿਆ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ।"

ਉਨ੍ਹਾਂ ਕਿਹਾ, "ਸਾਡੀ ਸਰਕਾਰ ਇਸ ਗੱਲ 'ਤੇ ਦ੍ਰਿੜ ਵਿਸ਼ਵਾਸ ਰੱਖਦੀ ਹੈ ਕਿ ਹਰ ਬੱਚਾ, ਭਾਵੇਂ ਉਹ ਕਿਸੇ ਵੀ ਆਰਥਿਕ ਪਿਛੋਕੜ ਨਾਲ ਸਬੰਧਤ ਹੋਵੇ, ਮਿਆਰੀ ਸਿੱਖਿਆ ਦਾ ਹੱਕਦਾਰ ਹੈ। ਸਿੱਖਿਆ ਖੇਤਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਸਰਕਾਰ ਦੀਆਂ ਪਹਿਲਕਦਮੀਆਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਵੀ ਕਿਸੇ ਹੋਰਨਾਂ ਦੇ ਬਰਾਬਰ ਮੌਕੇ ਮਿਲਣ। ਸਿੱਖਿਆ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਸ਼ਕਤ ਬਣਾਉਣ ਅਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਸਭ ਤੋਂ ਮਜ਼ਬੂਤ ਤੇ ਅਹਿਮ ਸਾਧਨ ਹੈ ਅਤੇ ਸੂਬਾ ਸਰਕਾਰ ਇਸ ਖੇਤਰ ਨੂੰ ਮਜ਼ਬੂਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੁਧਿਆਣਾ ਵਿੱਚ, 155 ਵਿਦਿਆਰਥੀਆਂ ਨੇ ਜੇਈਈ ਅਤੇ ਨੀਟ ਪ੍ਰੀਖਿਆਵਾਂ ਪਾਸ ਕੀਤੀਆਂ ਹਨ, ਜਦੋਂ ਕਿ 47 ਵਿਦਿਆਰਥੀਆਂ ਨੇ ਪੰਜਾਬ ਰਾਜ ਪ੍ਰਤਿਭਾ ਖੋਜ ਪ੍ਰੀਖਿਆ ਪਾਸ ਕੀਤੀ ਹੈ। ਪਿਛਲੇ ਸਾਲ ਲੁਧਿਆਣਾ ਦੇ 201 ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਰਾਸ਼ਟਰੀ ਪੱਧਰ 'ਤੇ ਜ਼ਿਲ੍ਹੇ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਨੇ ਸੱਤ ਸੋਨੇ ਦੇ ਤਮਗਿਆਂ ਸਮੇਤ ਕੁੱਲ 25 ਤਮਗੇ ਜਿੱਤੇ, ਜਿਸ ਨਾਲ ਜ਼ਿਲ੍ਹੇ ਅਤੇ ਸੂਬੇ ਦਾ ਮਾਣ ਵਧਿਆ।"

ਇਸ ਤੋਂ ਪਹਿਲਾਂ ਮਲਿਕਾ ਸਿੰਘ, ਕੇਸ਼ਵ ਕੁਮਾਰ, ਰਾਹੁਲ, ਏਸ਼ਪ੍ਰੀਤ ਕੌਰ, ਅਕਸ਼, ਸੌਰਭ, ਆਰਾਧਨਾ, ਜਸ਼ਦੀਪ ਕੌਰ, ਲਵੀ ਅਤੇ ਹੋਰ ਵਿਦਿਆਰਥੀਆਂ ਨੇ ਸਿੱਖਿਆ ਖੇਤਰ ਨੂੰ ਹੁਲਾਰਾ ਦੇਣ ਲਈ ਲੀਹੋਂ ਹਟਵੀਆਂ ਪਹਿਲਕਦਮੀਆਂ ਕਰਨ ਲਈ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਵੀ ਮੌਜੂਦ ਸਨ।

## ਪੰਜਾਬ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ ਅੱਜ ਤੋਂ

6 ਅਗਸਤ ਨੂੰ ਗੈਰ-ਸਰਕਾਰੀ ਕੰਮਕਾਜ ਅਤੇ 8 ਅਤੇ 9 ਅਗਸਤ ਨੂੰ ਛੁੱਟੀਆਂ ਹੋਣਗੀਆਂ ।

ਸੈਸ਼ਨ ਦੌਰਾਨ, ਸਰਕਾਰ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਨੂੰ ਨਿਯਮਤ ਕਰਨ ਦੇ ਉਦੇਸ਼ ਨਾਲ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ, 2026 ਪੇਸ਼ ਕਰੇਗੀ।

## ਹਵਾਈ ਅੱਡਿਆਂ ਤੋਂ ਇੱਕ ਹਫ਼ਤੇ 'ਚ 11...

ਕਸਟਮ ਵਿਭਾਗ ਦੇ ਅਨੁਸਾਰ, ਹਾਲ ਹੀ ਵਿੱਚ ਹੋਈਆਂ ਜ਼ਬਤੀਆਂ ਤੋਂ ਪਤਾ ਚੱਲਦਾ ਹੈ ਕਿ ਸੰਗਠਿਤ ਅੰਤਰਰਾਸ਼ਟਰੀ ਸੋਨੇ ਦੀ ਤਸਕਰੀ ਦੇ ਨੈੱਟਵਰਕ ਸੋਨੇ ਨੂੰ ਛੁਪਾਉਣ ਲਈ ਬਹੁਤ ਹੀ ਉੱਨਤ ਤਰੀਕਿਆਂ ਦੀ ਵਰਤੋਂ ਕਰ ਰਹੇ ਹਨ। ਟੀ.ਟੀ. ਜੂ ਨੇ ਕਿਹਾ ਕਿ ਤਸਕਰੀ ਦੇ ਇਨ੍ਹਾਂ ਨਵੇਂ ਤਰੀਕਿਆਂ ਦਾ ਮੁਕਾਬਲਾ ਕਰਨ ਲਈ, ਕੇਰਲ ਵਿੱਚ ਕਸਟਮ ਯੂਨਿਟਾਂ ਨੇ ਯਾਤਰੀ ਪ੍ਰੋਫਾਈਲਿੰਗ, ਖੁਫੀਆ ਜਾਣਕਾਰੀ ਇਕੱਠੀ ਕਰਨ ਅਤੇ ਵੱਖ-ਵੱਖ ਏਜੰਸੀਆਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕੀਤਾ ਹੈ। ਕਮਿਸ਼ਨਰ ਨੇ ਕਿਹਾ ਕਿ ਸੰਗਠਿਤ ਤਸਕਰੀ ਗਤੀਵਿਧੀਆਂ ਵਿੱਚ ਸ਼ਾਮਲ ਗਿਰੋਹਾਂ ਅਤੇ ਉਨ੍ਹਾਂ ਦੇ ਵਿੱਤਦਾਤਾਵਾਂ ਦੀ ਪਛਾਣ ਕਰਨ ਲਈ ਜਾਂਚ ਜਾਰੀ ਹੈ।

## ਪਾਕਿਸਤਾਨ 'ਚ ਵੀ ਬਣੀ 'ਕਾਕਰੋਚ ਪਾਰਟੀ'

ਰਾਜਨੀਤਿਕ ਅਤੇ ਸਮਾਜਿਕ ਹਲਕਿਆਂ ਵਿੱਚ ਬਹਿਸ ਛੇੜ ਦਿੱਤੀ ਹੈ। ਸਮੂਹ ਦਾ ਕਹਿਣਾ ਹੈ ਕਿ ਇਸਦਾ ਉਦੇਸ਼ ਦੇਸ਼ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਬਿਹਤਰ ਸ਼ਾਸਨ ਨੂੰ ਉਤਸ਼ਾਹਿਤ ਕਰਨਾ ਹੈ। ਹਾਲਾਂਕਿ, ਇਹ ਸਪੱਸ਼ਟ ਨਹੀਂ ਹੈ ਕਿ ਇਹ ਮੁਹਿੰਮ ਭਵਿੱਖ ਵਿੱਚ ਇੱਕ ਰਸਮੀ ਰਾਜਨੀਤਿਕ ਪਾਰਟੀ ਵਿੱਚ ਵਿਕਸਤ ਹੋਵੇਗੀ ਜਾਂ ਸਿਰਫ਼ ਇੱਕ ਸਮਾਜਿਕ ਲਹਿਰ ਵਜੋਂ ਕੰਮ ਕਰੇਗੀ। ਸਮੂਹ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਜੋ ਮੁੱਖ ਮੁੱਦੇ ਉਠਾਏ ਹਨ ਉਨ੍ਹਾਂ ਵਿੱਚ ਆਰਥਿਕ ਸਥਿਰਤਾ, ਰਾਜਨੀਤਿਕ ਸੁਧਾਰ, ਗੁਣਵੱਤਾ ਵਾਲੀ ਸਿੱਖਿਆ, ਊਰਜਾ ਸੰਕਟ ਦੇ ਹੱਲ ਅਤੇ ਪਾਣੀ ਦੀ ਕਮੀ ਸ਼ਾਮਲ ਹਨ।

ਮੁਹਿੰਮ ਆਮ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਦੀਆਂ ਇੱਛਾਵਾਂ ਅਤੇ ਚਿੰਤਾਵਾਂ ਨੂੰ ਉਜਾਗਰ ਕਰਨ ਦਾ ਦਾਅਵਾ ਕਰਦੀ ਹੈ। ਸਮੂਹ ਦਾ ਨਾਅਰਾ ਹੈ: "ਪਾਕਿਸਤਾਨ ਉੱਥੋਂ ਦੇ ਰਹਿਣ ਵਾਲੇ ਲੋਕਾਂ ਦਾ ਹੈ, ਭ੍ਰਿਸ਼ਟ ਮਾਫੀਆਵਾਂ ਦਾ ਨਹੀਂ"। ਇਸ ਸੰਦੇਸ਼ ਰਾਹੀਂ, ਮੁਹਿੰਮ ਸ਼ਾਸਨ ਵਿੱਚ ਸੁਧਾਰਾਂ ਅਤੇ ਜਵਾਬਦੇਹੀ ਦੀ ਮੰਗ ਕਰ ਰਹੀ ਹੈ। ਇੰਸਟਾਗ੍ਰਾਮ 'ਤੇ ਉਪਲਬਧ ਜਾਣਕਾਰੀ ਦੇ ਅਨੁਸਾਰ, ਮੁਹਿੰਮ ਦਾ ਅਧਿਕਾਰਤ ਖਾਤਾ ਮਈ 2026 ਵਿੱਚ ਬਣਾਇਆ ਗਿਆ ਸੀ। ਕੁਝ ਮਹੀਨਿਆਂ ਦੇ ਅੰਦਰ ਇਸ ਦੇ ਫਾਲੋਅਰਜ਼ 1.12 ਲੱਖ ਤੋਂ ਵੱਧ ਹੋ ਗਏ ਹਨ।

## ਮਰੀਕਾ ਵੱਲੋਂ 50 ਦੇਸ਼ਾਂ ਲਈ ਅੱਜ ਤੋਂ ਨਵੇਂ...

ਦਿੱਤਾ ਗਿਆ ਹੈ। ਇਸ ਫੈਸਲੇ ਨੂੰ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਸਖ਼ਤ ਇਮੀਗ੍ਰੇਸ਼ਨ ਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ।

ਪਹਿਲਾਂ ਇਸ ਸਕੀਮ ਤਹਿਤ 5,000 ਡਾਲਰ, 10,000 ਡਾਲਰ ਅਤੇ 15,000 ਡਾਲਰ ਦੇ ਬਾਂਡ ਸਵੀਕਾਰ ਕੀਤੇ ਜਾਂਦੇ ਸਨ। ਹੁਣ 5,000 ਡਾਲਰ ਦਾ ਵਿਕਲਪ ਹਟਾ ਦਿੱਤਾ ਗਿਆ ਹੈ ਅਤੇ ਵੱਧ ਤੋਂ ਵੱਧ ਰਕਮ 20,000 ਡਾਲਰ ਕਰ ਦਿੱਤੀ ਗਈ ਹੈ। ਅਮਰੀਕੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਨਿਯਮ ਲੋਕਾਂ ਨੂੰ ਵੀਜ਼ਾ ਜ਼ਰੂਰਤਾਂ ਦੀ ਪਾਲਣਾ ਕਰਨ ਲਈ ਉਤਸ਼ਾਹਿਤ ਕਰੇਗਾ ਅਤੇ ਉਨ੍ਹਾਂ ਨੂੰ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ 'ਤੇ ਵੱਧ ਸਮੇਂ ਲਈ ਠਹਿਰਨ ਤੋਂ ਰੋਕੇਗਾ।

ਹਾਲਾਂਕਿ ਇਮੀਗ੍ਰੇਸ਼ਨ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਨਾਲ ਕਾਰੋਬਾਰ ਜਾਂ ਸੈਰ-ਸਪਾਟੇ ਲਈ ਅਮਰੀਕਾ ਦੀ ਯਾਤਰਾ ਕਰਨ ਵਾਲੇ ਬਹੁਤ ਸਾਰੇ ਅਸਲੀ ਯਾਤਰੀਆਂ 'ਤੇ ਵਿੱਤੀ ਬੋਝ ਵਧ ਸਕਦਾ ਹੈ।

## ਸ਼ੇਰ-ਏ-ਪੰਜਾਬ ਟੀ-20 ਲੀਗ ਦੀ ਸ਼ਾਨਦਾਰ...

ਮੰਚ ਪ੍ਰਦਾਨ ਕਰਨਾ ਹੈ। ਮੀਤ ਹੇਅਰ ਨੇ ਅੱਗੇ ਕਿਹਾ ਇਹ ਲੀਗ ਨੌਜਵਾਨ ਕ੍ਰਿਕਟਰਾਂ ਨੂੰ ਅੰਤਰਰਾਸ਼ਟਰੀ ਸਟਾਰਾਂ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਆਪਣੇ ਕਰੀਅਰ ਵਿੱਚ ਅਗਲਾ ਕਦਮ ਚੁੱਕਣ ਲਈ ਢੁਕਵਾਂ ਮੰਚ ਪ੍ਰਦਾਨ ਕਰੇਗੀ। ਅਸੀਂ ਸਾਰੇ ਖਿਡਾਰੀਆਂ, ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਇਸ ਪਹਿਲਕਦਮੀ ਨਾਲ ਜੁੜੇ ਹਰ ਵਿਅਕਤੀ ਦੇ ਧੰਨਵਾਦੀ ਹਾਂ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਇਹ ਲੀਗ ਇੱਕ ਸ਼ਾਨਦਾਰ ਤੇ ਸਫ਼ਲ ਪਹਿਲ ਸਾਬਤ ਹੋਵੇਗੀ। ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਨੇ ਕਿਹਾ ਸ਼ੇਰ-ਏ-ਪੰਜਾਬ ਟੀ-20 ਲੀਗ ਸਾਡੇ ਸੂਬੇ ਦੇ ਨੌਜਵਾਨ ਕ੍ਰਿਕਟਰਾਂ ਲਈ ਇੱਕ ਸ਼ਾਨਦਾਰ ਮੰਚ ਹੈ ਅਤੇ ਅਸੀਂ ਇਸ ਸੁਪਨੇ ਨੂੰ ਸਾਕਾਰ ਕਰਨ ਵਿੱਚ ਨਿਰੰਤਰ ਸਹਿਯੋਗ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਧੰਨਵਾਦੀ ਹਾਂ। ਇਹ ਲੀਗ ਉਭਰਦੇ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਸਟਾਰਾਂ ਨਾਲ ਡਰੈਸਿੰਗ ਰੂਮ ਸਾਂਝਾ ਕਰਨ, ਵੱਡੇ ਮੰਚ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਆਪਣੇ ਕ੍ਰਿਕਟ ਸਫਰ ਵਿੱਚ ਅੱਗੇ ਵਧਣ ਦਾ ਮੌਕਾ ਦੇਵੇਗੀ। ਅਸੀਂ ਸਾਰੇ ਖਿਡਾਰੀਆਂ, ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਇਸ ਨਾਲ ਜੁੜੇ ਹਰ ਵਿਅਕਤੀ ਦਾ ਧੰਨਵਾਦ ਕਰਦੇ ਹਾਂ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਸ਼ੇਰ-ਏ-ਪੰਜਾਬ ਟੀ-20 ਲੀਗ ਵਧੇਰੇ ਸਫ਼ਲ ਪਹਿਲ ਸਾਬਤ ਹੋਣ ਦੇ ਨਾਲ-ਨਾਲ ਪੰਜਾਬ ਕ੍ਰਿਕਟ ਦੇ ਭਵਿੱਖ ਨੂੰ ਸੰਵਾਰਨ ਅਤੇ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਮੌਕੇ ਪੀਸੀਏ ਵੱਲੋਂ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ, ਪ੍ਰਧਾਨ ਅਮਰਜੀਤ ਮਹਿਤਾ, ਮੀਤ ਪ੍ਰਧਾਨ ਦੀਪਕ ਬਾਲੀ, ਖਜਾਨਚੀ ਸੁਨੀਲ ਗੁਪਤਾ ਤੇ ਜੁਆਇੰਟ ਸਕੱਤਰ ਸਿਧਾਂਤ ਸ਼ਰਮਾ ਵੱਲੋਂ ਫਰੈਂਚਾਇਜ਼ੀ ਮਾਲਕਾਂ ਤੇ ਕ੍ਰਿਕਟਰਾਂ ਦਾ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਲੀਗ ਦਾ ਉਦੇਸ਼ ਸੂਬੇ ਦੇ ਨੌਜਵਾਨ ਕ੍ਰਿਕਟਰਾਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨਾ ਹੈ, ਜਿਸ ਦੌਰਾਨ ਉਹ ਭਾਰਤ ਦੇ ਪ੍ਰਮੁੱਖ ਖਿਡਾਰੀਆਂ ਨਾਲ ਡਰੈਸਿੰਗ ਰੂਮ ਵੀ ਸਾਂਝਾ ਕਰਨਗੇ। ਪੰਜਾਬ ਪਿਛਲੇ ਸਾਲਾਂ ਦੌਰਾਨ ਭਾਰਤੀ ਕ੍ਰਿਕਟ ਵਿੱਚ ਸਭ ਤੋਂ ਵੱਡਾ ਯੋਗਦਾਨ ਪਾਉਣ ਵਾਲਿਆਂ ਵਿੱਚੋਂ ਇੱਕ ਰਿਹਾ ਹੈ ਅਤੇ ਸ਼ੇਰ-ਏ-ਪੰਜਾਬ ਟੀ-20 ਲੀਗ ਤੋਂ ਸੂਬੇ ਦੇ ਕ੍ਰਿਕਟ ਈਕੋਸਿਸਟਮ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ। ਸ਼ੇਰ-ਏ-ਪੰਜਾਬ ਟੀ-20 ਲੀਗ ਦੀ ਨਿਲਾਮੀ 9 ਅਗਸਤ ਨੂੰ ਹੋਵੇਗੀ, ਜਿਸ ਵਿੱਚ ਅੰਮ੍ਰਿਤਸਰ, ਫਾਜ਼ਿਲਕਾ, ਜਲੰਧਰ, ਲੁਧਿਆਣਾ, ਮੋਹਾਲੀ ਅਤੇ ਬਠਿੰਡਾ ਦੀਆਂ ਛੇ ਫਰੈਂਚਾਈਜ਼ੀਆਂ ਆਪਣੀਆਂ ਟੀਮਾਂ ਦੀ ਚੋਣ ਕਰਨਗੀਆਂ। ਹਰ ਫਰੈਂਚਾਈਜ਼ੀ ਖਿਡਾਰੀਆਂ ਉੱਪਰ ਕੁੱਲ 45 ਲੱਖ ਰੁਪਏ ਖਰਚ ਕਰ ਸਕੇਗੀ। ਉਹ ਵੱਧ ਤੋਂ ਵੱਧ 20 ਖਿਡਾਰੀਆਂ ਨੂੰ ਆਪਣੀ ਟੀਮ ਵਿੱਚ ਸ਼ਾਮਲ ਕਰ ਸਕੇਗੀ। ਮਾਰਕੀ ਖਿਡਾਰੀ ਦੀ ਕੀਮਤ 10 ਲੱਖ ਰੁਪਏ ਤੈਅ ਕੀਤੀ ਗਈ ਹੈ, ਜਦਕਿ ਆਈਕਨ ਖਿਡਾਰੀ ਦੀ ਬੇਸ ਕੀਮਤ 1.50 ਲੱਖ ਰੁਪਏ ਹੈ। ਇਸ ਤੋਂ ਇਲਾਵਾ ਪੰਜਾਬ ਦੇ ਫਸਟ ਕਲਾਸ, ਅੰਡਰ-23, ਅੰਡਰ-19 ਅਤੇ ਜ਼ਿਲ੍ਹਾ ਪੱਧਰ ਦੇ ਖਿਡਾਰੀਆਂ ਲਈ ਵੀ ਵੱਖ-ਵੱਖ ਬੇਸ ਕੀਮਤ ਨਿਰਧਾਰਤ ਕੀਤੀ ਗਈ ਹੈ।

## ਨੌਜਵਾਨਾਂ ਦਾ ਮਾਨਸਿਕ ਤੇ ਸਰੀਰਕ ਤੌਰ 'ਤੇ...

ਹੋ ਜਾਵੇ ਅਤੇ ਵਿਅਕਤੀ ਸਹੀ-ਗਲਤ ਦਾ ਭੇਦ ਭੁੱਲ ਜਾਵੇ, ਉਹ ਉਸ ਨੂੰ ਪਤਨ ਵੱਲ ਲੈ ਜਾਂਦਾ ਹੈ । ਉਨ੍ਹਾਂ ਕਿਹਾ ਕਿ ਸਾਡੀ ਸੱਭਿਆਚਾਰਕ ਵਿਰਾਸਤ ਸਿਰਫ਼ ਨਸ਼ੇ ਤੋਂ ਬਚਣ ਦੀ ਸਿੱਖਿਆ ਹੀ ਨਹੀਂ ਦਿੰਦੀ, ਸਗੋਂ ਇਸ ਤੋਂ ਬਾਹਰ ਨਿਕਲਣ ਦਾ ਰਸਤਾ ਵੀ ਦਿਖਾਉਂਦੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਸ਼ੇ ਦੀ ਗ੍ਰਿਫ਼ਤ 'ਚ ਆਏ ਨੌਜਵਾਨਾਂ ਨਾਲ ਨਫ਼ਰਤ ਨਹੀਂ, ਸਗੋਂ ਉਨ੍ਹਾਂ ਨੂੰ ਅਪਣਾ ਕੇ ਇਲਾਜ ਅਤੇ ਸਲਾਹ ਰਾਹੀਂ ਆਮ ਜੀਵਨ ਵਿੱਚ ਵਾਪਸ ਲਿਆਉਣ ਦੀ ਲੋੜ ਹੈ। ਮਾਪਿਆਂ, ਅਧਿਆਪਕਾਂ, ਸਮਾਜਿਕ ਅਤੇ ਧਾਰਮਿਕ ਸੰਗਠਨਾਂ ਨੂੰ ਇਸ ਮੁਹਿੰਮ ਨੂੰ ਜਨ-ਭਾਗੀਦਾਰੀ ਦਾ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਪੀ.ਐੱਮ. ਨੇ ਕਿਹਾ ਕਿ ਕਾਲਜਾਂ ਅਤੇ ਯੂਨੀਵਰਸਿਟੀਆਂ 'ਚ ਵੀ ਵਿਦਿਆਰਥੀਆਂ ਨੂੰ ਡਰੱਗਜ਼ ਦੇ ਮਾੜੇ ਪ੍ਰਭਾਵਾਂ ਪ੍ਰਤੀ ਲਗਾਤਾਰ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ। ਪ੍ਰੋਗਰਾਮ ਤੋਂ ਬਾਅਦ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਅੱਜ ਦੇਸ਼ 'ਚ ਇੱਕ ਵੱਡੇ ਜਨ-ਅੰਦੋਲਨ ਦੀ ਸ਼ੁਰੂਆਤ ਹੋਈ ਹੈ। ਖੇਡ ਮੰਤਰਾਲੇ, ਯੁਵਾ ਪ੍ਰੋਗਰਾਮ ਵਿਭਾਗ ਅਤੇ ਮਾਈ ਭਾਰਤ ਨੇ ਮਿਲ ਕੇ ਨੌਜਵਾਨਾਂ ਨੂੰ ਇਸ ਮੁਹਿੰਮ ਨਾਲ ਜੋੜਨ ਦਾ ਯਤਨ ਕੀਤਾ ਹੈ। ਮੋਦੀ ਨੇ ਕਿਹਾ "ਅੱਜ ਲਿਆ ਗਿਆ ਸੰਕਲਪ ਆਉਣ ਵਾਲੇ 100 ਹਫ਼ਤਿਆਂ ਤੱਕ ਇਸੇ ਤਰ੍ਹਾਂ ਅੱਗੇ ਵਧੇਗਾ। ਹਰ ਐਤਵਾਰ ਨੂੰ ਕਲਾ, ਸੱਭਿਆਚਾਰ, ਖੇਡਾਂ, ਧਿਆਨ, ਅਧਿਆਤਮਿਕਤਾ ਅਤੇ ਸੇਵਾ ਨਾਲ ਜੁੜੀਆਂ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ। ਨਸ਼ਾ ਛੁਡਾਉਣ ਦਾ ਸੁਨੇਹਾ ਨਵੇਂ ਲੋਕਾਂ ਤੱਕ ਪਹੁੰਚੇਗਾ।" ਉਨ੍ਹਾਂ ਅੱਗੇ ਕਿਹਾ "ਆਉਣ ਵਾਲੇ 100 ਐਤਵਾਰ ਨਸ਼ਾ ਮੁਕਤ ਭਾਰਤ ਵੱਲ 100 ਮਜ਼ਬੂਤ ਕਦਮ ਹੋਣਗੇ।" ਰਾਸ਼ਟਰਮੰਡਲ ਖੇਡਾਂ ਵਿੱਚ ਭਾਰਤੀ ਖਿਡਾਰੀਆਂ ਦੇ ਪ੍ਰਦਰਸ਼ਨ ਦਾ ਉਲੇਖ ਕਰਦਿਆਂ ਕਟਾਰੀਆ ਨੇ ਕਿਹਾ ਕਿ ਖੇਡੋ ਇੰਡੀਆ ਅਭਿਆਨ ਤੋਂ ਬਾਅਦ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਮਿਲੀਆਂ ਹਨ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ । ਚੰਡੀਗੜ੍ਹ ਦੇ ਜੂਡੋ ਖਿਡਾਰੀ ਈਸ਼ਰੂਪ ਨਾਰੰਗ ਸਮੇਤ ਸਾਰੇ ਭਾਰਤੀ ਖਿਡਾਰੀਆਂ ਦੇ ਬਿਹਤਰ ਪ੍ਰਦਰਸ਼ਨ ਦੀ ਉਮੀਦ ਪ੍ਰਗਟ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਉਹ ਧਰਤੀ ਹੈ ਜਿਸ ਨੇ ਦੇਸ਼ ਨੂੰ ਪ੍ਰਤਿਭਾਸ਼ਾਲੀ ਖਿਡਾਰੀ ਦਿੱਤੇ ਹਨ।



ਸਰਕਾਰੀ ਸਕੂਲ ਲੋਹਾਰਾ ਦੇ ਉਦਘਾਟਨੀ ਸਮਾਰੋਹ ਵਿੱਚ ਸ਼ਿਰਕਤ ਸਮੇਂ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਨਾਲ। ਜੀਐਸਟੀ ਵਿਭਾਗ ਦੇ ਟਰੇਡ ਵਿੰਗ ਮੈਂਬਰ ਮੋਨੂੰ ਰੁਪਾਲ। **(ਜ਼ਿਕਰ ਤਸਵੀਰ)**

# ਫਤਿਹਜੰਗ ਸਿੰਘ ਬਾਜਵਾ ਨੇ ਨਿਤਿਨ ਨਬੀਨ ਨਾਲ ਕੀਤੀ ਮੁਲਾਕਾਤ

**ਨਵੀਂ ਦਿੱਲੀ** : ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨਾਲ ਭਾਜਪਾ ਆਗੂ ਫਤਿਹਜੰਗ ਸਿੰਘ ਬਾਜਵਾ ਨੇ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਇੱਕ ਅਰਥਪੂਰਨ ਮੁਲਾਕਾਤ ਹੋਈ, ਜਿਸ ਦੌਰਾਨ ਪੰਜਾਬ ਅਤੇ ਭਾਰਤ ਦੇ ਭਵਿੱਖ ਲਈ ਸਾਂਝੇ ਵਿਜ਼ਨ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਫਤਿਹਜੰਗ ਸਿੰਘ ਬਾਜਵਾ ਨੇ ਕਿਹਾ ਕਿ ਅਸੀਂ ਪੰਜਾਬ ਨੂੰ ਮੁੜ ਖੁਸ਼ਹਾਲੀ, ਉੱਦਮੀ ਸੋਚ ਅਤੇ ਮੌਕਿਆਂ ਦੀ ਧਰਤੀ ਵਜੋਂ ਉਸ ਦਾ ਹੱਕਦਾਰ ਸਥਾਨ ਦਿਵਾਉਣ ਲਈ ਰੋਡਮੈਪ 'ਤੇ ਵਿਚਾਰ-ਵਟਾਂਦਰਾ ਕੀਤਾ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਭਾਰਤ ਨੂੰ ਇੱਕ ਵਿਸ਼ਵ ਸ਼ਕਤੀ ਅਤੇ ਵਿਕਸਿਤ ਭਾਰਤ ਬਣਾਉਣ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਦੀ ਭੂਮਿਕਾ 'ਤੇ ਵੀ ਗੱਲਬਾਤ ਹੋਈ। ਪੰਜਾਬ ਨੇ ਹਮੇਸ਼ਾ ਖੇਤੀਬਾੜੀ, ਉਦਯੋਗ, ਰਾਸ਼ਟਰੀ ਸੁਰੱਖਿਆ ਅਤੇ ਸੇਵਾ-ਭਾਵਨਾ ਦੇ ਖੇਤਰ ਵਿੱਚ ਦੇਸ਼ ਦੀ ਅਗਵਾਈ ਕੀਤੀ ਹੈ । ਸਹੀ ਅਗਵਾਈ, ਦੂਰਦਰਸ਼ੀ ਨੀਤੀਆਂ ਅਤੇ ਸਾਂਝੇ ਸੰਕਲਪ ਨਾਲ ਪੰਜਾਬ ਇੱਕ ਵਾਰ ਫਿਰ ਆਪਣੀ ਪੁਰਾਣੀ ਸ਼ਾਨ ਨੂੰ ਹਾਸਲ ਕਰ ਸਕਦਾ ਹੈ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਇੱਕ ਮਜ਼ਬੂਤ ਅਤੇ ਆਪਣਾ ਅਹਿਮ ਯੋਗਦਾਨ ਪਾ ਸਕਦਾ ਹੈ।

# ਸ਼੍ਰੋਮਣੀ ਲਿਖਾਰੀ ਬੋਰਡ ਦੀ ਮਹੀਨਾਵਾਰ ਸਾਹਿਤਕ ਮਿਲਣੀ ਸਾਵਣ ਮਹੀਨੇ ਅਤੇ ਊਧਮ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ ਰਹੀ

**ਲੁਧਿਆਣਾ/ਭਾਟੀਆ**

ਸ਼੍ਰੋਮਣੀ ਲਿਖਾਰੀ ਬੋਰਡ (ਰਜਿ.) ਦੀ ਮਹੀਨਾਵਾਰ ਸਾਹਿਤਕ ਮਿਲਣੀ ਇਸ ਵਾਰ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਅਤੇ ਸਾਵਣ ਮਹੀਨੇ ਨੂੰ ਸਮਰਪਿਤ ਰਹੀ । ਬੋਰਡ ਦੇ ਪ੍ਰਧਾਨ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਹੇਠ ਕਲ੍ਹ ਦੇਰ ਸ਼ਾਮ ਸਥਾਨਕ ਗਿਲ ਰੋਡ ਸਥਿਤ ਕੈਰੀਅਰ ਕਾਲਜ ਦੇ ਦਫਤਰ ਵਿਖੇ ਹੋਈ ਇਸ ਮਿਲਣੀ ਦੌਰਾਨ ਹਾਜ਼ਰ ਸਾਹਿਤਕਾਰਾਂ, ਗੀਤਕਾਰਾਂ, ਗਾਇਕਾਂ ਕਵੀਆਂ/ਕਵਿੱਤਰੀਆਂ ਆਦਿ ਨੇ ਆਪਣੇ ਆਪਣੇ ਅੰਦਾਜ਼ ਵਿਚ ਖੂਬ ਸਾਹਿਤਕ ਰੰਗ ਬੰਨ੍ਹੇ ।ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਆਏ ਮਹਿਮਾਨਾਂ ਦਾ ਸੁਆਗਤ ਕਰਨ ਉਪਰੰਤ ਪੰਜਾਬ ਦੇ ਪੁਰਾਤਨ ਬਹਾਦਰ ਸੂਰਬੀਰਾਂ ਦੇ ਇਤਿਹਾਸ ਬਾਰੇ ਕਈ ਨਵੇਂ ਤੱਥ ਪੇਸ਼ ਕਰਦਿਆਂ ਵਿਸਥਾਰਤ ਚਾਨਣਾ ਪਾਇਆ । ਮੰਚ ਦਾ ਸੰਚਾਲਨ ਕਰਦਿਆਂ ਬੋਰਡ ਦੇ ਜ. ਸਕੱਤਰ ਪ੍ਰਮਿੰਦਰ ਸਿੰਘ ਅਲਬੇਲਾ ਨੇ ਆਪਣੇ ਨਵੇਂ ਗੀਤ 'ਤੇਰੇ ਰੰਗ ਨਿਆਰੇ ਨੇ' ਨਾਲ ਸਾਹਿਤਕ ਮਿਲਣੀ ਦਾ ਆਗਾਜ਼ ਕੀਤਾ। ਗ਼ਜ਼ਲ-ਗੋ ਤੇ ਗਾਇਕ ਜੋਰਾਵਰ ਸਿੰਘ ਪੰਛੀ ਨੇ 'ਚੜ੍ਹਿ ਆ ਸਾਵਣ ਪਿੱਪਲੀ ਪੀਘਾਂ' ਗੀਤ ਗਾਇਆ ਜਦਕਿ ਸੁਰੀਲੀ ਤੇ ਖ਼ੂਬਸੂਰਤ ਆਵਾਜ਼ ਦੇ ਮਾਲਕ ਗੁਰਮੀਤ ਸਿੰਘ ਨੇ 'ਕਦੇ ਕਿਸੇ ਨੂੰ ਕੁਝ ਨਹੀਂ ਕਹਿਣਾ ਚਾਹੀਦਾ' ਗੀਤ ਗਾ ਕੇ ਖੂਬ ਸਮਾਂ ਬੰਨ੍ਹ?ਆ। ਉੱਘੇ ਪੰਥਕ ਕਵੀ ਅਤੇ ਪਾਲੀਟੈਕਨੀਕਲ ਕਾਲਜ ਰਿਸ਼ੀ ਨਗਰ ਵਿਚ ਕਾਰਜਸ਼ੀਲ ਦੀਪ ਸਿੰਘ ਨੇ ਧਰਮਾਂ ਦੇ ਨਾਂਅ ਤੇ ਹੁੰਦੀ ਲੜਾਈ ਤੇ ਤੰਨਜ਼ ਕਸਦੀ ਕਵਿਤਾ ਪੜ੍ਹੀ ਜਿਸ ਦੀ ਭਰਪੂਰ ਸ਼ਲਾਘਾ ਹੋਈ। ਗੀਤਕਾਰ ਸਖਬੀਰ ਸੰਧੇ ਨੇ 'ਕਿੱਕਰਾਂ ਦੀ ਛਾਂ ਹੇਠ' ਜਜ਼ਬਾਤੀ ਕਵਿਤਾ ਬੋਲੀ ਤਾਂ ਸਭ ਦਾ ਗੱਚ ਭਰ ਆਇਆ। ਪ੍ਰਸਿੱਧ ਕਵਿੱਤਰੀ ਦੀ ਲੁਧਿਆਣਵੀ ਵਲੋਂ 'ਤੀਆਂ ਦਾ ਤਿਉਹਾਰ



ਮਨਾਉਂਦੀਆਂ ਕੁੜੀਆਂ' ਰਾਹੀਂ ਪੰਜਾਬੀ ਸੱਭਿਆਚਾਰ ਨੂੰ ਬੜੇ ਖੂਬਸੂਰਤ ਅੰਦਾਜ਼ ਵਿਚ ਪੇਸ਼ ਕੀਤਾ ਗਿਆ। ਬੁਲੰਦ ਆਵਾਜ਼ ਦੇ ਮਾਲਕ ਗਾਇਕ ਜਗਦੇਵ ਸਿੰਘ ਜੱਗਾ ਜਮਾਲਪੁਰੀ ਨੇ ਉੱਚੀ ਸੁਰ ਵਿੱਚ 'ਊਧਮ ਸਿੰਘ ਸਰਦਾਰ ਕੋਈ ਉਠਿਆ ਪੰਜਾਬੀ ਮਹਾਨ ਸੂਰਮਾ' ਵਾਲਾ ਦੇਸ਼ ਭਗਤੀ ਦਾ ਜੋਸ਼ੀਲਾ ਗੀਤ ਪੇਸ਼ ਕੀਤਾ। ਗ਼ਜ਼ਲ ਗਾਇਕ ਮੀਤ ਪਾਣੀਪਤ ਨੇ ਹਰਿਆਣਾਵੀ ਅੰਦਾਜ਼ ਵਿਚ 'ਕਾਲੀ ਘਨਘੋਰ ਘਟਾ ਮੇਂ ਤੇਰੀ ਯਾਦ ਸਤਾਵੈ' ਗਾ ਕੇ ਖੂਬ ਵਾਹਵਾ ਬਟੋਰੀ। ਵਿਲੱਖਣ ਪੇਸ਼ਕਾਰੀ ਲਈ ਜਾਣੀ ਜਾਂਦੀ ਸ਼ਾਇਰਾ ਕੁਲਵਿੰਦਰ ਕੌਰ ਕਿਰਨ ਨੇ 'ਕਿੰਨੇ ਹੀ ਰੰਗ ਜ਼ਿੰਦਗੀ ਦੇ ਦਿਖਾਏ ਸਾਵਣ' ਕਵਿਤਾ ਪੜ੍ਹੀ। ਸਾਹਿਤਕ ਅਤੇ ਧਾਰਮਿਕ ਸਮਾਗਮਾਂ ਵਿੱਚ ਹਰ ਵੇਲੇ ਸਰਗਰਮ ਰਹਿਣ ਵਾਲੀ ਕਵਿੱਤਰੀ ਜਸਵਿੰਦਰ ਕੌਰ ਜੱਸੀ ਨੇ 'ਕਾਲੀਆਂ ਘਟਾਵਾਂ ਚੜ੍ਹ ਆਈਆਂ ਅੰਬਰਾਂ ਤੇ' ਕਵਿਤਾ ਸੁਣਾਈ। ਗ਼ਜ਼ਲ ਗੋ ਹਰਦੀਪ ਸਿੰਘ ਬਿਰਦੀ ਨੇ 'ਤੁਹਾਡੇ ਨਾਲ ਰਹਿ ਕੇ ਮੁਹੱਬਤ ਹੋ ਗਿਆ ਹਾਂ' ਪੜ੍ਹੀ ਤਾਂ ਮਹੌਲ ਖ਼ੁਸ਼ਗਵਾਰ ਹੋ ਗਿਆ। ਕੁੱਜੇ ਵਿਚ ਸਮੁੰਦਰ ਬੰਦ ਕਰਨ ਵਾਲੇ ਕਹਾਣੀਕਾਰ ਪੰਮੀ ਹਬੀਬ ਨੇ 'ਤਿੰਨ ਬੱਚਿਆਂ ਦੀ ਮਾਂ ਪ੍ਰੇਮੀ ਨਾਲ ਫਰਾਰ' ਵਿਅੰਗਮਈ ਸ਼ੈਲੀ ਵਿਚ ਮਿੰਨੀ ਕਹਾਣੀ ਸੁਣਾਈ। ਨਾਰੀ ਸ਼ਕਤੀ ਲਈ ਮਸ਼ਹੂਰ ਸਮਾਜ ਸੇਵਕ ਸ਼ਾਇਰਾ ਸਿਮਰਨ ਧੁੱਗਾ ਨੇ ਜ਼ਾਲਮ ਹੁਕਮਰਾਨਾਂ ਨੂੰ ਵੰਗਾਰਦੀ 'ਨਹੀਂ ਮੰਨਣੀ ਤੇਰੀ ਈਨ ਨਹੀਂ ਮੰਨਣੀ' ਰਚਨਾ ਪੇਸ਼ ਕੀਤੀ । ਸਮਾਜ ਸੁਧਾਰਕ ਕਵੀ ਭੁਪਿੰਦਰ ਸਿੰਘ ਸੈਣੀ ਵਲੋਂ 'ਰੱਬ ਦੀ ਰਜ਼ਾ ਵਿਚ ਲਿਖਣਾ ਛੱਡ ਦੇ' ਕਾਫੀ ਪ੍ਰਭਾਵਿਤ ਰਹੀ। ਮੀਤ ਪਾਣੀਪਤ ਵਲੋਂ ਗਾਏ ਅਤੇ ਚੰਨਪ੍ਰੀਤ ਸਿੰਘ ਗਿੱਲ ਦੀ ਪ੍ਰੋਡਕਸ਼ਨ ਵਲੋਂ ਤਿਆਰ ਕੀਤੇ ਨਵੇਂ ਗੀਤ ਦਾ ਪੋਸਟਰ ਹਾਜ਼ਰ ਸਾਹਿਤਕਾਰਾਂ ਵਲੋਂ ਜਾਰੀ ਕੀਤਾ ਗਿਆ।

ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ 'ਖ਼ੁਦ ਕੇ ਖ਼ੂਨ ਸੇ ਸੀਂਚਾ ਐਸਾ ਕਿ ਬੰਜਰ ਗੁਲਿਸਤਾਂ ਆਬਾਦ ਕਰ ਗਿਆ, ਫਾਂਸੀ ਕੇ ਫੰਦੇ ਮੇਂ ਐਸਾ ਕੈਦ ਹੂਆ ਕਿ ਦੇਸ਼ ਆਜ਼ਾਦ ਕਰ ਗਿਆ' ਨਾਲ ਪਹੁੰਚੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ। ਤੂਫ਼ਾਨ ਸਾਹਿਬ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ (ਰਜਿ.) ਵਲੋਂ ਵਿਜੇ ਕਲਿਆਣ ਨੇ ਸਾਹਿਤਕ ਮਿਲਣੀ ਲਈ ਸ਼ਲਾਘਾਯੋਗ ਪ੍ਰਬੰਧ ਕੀਤਾ ਹੋਇਆ ਸੀ।

**ਸੰਪਾਦਕੀ**

# ਸਹੂਲਤਾਂ ਤੋਂ ਸੱਖਣਾ ਲੁਧਿਆਣੇ ਦਾ ਬੱਸ ਅੱਡਾ

ਪੰਜਾਬ ਦਾ ਸੱਭ ਤੋਂ ਵੱਡਾ ਅੰਤਰ-ਰਾਜੀ ਬੱਸ ਅੱਡਾ ਅਮਰ ਸ਼ਹੀਦ ਸੁਖਦੇਵ ਥਾਪਰ ਆਈਐਸਬੀਟੀ ਲੁਧਿਆਣਾ ਸਫ਼ਾਈ ਪੱਖੋਂ ਕਿਸੇ ਛੋਟੇ ਸ਼ਹਿਰ ਦੇ ਬੱਸ ਅੱਡੇ ਤੋਂ ਵੀ ਮਾੜੇ ਹਾਲਾਤਾਂ ਵਿੱਚ ਹੈ। ਸਮਾਰਟ ਸਿਟੀ ਅਖਵਾਉਂਦੇ ਲੁਧਿਆਣਾ ਸ਼ਹਿਰ ਦੇ ਬੱਸ ਅੱਡੇ ਤੋਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਮੁਸਾਫ਼ਰ ਦੂਜੇ ਰਾਜਾਂ ਅਤੇ ਸੂਬੇ ਦੇ ਦੂਸਰੇ ਸ਼ਹਿਰਾਂ ਤੋਂ ਆਉਂਦੇ ਹਨ ਅਤੇ ਇੱਥੋਂ ਹੋਰਨਾਂ ਥਾਵਾਂ ਲਈ ਜਾਂਦੇ ਹਨ, ਪਰ ਮੁੱਢਲੀਆਂ ਸਹੂਲਤਾਂ ਦੀ ਘਾਟ ਅਤੇ ਇੱਥੇ ਸਫਾਈ ਦੇ ਪ੍ਰਬੰਧਾਂ ਦੀਆਂ ਖਾਮੀਆਂ, ਇਸਦੀ ਤਰਸਯੋਗ ਹਾਲਤ ਨੂੰ ਬਿਆਨ ਕਰਦੀਆਂ ਹਨ। ਇਸ ਸਮੇਂ ਨਜ਼ਰ ਆਉਂਦੀ ਮਾੜੀ-ਮੋਟੀ ਸਫ਼ਾਈ ਭਲਕੇ ਬੱਸ ਸਟੈਂਡ ਦੇ ਨਿਰੀਖਣ ਲਈ ਚੰਡੀਗੜ੍ਹ ਤੋਂ ਅਧਿਕਾਰੀਆਂ



ਦੀ ਟੀਮ ਆਉਣ ਕਾਰਨ ਹੀ ਸੰਭਵ ਹੋ ਸਕੀ ਹੈ ਵਰਨਾ ਤਾਂ ਹਾਲਤ ਬਦਤਰ ਹੀ ਹੁੰਦੀ ਹੈ। ਅੱਡੇ ਦੀ ਰੀਨੋਵੇਸ਼ਨ ਦਾ ਕੰਮ ਚੱਲ ਰਿਹਾ ਹੈ, ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਇਸ ਬੱਸ ਅੱਡੇ ਨੂੰ ਟੈਕਟਾਇਲ ਫਲੋਰਿੰਗ ਵਾਲਾ ਦਿਵਿਆਂਗ-ਅਨੁਕੂਲ ਬੱਸ ਸਟੈਂਡ ਬਣਾਇਆ ਗਿਆ ਹੈ। ਇੱਥੋਂ ਪੰਜਾਬ ਰੋਡਵੇਜ਼ ਅਤੇ ਪੀਆਰਟੀਸੀ ਦੀਆਂ ਬੱਸਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪ੍ਰਾਈਵੇਟ ਓਪਰੇਟਰਾਂ ਦੀਆਂ ਬੱਸਾਂ ਵੀ ਚਲਦੀਆਂ ਹਨ। ਭਾਵੇਂ ਰੋਜ਼ਾਨਾ ਲੱਖਾਂ ਰੁਪਏ ਦਾ ਮਾਲੀਆ ਟਿਕਟਾਂ ਦੀ ਵਿੱਕਰੀ ਤੋਂ ਇੱਕਤਰ ਹੁੰਦਾ ਹੈ, ਪਰ ਸਹੂਲਤਾਂ ਦੀ ਘਾਟ ਅਤੇ ਸਫਾਈ ਦੀ ਮਾੜੀ ਹਾਲਤ ਨੂੰ ਦੇਖ ਕੇ ਲੱਗਦਾ ਨਹੀਂ ਕਿ ਇਹ ਸੂਬੇ ਦਾ ਸੱਭ ਤੋਂ ਵੱਡਾ ਇੰਟਰ ਸਟੇਟ ਬੱਸ ਅੱਡਾ ਹੈ। ਸਫਾਈ ਦਾ ਉਚਿਤ ਪ੍ਰਬੰਧ ਕੀਤਾ ਜਾਣਾ ਬਹੁਤ ਜ਼ਰੂਰੀ ਹੈ। ਅੱਡੇ ਉਪਰ ਪੀਣ ਵਾਲੇ ਸਾਫ਼ ਪਾਣੀ ਦੀ ਘਾਟ ਤਾਂ ਰੜਕਦੀ ਹੀ ਹੈ, ਇਸ ਤੋਂ ਇਲਾਵਾ ਕਈ ਕਾਊਂਟਰਾਂ ਉਪਰ ਪੱਖੇ ਵੀ ਨਹੀਂ ਚੱਲ ਰਹੇ, ਜਿਸ ਕਾਰਨ ਸਖ਼ਤ ਗਰਮੀ ਦੇ ਮੌਸਮ ਵਿੱਚ ਮੁਸਾਫ਼ਰ ਪਸੀਨੋ-ਪਸੀਨੀ ਹੁੰਦੇ ਰਹਿੰਦੇ ਹਨ।

**- ਅਸ਼ਵਨੀ ਜੇਤਲੀ**

## 5 ਅਗਸਤ ਬੁੱਧਵਾਰ ਨੂੰ ਬਰਸੀ 'ਤੇ ਵਿਸ਼ੇਸ਼

# ਮਨੁੱਖਤਾ ਦੇ ਰਾਹ ਦਾ ਅਮਰ ਮੁਸਾਫਿਰ- ਭਗਤ ਪੂਰਨ ਸਿੰਘ ਜੀ

'ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤ ਲਾਇ' ਪਿੰਗਲਵਾੜਾ ਸੰਸਥਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਨੇ ਆਪਣਾ ਸਾਰਾ ਜੀਵਨ ਮਨੁੱਖਤਾ ਦੀ ਭਲਾਈ ਵਾਸਤੇ ਗੁਜ਼ਾਰਿਆ। ਆਪ ਗੁਰੂ ਦਰ ਘਰ ਦੇ ਸੱਚੇ ਸਿੱਖ ਸੇਵਾਦਾਰ ਸਨ। ਆਪ ਵਾਤਾਵਰਨ ਪ੍ਰੇਮੀ ਸਨ ਭਗਤ ਪੂਰਨ ਸਿੰਘ ਜੀ ਕੁਦਰਤੀ ਸੋਮਿਆਂ ਦੀ ਸਾਂਭ ਸੰਭਾਲ ਲਈ ਹਰ ਇਨਸਾਨ ਨੂੰ ਬਾਰ-ਬਾਰ ਚੇਤਾਵਨੀ ਦੇਂਦੇ ਹਨ। ਵੱਧ ਤੋਂ ਵੱਧ ਰੁੱਖ ਲਗਾਉਣ ਲਈ ਸਮਝਾਉਂਦੇ ਹਨ ਕਿ ਰੁੱਖ ਦੇਸ਼ ਦੀ ਖੁਸ਼ਹਾਲੀ ਦਾ ਅਧਾਰ ਹਨ। ਭਗਤ ਜੀ ਆਪਣੇ ਬਚਪਨ ਦੀ ਯਾਦ ਤਾਜ਼ਾ ਕਰਦੇ ਦੱਸਦੇ ਹਨ ਕਿ ਉਹਨਾਂ ਦੇ ਪਿਤਾ ਜੀ ਨੇ ਪਿੰਡ ਵਿੱਚ ਇੱਕ ਤਲਾਅ ਪੁਟਾਇਆ ਸੀ ਤੇ ਮਾਂ ਨੇ ਦੋ ਤ੍ਰਿਵੇਣੀਆ ਤੇ ਤਿੰਨ ਪਿੱਪਲਾਂ ਦੇ ਰੁੱਖ ਲਾਏ ਸਨ। ਤ੍ਰਿਵੇਣੀ ਤਿੰਨ ਰੁੱਖਾਂ ਦੀ ਹੁੰਦੀ ਹੈ- ਪਿੱਪਲ, ਬੋਹੜ ਤੇ ਨਿੰਮ। ਪਿੱਪਲ ਤੇ ਬੋਹੜ ਦੋ ਸੋ ਬੰਦਿਆਂ ਨੂੰ ਜ਼ਿੰਦਾ ਰੱਖਣ ਲਈ ਆਕਸੀਜਨ ਪੈਦਾ ਕਰ ਦਿੰਦਾ ਹੈ। ਬੋਹੜ ਦੇ ਪੱਤੇ ਸੂਰਜ ਦੀ ਧੁੱਪ ਨੂੰ ਸੋਖ ਲੈਂਦੇ ਹਨ, ਇਸ ਲਈ ਬੋਹੜ ਦੀ ਛਾਂ ਠੰਡੀ ਹੁੰਦੀ ਹੈ।

ਅੱਜ ਦੇਖਿਆ ਜਾਵੇ ਤਾਂ ਵਿਕਾਸ ਦੇ ਨਾਂ ਤੇ ਹਜ਼ਾਰਾਂ ਲੱਖਾਂ ਦਰੱਖਤਾਂ ਦੀ ਬਲੀ ਦੇ ਦਿੱਤੀ ਗਈ, ਪਰ ਉਹਨਾਂ ਕੱਟੇ ਗਏ ਦਰੱਖਤਾਂ ਦੀ ਜਗ੍ਹਾ ਨਵੇਂ ਦਰੱਖਤ ਨਹੀ ਲਾਏ ਗਏ। ਧਰਤੀ ਦਾ ਤੇਤੀ ਫੀਸਦੀ ਹਿੱਸਾ ਜੰਗਲਾਂ ਹੇਠ ਹੋਣਾ ਲਾਜ਼ਮੀ ਹੈ, ਪਰ ਇਹ ਚਾਰ ਜਾਂ ਪੰਜ ਫੀਸਦੀ ਹੀ ਰਹਿ ਗਿਆ ਹੈ, ਜੋ ਬੇਹੱਦ ਚਿੰਤਾ ਦਾ ਵਿਸ਼ਾ ਹੈ। ਦਰੱਖਤਾਂ ਦੀ ਘਾਟ ਨਾਲ ਪਾਣੀ ਦੀ ਘਾਟ ਹੋਵੇਗੀ। ਬਿਮਾਰੀਆਂ ਵੱਧਣਗੀਆ। ਦਰੱਖਤਾਂ ਦੀ ਘਾਟ ਨਾਲ ਹਵਾ, ਪਾਣੀ ਜ਼ਹਿਰੀਲਾ ਹੋ ਜਾਵੇਗਾ। ਭਗਤ ਜੀ ਕਹਿੰਦੇ ਹਨ ਕਿ ਮਸ਼ੀਨਰੀ ਦੀ ਵਰਤੋਂ ਘੱਟ ਤੋਂ ਘੱਟ ਕਰੋ, ਕਿਉਂਕਿ ਇਹ ਮਸ਼ੀਨਾਂ ਬਿਜਲੀ, ਕੋਲਾ, ਪੈਟਰੋਲ, ਡੀਜ਼ਲ ਆਦਿ ਨਾਲ ਚੱਲਦੀਆ ਹਨ ਤੇ ਚੱਲਣ ਸਮੇਂ ਜੋ ਧੂਆਂ ਪੈਦਾ ਹੁੰਦਾ ਹੈ, ਉਹ ਵਾਤਾਵਰਣ ਨੂੰ ਗੰਦਲਾ ਕਰਦਾ ਹੈ। ਰੁੱਖਾਂ ਦੀ ਘਾਟ ਹੋਣ ਕਰਕੇ ਤੇਜ਼ਾਬੀ ਵਰਖਾ ਹੋ ਸਕਦੀ ਹੈ। ਬਹੁਤ ਹੀ ਤੇਜ਼ ਹਨੇਰੀਆਂ ਚੱਲਣਗੀਆਂ ਜੋ ਅਸੀ ਅੱਜ ਵੇਖ ਰਹੇ ਕਿ ਇੰਨ੍ਹਾਂ ਹਨੇਰੀਆਂ ਨੇ ਕਿੰਨ੍ਹਾਂ ਜਾਨੀ ਤੇ ਮਾਲੀ ਨੁਕਸਾਨ ਕੀਤਾ ਹੈ। ਭਗਤ ਜੀ ਦੀ ਸਿੱਖਿਆ ਨੂੰ ਹਰ ਇਨਸਾਨ ਨੂੰ ਪੱਲੇ ਬੰਨ੍ਹ ਲੈਣਾ ਚਾਹੀਦਾ ਹੈ ਤੇ ਘੱਟੋ ਘੱਟ ਹਰ ਇਨਸਾਨ ਨੂੰ ਇੱਕ ਰੁੱਖ ਲਾ ਕੇ ਵੱਡਾ ਹੋਣ ਤੱਕ ਸਾਂਭ ਸੰਭਾਲ ਕਰਨੀ ਚਾਹੀਦੀ ਹੈ।

ਭਗਤ ਜੀ ਦਾ ਦਾ ਜਨਮ 4 ਜੂਨ 1904 ਨੂੰ ਪਿਤਾ ਲਾਲਾ ਸ਼ਿੱਬੂ ਮੱਲ ਅਤੇ ਮਾਤਾ ਮਹਿਤਾਬ ਕੌਰ ਦੀ ਕੁੱਖੋਂ ਪਿੰਡ ਰਾਜੇਵਾਲ ਤਹਿਸੀਲ ਖੰਨਾ ਜਿਲ੍ਹਾ ਲੁਧਿਆਣਾ ਵਿੱਚ ਹੋਇਆ। ਪਿਤਾ ਸ਼ਾਹੂਕਾਰਾ ਕਰਦੇ ਸਨ। ਆਪ ਦੀ ਮਾਤਾ ਧਾਰਮਿਕ ਖਿਆਲਾਂ ਵਾਲੀ ਔਰਤ ਸੀ। ਜਿਸਨੇ ਆਪ ਦੇ ਦਿਲ ਵਿੱਚ ਦਇਆ ਭਾਵਨਾ ਪੈਦਾ ਕੀਤੀ। ਆਪ ਦਾ ਬਚਪਨ ਦਾ ਨਾਂ ਰਾਮ ਜੀ ਦਾਸ ਸੀ। ਆਪ ਨੂੰ ਸਕੂਲ ਵਿੱਚ ਪੜ੍ਹਨੇ ਪਾਇਆ ਗਿਆ। ਇੱਕ ਵਕਤ ਐਸਾ ਆਇਆ ਕਿ ਕਿਸੇ ਕਾਰਨ ਕਰਕੇ ਪਿਤਾ ਦਾ ਸ਼ਾਹੂਕਾਰਾ ਖਤਮ ਹੋ ਗਿਆ। ਗਰੀਬੀ ਨੇ ਘਰ ਵਿੱਚ ਆਣ ਪੈਰ ਪਸਾਰੇ। ਪਿਤਾ ਦੀ ਮੌਤ ਤੋਂ ਬਾਅਦ ਗੁਰਬਤ ਦੀ ਜ਼ਿੰਦਗੀ ਗੁਜ਼ਾਰਦਿਆਂ ਆਪ ਦੀ ਮਾਤਾ ਨੇ ਆਪ ਦਾ ਪੜ੍ਹਨਾ ਜਾਰੀ ਰੱਖਿਆ, ਭਾਵੇਂ ਇਸ ਲਈ ਆਪ ਦੀ ਮਾਤਾ ਨੂੰ ਕਿਸੇ ਡਾ. ਦੇ ਘਰ ਭਾਡੇ ਮਾਂਜਣ ਦੀ ਨੌਕਰੀ ਹੀ ਕਿਉਂ ਨਾ ਕਰਨੀ ਪਈ।

ਸੰਨ 1923 ਵਿੱਚ ਆਪ ਨੇ ਲੁਧਿਆਣੇ ਜਦ ਦਸਵੀਂ ਦਾ ਇਮਤਿਹਾਨ ਦਿੱਤਾ ਤਾਂ ਆਪ ਦੇ ਜੀਵਨ ਵਿੱਚ ਇੱਕ ਘਟਨਾ ਘਟੀ, ਜਿਸ ਦੇ ਚੱਲਦਿਆਂ ਆਪ ਦਾ ਝੁਕਾਅ ਗੁਰੂ ਘਰ ਵੱਲ ਜ਼ਿਆਦਾ ਹੋ ਗਿਆ ਤੇ ਆਪ ਡੇਹਰਾ ਸਾਹਿਬ ਲਾਹੌਰ ਸੇਵਾ ਕਰਦੇ ਰਹੇ। ਉੱਥੇ ਹੀ ਆਪ ਦਾ ਨਾਂ 'ਪੂਰਨ ਸਿੰਘ' ਰੱਖਿਆ ਗਿਆ ਤੇ ਗਿਆਨੀ ਕਰਤਾਰ ਸਿੰਘ ਨੇ 'ਭਗਤ' ਸ਼ਬਦ ਜੋੜ ਕੇ ਰਹਿੰਦੀ ਕਸਰ ਵੀ ਪੂਰੀ ਕਰ ਦਿੱਤੀ ਤੇ ਮਹੰਤ ਤੇਜਾ ਸਿੰਘ ਦੇ ਉਤਸ਼ਾਹ ਸਦਕਾ 18- 20 ਸਾਲ ਗੁਰਦੁਆਰਾ ਡੇਹਰਾ ਸਾਹਬ ਆਪ ਨੇ ਜੋੜੇ ਝਾੜਨ, ਪਸ਼ੂਆਂ ਨੂੰ ਪੱਠੇ ਪਾਉਣ, ਭਾਡੇ ਮਾਂਜਣ, ਰੋਗੀਆਂ, ਅਪਾਹਜਾਂ ਦੀ ਹਰ ਪ੍ਰਕਾਰ ਦੀ ਸੇਵਾ ਕਰਨ ਦਾ ਕਾਰਜ ਨਿਭਾਇਆ। 30 ਜੂਨ 1930 ਨੂੰ ਆਪ ਦੀ ਮਾਤਾ



ਮਹਿਤਾਬ ਕੌਰ ਦਾ ਗੁਰਦੁਆਰਾ ਛੇਹਰਟਾ ਸਾਹਬ ਵਿਖੇ ਦਿਹਾਂਤ ਹੋ ਗਿਆ। ਉਸ ਤੋਂ ਬਾਅਦ 1934 ਨੂੰ ਆਪ ਨੇ ਬੇਸਹਾਰਾ, ਯਤੀਮ, ਰੋਗੀਆਂ, ਅਨਾਥਾਂ ਤੇ ਬੇਆਸਰਿਆਂ ਦੀ ਸੇਵਾ ਸੰਭਾਲ ਦੀ ਸ਼ੁਰੂਆਤ ਕਰਕੇ ਆਪਣੀ ਮਾਤਾ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਭੇਟ ਕੀਤੀ। ਗੁਰਦੁਆਰਾ ਡੇਹਰਾ ਸਾਹਬ ਲਾਹੌਰ ਵਿੱਚ ਕੋਈ ਚਾਰ ਕੁ ਸਾਲ ਦੇ ਅਪੰਗ ਬੱਚੇ ਨੂੰ ਰੋਂਦਾ ਛੱਡ ਗਏ। ਭਗਤ ਜੀ ਨੇ ਉਸ ਬੱਚੇ ਦੀ ਸੇਵਾ ਸੰਭਾਲ ਕੀਤੀ ਤੇ ਉਸਦਾ ਨਾਂ ਪਿਆਰਾ ਸਿੰਘ ਰੱਖਿਆ। ਉਸ ਦਿਨ ਤੋਂ ਭਗਤ ਜੀ ਦੀ ਜ਼ਿੰਦਗੀ ਵਿੱਚ ਇੱਕ ਨਵਾਂ ਅਧਿਆਇ ਜੁੜ ਗਿਆ ਤੇ ਮਾਨੋ ਪਿੰਗਲਵਾੜਾ ਸੰਸਥਾ ਦੀ ਸ਼ੁਰੂਆਤ ਹੋਈ।

ਸੰਨ 1947 ਨੂੰ ਜਦ ਦੇਸ਼ ਅਜ਼ਾਦ ਹੋਇਆ ਤਾਂ ਵੰਡ ਕਾਰਨ ਦੋਹਾਂ ਮੁਲਕਾਂ ਦੇ ਲੋਕਾਂ ਤੇ ਜਦ ਭਾਰੀ ਕਹਿਰ ਟੁੱਟਾ ਤਾਂ ਆਪ ਲਾਹੌਰ ਤੋਂ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਪਿਆਰਾ ਸਿੰਘ ਨੂੰ ਪਿੱਠ ਤੇ ਚੁੱਕ ਕੇ ਲੱਗੇ ਰਫਿਊਜ਼ੀ ਕੈਂਪ ਵਿੱਚ ਪਹੁੰਚੇ। ਜਿੱਥੇ ਆਪ ਨੇ ਤਨ ਮਨ ਨਾਲ ਸੇਵਾ ਨਿਭਾਈ। ਸੰਨ 1958 ਨੂੰ ਅੰਮ੍ਰਿਤਸਰ ਵਿੱਚ ਪਿੰਗਲਵਾੜਾ ਸੰਸਥਾ ਦੀ ਸ਼ੁਰੂਆਤ ਹੋਈ। ਆਪ ਵਾਤਾਵਰਣ ਪ੍ਰੇਮੀ ਅਤੇ ਇੱਕ ਬਹੁਤ ਹੀ ਸੁਲਝੇ ਹੋਏ ਲੇਖਕ ਵੀ ਸਨ। ਆਪ ਨੇ ਕਿਤਾਬਾਂ ਪੜ੍ਹ ਕੇ ਜੋ ਗਿਆਨ ਹਾਸਲ ਕੀਤਾ, ਉਸ ਗਿਆਨ ਨੂੰ ਕਿਤਾਬਾਂ, ਪੈਂਫਲਿਟ, ਟ੍ਰੈਕਟ ਤੇ ਹੋਰ ਅਨੇਕਾਂ ਤਰੀਕਿਆਂ ਨਾਲ ਲੋਕਾਂ ਤੱਕ ਪਹੁੰਚਾਇਆ। ਅੱਜ ਵੀ ਧਾਰਮਿਕ ਥਾਵਾਂ ਤੇ ਪਿੰਗਲਵਾੜਾ ਸੰਸਥਾ ਵੱਲੋਂ ਫਰੀ ਲਿਟਰੇਚਰ ਵੰਡਿਆ ਜਾਂਦਾ ਹੈ। ਭਗਤ ਜੀ ਜੋ ਲੋਕਾਂ ਨੂੰ ਸੁਨੇਹਾ ਦਿੰਦੇ ਸਨ, ਪਹਿਲਾਂ ਆਪ ਉਸ ਤੇ ਖਰੇ ਉੱਤਰਦੇ ਸਨ। ਆਪ ਨੇ ਲੋਕਾਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕੀਤਾ। ਆਪ ਨੇ ਲੋਕਾਂ ਨੂੰ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਨ ਤੋਂ ਰੋਕਿਆ। ਸਵੱਛ ਵਾਤਾਵਰਨ ਹੀ ਸੁਖੀ ਜੀਵਨ ਦਾ ਅਧਾਰ ਹੈ। ਭਗਤ ਜੀ ਆਪਣੀ ਲਾਈ ਹੋਈ ਪ੍ਰਿਟਿੰਗ ਪ੍ਰੈਸ ਵਿੱਚ ਰੱਦੀ ਕਾਗਜ਼ ਖਰੀਦ ਕੇ ਦੂਜੇ ਪਾਸੇ ਮੋਟੀ ਛਪਾਈ ਕਰਕੇ ਵਰਤ ਲੈਂਦੇ ਸਨ, ਕਿਉਂਕਿ ਲੋਕ ਕਾਗਜ਼ ਦਾ ਇੱਕ ਪਾਸਾ ਹੀ ਵਰਤੋਂ ਵਿੱਚ ਲਿਆਉਂਦੇ ਹਨ। ਭਗਤ ਪੂਰਨ ਸਿੰਘ ਜੀ ਸਮਝਦੇ ਸਨ ਕਿ ਕਾਗਜ਼ ਬਣਾਉਣ ਲਈ ਦਰੱਖਤਾਂ ਦੀ ਕਟਾਈ ਕਰਨ ਦੀ ਜਰੂਰਤ ਪੈਂਦੀ ਹੈ। ਸੋ ਉਹ ਕਾਗਜ਼ ਬਹੁਤ ਹੀ ਤਰੀਕੇ ਨਾਲ ਇਸਤੇਮਾਲ ਕਰਦੇ ਸਨ। ਉਹ ਆਪਣਾ ਸਫਰ ਬੱਸਾਂ, ਕਾਰਾਂ ਛੱਡ ਕੇ ਰਿਕਸ਼ਾ ਜਾਂ ਰੇਲ ਗੱਡੀ ਦੇ ਥਰਡ ਕਲਾਸ ਡੱਬੇ ਰਾਹੀਂ ਹੀ ਕਰਨਾ ਪਸੰਦ ਕਰਦੇ ਸਨ। ਉਹ ਬਿਜਲੀ ਨਾਲ ਚੱਲਣ ਵਾਲੀ ਹਰ ਚੀਜ਼ ਨੂੰ ਘੱਟ ਤੋਂ ਘੱਟ ਇਸਤੇਮਾਲ ਕਰਨ ਦੀ ਸਲਾਹ ਦਿੰਦੇ ਸਨ। ਏਅਰ ਕੰਡੀਸ਼ਨ ਦੀ ਵਰਤੋਂ ਤੋਂ ਵੀ ਰੋਕਦੇ ਸਨ, ਕਿਉਂਕਿ ਇਸ ਦੀ ਵਰਤੋਂ ਨਾਲ ਵਾਤਾਵਰਨ ਗੰਧਲਾ ਹੁੰਦਾ ਹੈ ਤੇ ਅਨੇਕਾਂ ਪ੍ਰਕਾਰ ਦੀਆਂ ਬੀਮਾਰੀਆਂ ਜਨਮ ਲੈਂਦੀਆਂ ਹਨ।

ਭਗਤ ਜੀ ਜ਼ੋਰ ਦਿੰਦੇ ਸਨ ਕਿ ਜੇ ਸਮਾਂ ਰਹਿੰਦੇ ਅਸੀ ਨਾ ਬਦਲੇ ਤਾਂ ਆਉਣ ਵਾਲੇ ਸੌ ਸਾਲਾਂ ਵਿੱਚ ਦੁਨੀਆਂ ਦਾ ਨਕਸ਼ਾ ਹੀ ਕੁੱਝ ਹੋਰ ਹੀ ਹੋਵੇਗਾ। ਮਿੱਟੀ ਦਾ ਖੁਰਨਾ, ਹੁਮਸ ਦਾ ਖਤਮ ਹੋਣਾ, ਅਬਾਦੀ ਦਾ ਵੱਧਣਾ ਜਿਸ ਨਾਲ ਡੇਢ ਕਰੋੜ ਲੋਕ ਹਰ ਸਾਲ ਭੁੱਖ ਨਾਲ ਮਰਨਗੇ। ਮੌਸਮ ਵਿੱਚ ਭਾਰੀ ਤਬਦੀਲੀਆਂ ਹੋ ਸਕਦੀਆਂ ਹਨ। ਧਰਤੀ ਬਰਫਾਨੀ ਯੁੱਗ ਵਿੱਚ ਪਹੁੰਚ ਸਕਦੀ ਹੈ। ਧਰਤੀ ਬੰਜਰ ਹੋ ਸਕਦੀ ਹੈ। ਰੇਤ ਦੀਆਂ ਹਨੇਰੀਆਂ ਝੁੱਲ ਸਕਦੀਆਂ ਹਨ। ਸੋਕਾ ਪੈ ਸਕਦਾ ਹੈ ਜਾਂ ਫਿਰ ਭਾਰੀ ਹੜ੍ਹ ਤਬਾਹੀ ਮਚਾ ਸਕਦੇ ਹਨ। ਧਰਤੀ ਹੇਠਲੇ ਪਾਣੀ ਦਾ ਪੱਧਰ ਹਰ ਸਾਲ ਘਟਣਾ, ਪਾਣੀ ਦਾ ਪ੍ਰਦੂਸ਼ਿਤ ਹੋਣਾ ਤੇ ਪਾਣੀ ਦੀ ਅੰਨੇਵਾਹ ਵਰਤੋਂ ਵੀ ਬੇਹੱਦ ਚਿੰਤਾ ਦਾ ਵਿਸ਼ਾ ਹੈ। ਭਗਤ ਜੀ ਦੀਆਂ ਸੇਵਾਵਾਂ ਦੇ ਮੱਦੇਨਜ਼ਰ ਭਾਰਤ ਸਰਕਾਰ ਵੱਲੋਂ 1979 ਵਿੱਚ ਭਗਤ ਜੀ ਨੂੰ ਪਦਮ ਸ਼੍ਰੀ ਨਾਲ ਨਿਵਾਜ਼ਿਆ ਗਿਆ। ਸੰਨ 1990 ਵਿੱਚ ਹਾਰਮਨੀ ਐਵਾਰਡ, ਸੰਨ 1991 ਵਿੱਚ ਰੋਗ ਰਤਨ ਅਤੇ ਭਾਈ ਘਨੱਈਆ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸੰਨ 1984 ਨੂੰ ਦਰਬਾਰ ਸਾਹਿਬ ਤੇ ਸਰਕਾਰ ਵੱਲੋਂ ਕੀਤੇ ਅਟੈਕ ਨੇ ਜਿੱਥੇ ਕਈ ਸਿੱਖ ਪ੍ਰੇਮੀਆਂ ਦੇ ਹਿਰਦੇ ਛੱਲਣੀ ਕੀਤੇ ਸਨ, ਉੱਥੇ ਭਗਤ ਪੂਰਨ ਸਿੰਘ ਜੀ ਦਾ ਹਿਰਦਾ ਵੀ ਛੱਲਣੀ ਹੋਇਆ, ਜਿਸਦੇ ਰੋਸ ਵਜ਼ੋਂ ਭਗਤ ਜੀ ਨੇ ਪਦਮ ਸ਼੍ਰੀ ਐਵਾਰਡ ਵਾਪਿਸ ਕਰ ਦਿੱਤਾ ਸੀ। ਧਰਮ ਦੀ ਕਾਰ ਕਰਦਿਆਂ ਆਖਿਰ 5 ਅਗਸਤ 1992 ਨੂੰ 88 ਸਾਲ ਦੀ ਉਮਰ ਭੋਗ ਕੇ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਉਸ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ। ਉਹਨਾਂ ਦੇ ਮਗਰੋਂ ਡਾ. ਇੰਦਰਜੀਤ ਕੌਰ ਪਿੰਗਲਵਾੜਾ ਸੁਸਾਇਟੀ ਦੇ ਮੁੱਖ ਸੇਵਾਦਾਰ ਵਜੋਂ ਬਾਖੂਬੀ ਉਹਨਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲ ਕੇ ਸੇਵਾ ਨਿਭਾਅ ਰਹੇ ਹਨ।ਆਉ ਆਪਾਂ ਸਾਰੇ ਭਗਤ ਪੂਰਨ ਸਿੰਘ ਜੀ ਦੇ ਨਕਸ਼ੇ ਕਦਮਾਂ ਤੇ ਚੱਲ ਕੇ ਵਾਤਾਵਰਣ ਪ੍ਰਤੀ ਸੁਚੇਤ ਹੋਈਏ ਤੇ ਵੱਧ ਤੋਂ ਵੱਧ ਰੁੱਖ ਲਗਾਈਏ, ਪਾਣੀ ਦੀ ਸਾਂਭ ਸੰਭਾਲ ਕਰੀਏ, ਵਾਤਾਵਰਣ ਨੂੰ ਪ੍ਰਦੂਸ਼ਿਤ ਨਾ ਕਰੀਏ ਤੇ ਲੋੜਵੰਦਾਂ ਦੀ ਮਦਦ ਕਰਕੇ ਆਪਣਾ ਜੀਵਨ ਸਫਲ ਬਣਾਈਏ। ਭਗਤ ਜੀ ਨੂੰ ਇਹੀ ਸੱਚੀ ਸੁੱਚੀ ਸ਼ਰਧਾਂਜਲੀ ਹੋਵੇਗੀ।

**ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**

# ਪ੍ਰਗਟਾਵੇ ਦੀ ਆਜ਼ਾਦੀ ਜਾਂ ਅਸ਼ਲੀਲਤਾ ਦੀ ਵਡਿਆਈ?

ਜੰਤਰ-ਮੰਤਰ ਲੋਕਤੰਤਰੀ ਭਾਰਤ ਵਿੱਚ ਇੱਕ ਜਨਤਕ ਮੰਚ ਹੈ ਜਿੱਥੇ ਨਾਗਰਿਕ ਸਰਕਾਰ ਅਤੇ ਸਮਾਜ ਨੂੰ ਆਪਣੇ ਵਿਚਾਰ ਦੱਸਣ ਲਈ ਇਕੱਠੇ ਹੁੰਦੇ ਹਨ। ਇਹ ਸਥਾਨ ਸੰਵਿਧਾਨ ਦੁਆਰਾ ਗਰੰਟੀਸ਼ੁਦਾ ਪ੍ਰਗਟਾਵੇ ਦੀ ਆਜ਼ਾਦੀ ਦਾ ਪ੍ਰਤੀਕ ਹੈ। ਪਰ ਜਦੋਂ ਵਿਰੋਧ ਪ੍ਰਦਰਸ਼ਨਾਂ ਦੌਰਾਨ ਭਾਸ਼ਾ ਦੀ ਉਲੰਘਣਾ ਕੀਤੀ ਜਾਂਦੀ ਹੈ, ਅਪਮਾਨਜਨਕਤਾ ਨੂੰ ਵਿਰੋਧ ਦੇ ਸਾਧਨ ਵਜੋਂ ਵਰਤਿਆ ਜਾਂਦਾ ਹੈ, ਅਤੇ ਅਸ਼ਲੀਲਤਾ ਨੂੰ ਹਿੰਮਤ ਦੇ ਪ੍ਰਤੀਕ ਵਜੋਂ ਮਨਾਇਆ ਜਾਂਦਾ ਹੈ, ਤਾਂ ਇਹ ਸਵਾਲ ਉੱਠਣਾ ਸੁਭਾਵਿਕ ਹੈ: ਪ੍ਰਗਟਾਵੇ ਦੀ ਆਜ਼ਾਦੀ ਦੀਆਂ ਸੀਮਾਵਾਂ ਕੀ ਹਨ? ਕੀ ਲੋਕਤੰਤਰ ਵਿੱਚ ਵਿਰੋਧ ਦਾ ਮਤਲਬ ਭਾਸ਼ਾ ਅਤੇ ਵਿਵਹਾਰ ਦੇ ਸਾਰੇ ਰੂਪਾਂ ਨੂੰ ਜਾਇਜ਼ ਠਹਿਰਾਉਣਾ ਹੈ? ਜਾਂ ਕੀ ਆਜ਼ਾਦੀ ਵਿੱਚ ਜ਼ਿੰਮੇਵਾਰੀ ਵੀ ਸ਼ਾਮਲ ਹੈ?

ਹਾਲ ਹੀ ਦੇ ਦਿਨਾਂ ਵਿੱਚ, ਜੰਤਰ-ਮੰਤਰ 'ਤੇ ਕੁਝ ਪ੍ਰਦਰਸ਼ਨਕਾਰੀਆਂ ਦੁਆਰਾ ਜਨਤਕ ਤੌਰ 'ਤੇ ਬਹੁਤ ਹੀ ਅਪਮਾਨਜਨਕ ਭਾਸ਼ਾ ਦੀ ਵਰਤੋਂ ਚਰਚਾ ਦਾ ਵਿਸ਼ਾ ਬਣ ਗਈ। ਸਮਾਜ ਦਾ ਇੱਕ ਹਿੱਸਾ ਇਸਦਾ ਸਮਰਥਨ ਕਰਦਾ ਦਿਖਾਈ ਦਿੱਤਾ, ਇਸਨੂੰ ਪਿਤਾ ਸੱਤਾ ਵਿਰੁੱਧ ਬਗਾਵਤ ਅਤੇ ਇੱਕ ਨਿਡਰ ਔਰਤ ਦੀ ਆਵਾਜ਼ ਕਿਹਾ। ਦੂਜੇ ਪਾਸੇ, ਬਹੁਤ ਸਾਰੇ ਲੋਕਾਂ ਨੇ ਇਸਨੂੰ ਸਮਾਜਿਕ ਮਰਿਆਦਾ, ਜਨਤਕ ਸ਼ਿਸ਼ਟਾਚਾਰ ਅਤੇ ਸੰਵਿਧਾਨਕ ਜ਼ਿੰਮੇਵਾਰੀ ਦੀ ਉਲੰਘਣਾ ਮੰਨਿਆ। ਇਹ ਬਹਿਸ ਕਿਸੇ ਇੱਕ ਘਟਨਾ ਬਾਰੇ ਨਹੀਂ ਹੈ, ਸਗੋਂ ਸਮਾਜ ਪ੍ਰਗਟਾਵੇ ਦੀਆਂ ਸੀਮਾਵਾਂ ਨੂੰ ਮੁੜ ਪਰਿਭਾਸ਼ਿਤ ਕਰਨ ਲਈ ਕਿਸ ਦਿਸ਼ਾ ਵੱਲ ਜਾ ਰਿਹਾ ਹੈ, ਇਸ ਬਾਰੇ ਹੈ।

ਭਾਰਤੀ ਸੰਵਿਧਾਨ ਦਾ ਆਰਟੀਕਲ 19(1)(a) ਹਰੇਕ ਨਾਗਰਿਕ ਨੂੰ ਪ੍ਰਗਟਾਵੇ ਦੀ ਆਜ਼ਾਦੀ ਦੀ ਗਰੰਟੀ ਦਿੰਦਾ ਹੈ। ਹਾਲਾਂਕਿ, ਉਹੀ ਸੰਵਿਧਾਨ, ਆਰਟੀਕਲ 19(2) ਰਾਹੀਂ, ਇਹ ਵੀ ਸਪੱਸ਼ਟ ਕਰਦਾ ਹੈ ਕਿ ਇਹ ਆਜ਼ਾਦੀ ਸੰਪੂਰਨ ਨਹੀਂ ਹੈ। ਇਸ ਆਜ਼ਾਦੀ 'ਤੇ ਜਨਤਕ ਵਿਵਸਥਾ, ਸ਼ਿਸ਼ਟਾਚਾਰ, ਨੈਤਿਕਤਾ, ਮਾਣਹਾਨੀ, ਅਦਾਲਤ ਦੀ ਬੇਅਦਬੀ ਅਤੇ ਰਾਸ਼ਟਰੀ ਸੁਰੱਖਿਆ ਵਰਗੇ ਆਧਾਰਾਂ 'ਤੇ ਵਾਜਬ ਪਾਬੰਦੀਆਂ ਲਗਾਈਆਂ ਜਾ ਸਕਦੀਆਂ ਹਨ। ਇਸ ਤਰ੍ਹਾਂ, ਸੰਵਿਧਾਨ ਖੁਦ ਮੰਨਦਾ ਹੈ ਕਿ ਆਜ਼ਾਦੀ ਅਤੇ ਜ਼ਿੰਮੇਵਾਰੀ ਨਾਲ-ਨਾਲ ਚਲਦੇ ਹਨ।

ਕਿਸੇ ਵੀ ਲੋਕਤੰਤਰ ਵਿੱਚ ਵਿਰੋਧ ਕਰਨ ਦਾ ਅਧਿਕਾਰ ਜ਼ਰੂਰੀ ਹੈ। ਸਰਕਾਰ ਦੀ ਆਲੋਚਨਾ, ਨੀਤੀਆਂ 'ਤੇ ਸਵਾਲ ਉਠਾਉਣਾ ਅਤੇ ਅਸਹਿਮਤੀ ਇੱਕ ਲੋਕਤੰਤਰੀ ਪ੍ਰਣਾਲੀ ਦੀਆਂ ਤਾਕਤਾਂ ਹਨ। ਹਾਲਾਂਕਿ, ਜੇਕਰ ਵਿਰੋਧ ਦੀ ਭਾਸ਼ਾ ਸਮਾਜ ਵਿੱਚ ਨਫ਼ਰਤ, ਅਸ਼ਲੀਲਤਾ ਜਾਂ ਹਿੰਸਾ ਨੂੰ ਉਤਸ਼ਾਹਿਤ ਕਰਨਾ ਸ਼ੁਰੂ ਕਰ ਦਿੰਦੀ ਹੈ, ਤਾਂ ਇਸਦਾ ਮੁਲਾਂਕਣ ਸਿਰਫ਼ ਆਜ਼ਾਦੀ ਬੋਲਣ ਦੇ ਆਧਾਰ 'ਤੇ ਨਹੀਂ ਕੀਤਾ ਜਾ ਸਕਦਾ। ਜਨਤਕ ਜੀਵਨ ਵਿੱਚ ਵਰਤੀ ਜਾਣ ਵਾਲੀ ਭਾਸ਼ਾ ਸਮਾਜ ਦੇ ਸੱਭਿਆਚਾਰ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਪ੍ਰਭਾਵਿਤ ਕਰਦੀ ਹੈ।

ਇਹ ਵੀ ਵਿਚਾਰਨ ਯੋਗ ਹੈ ਕਿ ਕੀ, ਜੇਕਰ ਕੋਈ ਮਰਦ ਜਨਤਕ ਪਲੇਟਫਾਰਮ 'ਤੇ ਇੱਕੋ ਜਿਹੀ ਭਾਸ਼ਾ ਦੀ ਵਰਤੋਂ ਕਰਦਾ ਹੈ, ਤਾਂ ਕੀ ਸਮਾਜ ਅਤੇ ਕਾਨੂੰਨ ਉਸੇ ਤਰ੍ਹਾਂ ਪ੍ਰਤੀਕਿਰਿਆ ਕਰਨਗੇ ਜਿਵੇਂ ਉਹ ਇੱਕ ਔਰਤ ਵਿਰੁੱਧ ਕਰਦੇ ਹਨ? ਜੇਕਰ ਜਵਾਬ ÷ਨਹੀਂ÷ ਹੈ, ਤਾਂ ਇਸਨੂੰ ਸਮਾਨਤਾ ਦੇ ਸਿਧਾਂਤ ਦੇ ਅਨੁਕੂਲ ਨਹੀਂ ਮੰਨਿਆ ਜਾ ਸਕਦਾ। ਬਰਾਬਰ ਅਧਿਕਾਰਾਂ ਦਾ ਅਰਥ ਵੀ ਬਰਾਬਰ ਜ਼ਿੰਮੇਵਾਰੀ ਹੈ। ਜੇਕਰ ਕਾਨੂੰਨ ਮਰਦਾਂ ਦੁਆਰਾ ਕੀਤੇ ਗਏ ਅਸ਼ਲੀਲ ਜਾਂ ਅਪਮਾਨਜਨਕ ਪ੍ਰਗਟਾਵੇ ਵਿਰੁੱਧ ਕਾਰਵਾਈ ਕਰਦਾ ਹੈ, ਤਾਂ ਇਹੀ ਮਿਆਰ ਔਰਤਾਂ 'ਤੇ ਲਾਗੂ ਹੋਣਾ ਚਾਹੀਦਾ ਹੈ। ਇਸੇ ਤਰ੍ਹਾਂ, ਜੇਕਰ ਔਰਤਾਂ ਵਿਰੁੱਧ ਅਣਉਚਿਤ ਭਾਸ਼ਾ ਅਸਵੀਕਾਰਨਯੋਗ ਹੈ, ਤਾਂ ਮਰਦਾਂ ਵਿਰੁੱਧ ਅਜਿਹੀ ਭਾਸ਼ਾ ਨੂੰ ਆਮ ਨਹੀਂ ਬਣਾਇਆ ਜਾਣਾ ਚਾਹੀਦਾ।



ਅੱਜ ਸਮਾਜਿਕ ਚਰਚਾ ਵਿੱਚ ਇਹ ਚਿੰਤਾ ਹੈ ਕਿ ਵਿਚਾਰਧਾਰਕ ਵਚਨਬੱਧਤਾਵਾਂ ਕਈ ਵਾਰ ਨਿਰਪੱਖਤਾ ਨੂੰ ਪਛਾੜ ਦਿੰਦੀਆਂ ਹਨ। ਜੇਕਰ ਕਿਸੇ ਘਟਨਾ ਦਾ ਮੁਲਾਂਕਣ ਕਿਸੇ ਵਿਅਕਤੀ ਦੇ ਵਿਚਾਰਾਂ, ਰਾਜਨੀਤਿਕ ਝੁਕਾਅ, ਜਾਂ ਲਿੰਗ ਦੇ ਆਧਾਰ 'ਤੇ ਕੀਤਾ ਜਾਂਦਾ ਹੈ, ਤਾਂ ਨਿਆਂ ਅਤੇ ਸਮਾਨਤਾ ਦੋਵੇਂ ਪ੍ਰਭਾਵਿਤ ਹੁੰਦੇ ਹਨ। ਕਿਸੇ ਵੀ ਪੱਖ ਲਈ ਅੰਨ੍ਹਾ ਸਮਰਥਨ ਲੋਕਤੰਤਰੀ ਚਰਚਾ ਨੂੰ ਕਮਜ਼ੋਰ ਕਰਦਾ ਹੈ। ਮੁਲਾਂਕਣ ਦਾ ਆਧਾਰ ਵਿਅਕਤੀਆਂ ਨੂੰ ਨਹੀਂ, ਸਗੋਂ ਅਭਿਆਸਾਂ ਅਤੇ ਸਿਧਾਂਤਾਂ ਨੂੰ ਹੋਣਾ ਚਾਹੀਦਾ ਹੈ।

ਪਿਤਰਸੱਤਾ, ਲਿੰਗ ਅਸਮਾਨਤਾ ਅਤੇ ਔਰਤਾਂ ਵਿਰੁੱਧ ਬੇਇਨਸਾਫ਼ੀ ਅਸਲ ਸਮਾਜਿਕ ਮੁੱਦੇ ਹਨ। ਇਨ੍ਹਾਂ ਵਿਰੁੱਧ ਸੰਘਰਸ਼ ਜ਼ਰੂਰੀ ਹਨ। ਪਰ ਜੇਕਰ ਇਹ ਸੰਘਰਸ਼ ਮਾਣ, ਤਰਕ ਅਤੇ ਸੰਵਿਧਾਨਕ ਯੋਗਤਾ ਨਾਲ ਚਲਾਇਆ ਜਾਵੇ, ਤਾਂ ਇਸਦੀ ਨੈਤਿਕ ਤਾਕਤ ਵਧੇਰੇ ਹੁੰਦੀ ਹੈ। ਅਸ਼ਲੀਲ ਭਾਸ਼ਾ ਜਾਂ ਅਪਮਾਨਜਨਕ ਵਿਵਹਾਰ ਨੂੰ ਸਿਰਫ਼ ਇਸ ਲਈ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ ਕਿਉਂਕਿ ਉਦੇਸ਼ ਕਿਸੇ ਪ੍ਰਣਾਲੀ ਦਾ ਵਿਰੋਧ ਕਰਨਾ ਹੈ। ਸਾਧਨ ਉਦੇਸ਼ ਜਿੰਨੇ ਮਹੱਤਵਪੂਰਨ ਹਨ।

ਸੋਸ਼ਲ ਮੀਡੀਆ ਦੇ ਯੁੱਗ ਵਿੱਚ, ਭੜਕਾਊ ਭਾਸ਼ਾ ਤੁਰੰਤ ਵਾਇਰਲ ਹੋ ਜਾਂਦੀ ਹੈ। ਇਹ ਅਕਸਰ ਇਹ ਭਰਮ ਪੈਦਾ ਕਰਦਾ ਹੈ ਕਿ ਕੋਈ ਪ੍ਰਗਟਾਵਾ ਜਿੰਨਾ ਜ਼ਿਆਦਾ ਹਮਲਾਵਰ ਜਾਂ ਵਿਵਾਦਪੂਰਨ ਹੋਵੇਗਾ, ਓਨਾ ਹੀ ਪ੍ਰਭਾਵਸ਼ਾਲੀ ਹੋਵੇਗਾ। ਹਾਲਾਂਕਿ, ਲੋਕਤੰਤਰ ਦੀ ਅਸਲ ਸੁੰਦਰਤਾ ਵਿਚਾਰਾਂ ਦੀ ਸ਼ਕਤੀ ਵਿੱਚ ਹੈ, ਸ਼ਬਦਾਂ ਦੀ ਕਠੋਰਤਾ ਵਿੱਚ ਨਹੀਂ। ਇਤਿਹਾਸ ਦਰਸਾਉਂਦਾ ਹੈ ਕਿ ਸਥਾਈ ਤਬਦੀਲੀ ਤਰਕ, ਸੰਵਾਦ ਅਤੇ ਨੈਤਿਕ ਹਿੰਮਤ ਨਾਲ ਆਉਂਦੀ ਹੈ, ਸਿਰਫ਼ ਭੜਕਾਹਟ ਨਾਲ ਨਹੀਂ।

ਕਾਨੂੰਨ ਦੇ ਸਾਹਮਣੇ ਸਾਰੇ ਨਾਗਰਿਕ ਬਰਾਬਰ ਹਨ। ਇਹ ਭਾਰਤੀ ਗਣਰਾਜ ਦੀ ਮੂਲ ਭਾਵਨਾ ਹੈ। ਇਸ ਲਈ, ਜੇਕਰ ਅਸ਼ਲੀਲ ਭਾਸ਼ਾ, ਅਸ਼ਲੀਲ ਪ੍ਰਦਰਸ਼ਨ, ਜਾਂ ਜਨਤਕ ਥਾਵਾਂ 'ਤੇ ਕਿਸੇ ਵੀ ਵਰਗ ਪ੍ਰਤੀ ਅਪਮਾਨਜਨਕ ਬਿਆਨ ਕਾਨੂੰਨ ਦੇ ਤਹਿਤ ਅਪਰਾਧ ਬਣਦੇ ਹਨ, ਤਾਂ ਉਹਨਾਂ ਦਾ ਮੁਲਾਂਕਣ ਵਿਅਕਤੀ ਦੇ ਆਚਰਣ ਦੇ ਅਧਾਰ 'ਤੇ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਉਸਦੀ ਪਛਾਣ ਦੇ ਅਧਾਰ 'ਤੇ। ਸਮਾਨਤਾ ਦਾ ਮਤਲਬ ਵਿਸ਼ੇਸ਼ ਅਧਿਕਾਰ ਨਹੀਂ ਹੈ, ਸਗੋਂ ਬਰਾਬਰ ਦੇ ਮਾਪਦੰਡ ਹਨ।

ਇਹ ਵੀ ਜ਼ਰੂਰੀ ਹੈ ਕਿ ਪ੍ਰਗਟਾਵੇ ਦੀ ਆਜ਼ਾਦੀ ਅਤੇ ਨਫ਼ਰਤ ਭਰੇ ਜਾਂ ਅਸ਼ਲੀਲ ਭਾਸ਼ਣ ਵਿਚਕਾਰ ਇੱਕ ਸਪੱਸ਼ਟ ਸਮਾਜਿਕ ਅਤੇ ਕਾਨੂੰਨੀ ਸਮਝ ਵਿਕਸਤ ਕੀਤੀ ਜਾਵੇ। ਅਦਾਲਤਾਂ ਨੇ ਵਾਰ-ਵਾਰ ਕਿਹਾ ਹੈ ਕਿ ਜਦੋਂ ਕਿ ਅਸਹਿਮਤੀ ਲੋਕਤੰਤਰ ਦੀ ਨੀਂਹ ਹੈ, ਅਜਿਹੀ ਅਸਹਿਮਤੀ ਹਿੰਸਾ, ਨਫ਼ਰਤ ਜਾਂ ਜਨਤਕ ਮਰਿਆਦਾ ਦੀ ਉਲੰਘਣਾ ਦਾ ਸਾਧਨ ਨਹੀਂ ਬਣ ਸਕਦੀ। ਇਸ ਲਈ, ਜੇਕਰ ਕਾਨੂੰਨਾਂ ਵਿੱਚ ਅਸਪਸ਼ਟਤਾਵਾਂ ਹਨ, ਤਾਂ ਉਨ੍ਹਾਂ ਨੂੰ ਵਿਆਪਕ ਜਨਤਕ ਬਹਿਸ ਅਤੇ ਨਾਗਰਿਕਾਂ ਨੂੰ ਸਪੱਸ਼ਟ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਜ਼ਰੂਰੀ ਕਾਨੂੰਨੀ ਸੁਧਾਰਾਂ ਰਾਹੀਂ ਹੱਲ ਕੀਤਾ ਜਾ ਸਕਦਾ ਹੈ। ਸਮਾਜ ਨੂੰ ਵੀ ਆਤਮ-ਨਿਰੀਖਣ ਕਰਨਾ ਚਾਹੀਦਾ ਹੈ। ਕੀ ਅਸੀਂ ਆਪਣੇ ਬੱਚਿਆਂ ਨੂੰ ਇਹ ਸਿਖਾਉਣਾ ਚਾਹੁੰਦੇ ਹਾਂ ਕਿ ਹਿੰਮਤ ਦਾ ਮਤਲਬ ਹੈ ਸ਼ਾਨ ਤਿਆਗਣਾ? ਕੀ ਦਲੇਰੀ ਦਾ ਮਤਲਬ ਹੈ ਭਾਸ਼ਾ ਦੀ ਸ਼ਾਨ ਨੂੰ ਖਤਮ ਕਰਨਾ? ਜਾਂ ਕੀ ਸੱਚੀ ਹਿੰਮਤ ਦਾ ਮਤਲਬ ਹੈ ਆਪਣੇ ਵਿਚਾਰ ਸੰਜਮ, ਸਪਸ਼ਟਤਾ ਅਤੇ ਦ੍ਰਿੜਤਾ ਨਾਲ ਪ੍ਰਗਟ ਕਰਨ ਦੀ ਯੋਗਤਾ, ਭਾਵੇਂ ਕਿ ਕਠੋਰ ਹਾਲਾਤਾਂ ਵਿੱਚ ਵੀ?

ਲੋਕਤੰਤਰ ਵਿੱਚ, ਅਸਹਿਮਤੀ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ, ਪਰ ਜਨਤਕ ਜੀਵਨ ਦੀ ਇੱਜ਼ਤ ਵੀ ਓਨੀ ਹੀ ਜ਼ਰੂਰੀ ਹੈ। ਜੇਕਰ ਅਸੀਂ ਸਮਾਨਤਾ ਦੀ ਗੱਲ ਕਰੀਏ, ਤਾਂ ਸਾਨੂੰ ਬਰਾਬਰ ਜ਼ਿੰਮੇਵਾਰੀ ਵੀ ਸਵੀਕਾਰ ਕਰਨੀ ਚਾਹੀਦੀ ਹੈ। ਕਾਨੂੰਨ ਨੂੰ ਕਿਸੇ ਵਿਅਕਤੀ ਦੇ ਕੰਮਾਂ ਅਨੁਸਾਰ ਲਾਗੂ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਉਸਦੇ ਲਿੰਗ, ਵਿਚਾਰਧਾਰਾ ਜਾਂ ਸਮਾਜਿਕ ਪਛਾਣ ਅਨੁਸਾਰ। ਇਹ ਸੰਵਿਧਾਨ ਦੀ ਭਾਵਨਾ ਹੈ ਅਤੇ ਨਿਆਂ ਦਾ ਆਧਾਰ ਹੈ।

ਅੰਤ ਵਿੱਚ, ਸਵਾਲ ਸਿਰਫ਼ ਜੰਤਰ-ਮੰਤਰ 'ਤੇ ਵਾਪਰੀ ਇੱਕ ਘਟਨਾ ਬਾਰੇ ਨਹੀਂ ਹੈ। ਸਵਾਲ ਇਹ ਹੈ ਕਿ ਅਸੀਂ ਭਵਿੱਖ ਦੇ ਭਾਰਤ ਵਿੱਚ ਕਿਸ ਤਰ੍ਹਾਂ ਦਾ ਜਨਤਕ ਸੱਭਿਆਚਾਰ ਬਣਾਉਣਾ ਚਾਹੁੰਦੇ ਹਾਂ। ਇੱਕ ਅਜਿਹਾ ਭਾਰਤ ਜਿੱਥੇ ਪ੍ਰਗਟਾਵੇ ਦੀ ਆਜ਼ਾਦੀ ਹੋਵੇ ਪਰ ਜ਼ਿੰਮੇਵਾਰ ਵੀ ਹੋਵੇ; ਜਿੱਥੇ ਅਸਹਿਮਤੀ ਨਿਡਰ ਹੋਵੇ ਪਰ ਨਿਮਰ ਵੀ ਹੋਵੇ; ਅਤੇ ਜਿੱਥੇ ਸਮਾਨਤਾ ਦਾ ਅਰਥ ਹੈ ਸਾਰਿਆਂ ਲਈ ਬਰਾਬਰ ਅਧਿਕਾਰ ਅਤੇ ਬਰਾਬਰ ਜ਼ਿੰਮੇਵਾਰੀਆਂ। ਇਹ ਲੋਕਤੰਤਰ ਦੀ ਪਰਿਪੱਕਤਾ ਅਤੇ ਸੰਵਿਧਾਨ ਦੀ ਅਸਲ ਭਾਵਨਾ ਹੈ।

**ਡਾ. ਪ੍ਰਿਯੰਕਾ ਸੌਰਭ**
**(ਪੀਐਚਡੀ (ਰਾਜਨੀਤੀ ਵਿਗਿਆਨ), ਇੱਕ ਕਵੀ ਅਤੇ ਸਮਾਜਿਕ ਚਿੰਤਕ ਹਨ।)**

# ਸਿੱਖਿਆ 'ਤੇ ਘਟਦਾ ਨਿਵੇਸ਼: ਭਵਿੱਖ ਲਈ ਚੇਤਾਵਨੀ

ਕਿਸੇ ਵੀ ਦੇਸ਼ ਦੀ ਤਰੱਕੀ ਦਾ ਅਸਲ ਆਧਾਰ ਉਸ ਦੀ ਸਿੱਖਿਆ ਪ੍ਰਣਾਲੀ ਹੁੰਦੀ ਹੈ। ਸੜਕਾਂ, ਪੁਲ, ਹਵਾਈ ਅੱਡੇ ਅਤੇ ਉਦਯੋਗ ਆਰਥਿਕ ਵਿਕਾਸ ਨੂੰ ਗਤੀ ਤਾਂ ਦੇ ਸਕਦੇ ਹਨ, ਪਰ ਇੱਕ ਗਿਆਨ-ਆਧਾਰਿਤ ਸਮਾਜ ਦੀ ਨੀਂਹ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਵਿੱਚ ਰੱਖੀ ਜਾਂਦੀ ਹੈ। ਜਿਹੜੇ ਦੇਸ਼ਾਂ ਨੇ ਸਿੱਖਿਆ ਨੂੰ ਆਪਣੀ ਪਹਿਲੀ ਤਰਜੀਹ ਬਣਾਇਆ, ਉਹ ਅੱਜ ਵਿਗਿਆਨ, ਤਕਨਾਲੋਜੀ, ਖੋਜ ਅਤੇ ਆਰਥਿਕ ਵਿਕਾਸ ਦੇ ਖੇਤਰ ਵਿੱਚ ਵਿਸ਼ਵ ਦੀ ਅਗਵਾਈ ਕਰ ਰਹੇ ਹਨ। ਭਾਰਤ ਵੀ 2047 ਤੱਕ ਵਿਕਸਿਤ ਰਾਸ਼ਟਰ ਬਣਨ ਦਾ ਟੀਚਾ ਰੱਖਦਾ ਹੈ, ਪਰ ਇਹ ਟੀਚਾ ਉਦੋਂ ਹੀ ਹਾਸਲ ਹੋ ਸਕਦਾ ਹੈ ਜਦੋਂ ਸਿੱਖਿਆ ਨੂੰ ਨੀਤੀ ਅਤੇ ਬਜਟ ਦੋਵਾਂ ਵਿੱਚ ਕੇਂਦਰੀ ਸਥਾਨ ਦਿੱਤਾ ਜਾਵੇ। ਪਿਛਲੇ ਪੰਦਰਾਂ ਸਾਲਾਂ ਦੇ ਕੇਂਦਰੀ ਸਿੱਖਿਆ ਬਜਟਾਂ ਦਾ ਅਧਿਐਨ ਦੱਸਦਾ ਹੈ ਕਿ ਸਿੱਖਿਆ ਲਈ ਕੁੱਲ ਰਕਮ ਤਾਂ ਵਧੀ ਹੈ, ਪਰ ਕੇਂਦਰੀ ਬਜਟ ਵਿੱਚ ਇਸ ਦੀ ਹਿੱਸੇਦਾਰੀ ਘਟੀ ਹੈ। ਇਹ ਰੁਝਾਨ ਭਵਿੱਖ ਲਈ ਚਿੰਤਾ ਦਾ ਵਿਸ਼ਾ ਹੈ। ਪਿਛਲੇ ਪੰਦਰਾਂ ਸਾਲਾਂ ਦੌਰਾਨ ਕੇਂਦਰ ਸਰਕਾਰ ਦੇ ਕੁੱਲ ਬਜਟ ਵਿੱਚ ਕਈ ਗੁਣਾ ਵਾਧਾ ਹੋਇਆ ਹੈ। ਇਸ ਦੇ ਨਾਲ ਹੀ ਸਿੱਖਿਆ ਮੰਤਰਾਲੇ ਲਈ ਰੱਖੀ ਜਾਣ ਵਾਲੀ ਰਕਮ ਵੀ ਵਧੀ ਹੈ। 2010-11 ਵਿੱਚ ਉਸ ਵੇਲੇ ਦੇ ਮਨੁੱਖੀ ਸਰੋਤ ਵਿਕਾਸ ਮੰਤਰਾਲੇ ਲਈ ਲਗਭਗ ?49,600 ਕਰੋੜ ਦਾ ਬਜਟ ਰੱਖਿਆ ਗਿਆ ਸੀ। 2025-26 ਤੱਕ ਇਹ ਵਧ ਕੇ ?1.28 ਲੱਖ ਕਰੋੜ ਤੋਂ ਵੱਧ ਹੋ ਗਿਆ। ਪਹਿਲੀ ਨਜ਼ਰ ਵਿੱਚ ਇਹ ਵੱਡਾ ਵਾਧਾ ਲੱਗਦਾ ਹੈ, ਪਰ ਜਦੋਂ ਇਸ ਦੀ ਤੁਲਨਾ ਕੇਂਦਰੀ ਬਜਟ ਦੇ ਕੁੱਲ ਆਕਾਰ ਨਾਲ ਕੀਤੀ ਜਾਂਦੀ ਹੈ ਤਾਂ ਤਸਵੀਰ ਬਦਲ ਜਾਂਦੀ ਹੈ। 2010 ਦੇ ਸ਼ੁਰੂਆਤੀ ਸਾਲਾਂ ਵਿੱਚ ਕੇਂਦਰੀ ਬਜਟ ਦਾ ਲਗਭਗ 4.5 ਫ਼ੀਸਦੀ ਹਿੱਸਾ ਸਿੱਖਿਆ ਲਈ ਰੱਖਿਆ ਜਾਂਦਾ ਸੀ, ਜਦਕਿ 2025-26 ਵਿੱਚ ਇਹ ਘਟ ਕੇ ਲਗਭਗ 2.5 ਫ਼ੀਸਦੀ ਰਹਿ ਗਿਆ। ਇਸ ਦਾ ਮਤਲਬ ਹੈ ਕਿ ਭਾਵੇਂ ਰਕਮ ਵਧੀ ਹੈ, ਪਰ ਸਰਕਾਰੀ ਤਰਜੀਹਾਂ ਵਿੱਚ ਸਿੱਖਿਆ ਦੀ ਹਿੱਸੇਦਾਰੀ ਘਟੀ ਹੈ। ਜੇ ਸਾਲ-ਵਾਰ ਰੁਝਾਨ ਵੇਖਿਆ ਜਾਵੇ ਤਾਂ 2010-11 ਵਿੱਚ ਸਿੱਖਿਆ ਲਈ ਕੇਂਦਰੀ ਬਜਟ ਦੀ ਹਿੱਸੇਦਾਰੀ ਲਗਭਗ 4.3 ਤੋਂ 4.5 ਫ਼ੀਸਦੀ ਸੀ। 2013-14 ਤੱਕ ਇਹ 4.5 ਫ਼ੀਸਦੀ ਦੇ ਆਸ-ਪਾਸ ਰਹੀ। ਇਸ ਤੋਂ ਬਾਅਦ ਇਹ ਹਿੱਸੇਦਾਰੀ ਹੌਲੀ-ਹੌਲੀ ਘਟਦੀ ਗਈ। 2015-16 ਵਿੱਚ ਇਹ ਲਗਭਗ 3.9 ਫ਼ੀਸਦੀ, 2018-19 ਵਿੱਚ 3.5 ਫ਼ੀਸਦੀ, 2020-21 ਵਿੱਚ 3.3 ਫ਼ੀਸਦੀ, 2022-23 ਵਿੱਚ ਲਗਭਗ 2.6 ਫ਼ੀਸਦੀ ਅਤੇ 2025-26 ਵਿੱਚ ਕਰੀਬ 2.5 ਫ਼ੀਸਦੀ ਰਹਿ ਗਈ। ਇਹ ਅੰਕੜੇ ਦਰਸਾਉਂਦੇ ਹਨ ਕਿ ਸਿੱਖਿਆ ਨੂੰ ਮਿਲਣ ਵਾਲੀ ਕੁੱਲ ਰਕਮ ਨਾਲੋਂ ਵੱਧ ਮਹੱਤਵਪੂਰਨ ਉਸ ਦੀ ਬਜਟੀ ਤਰਜੀਹ ਹੈ, ਜੋ ਲਗਾਤਾਰ ਘਟਦੀ ਨਜ਼ਰ ਆ ਰਹੀ ਹੈ। ਸਕੂਲੀ ਅਤੇ ਉੱਚ ਸਿੱਖਿਆ ਦੀ ਵੱਖ-ਵੱਖ ਤਸਵੀਰ ਵੀ ਧਿਆਨ ਖਿੱਚਦੀ ਹੈ। 2025-26 ਦੇ ਬਜਟ ਵਿੱਚ ਸਕੂਲੀ ਸਿੱਖਿਆ ਵਿਭਾਗ ਲਈ ?78 ਹਜ਼ਾਰ ਕਰੋੜ ਤੋਂ ਵੱਧ ਅਤੇ ਉੱਚ ਸਿੱਖਿਆ ਲਈ ?50 ਹਜ਼ਾਰ ਕਰੋੜ ਤੋਂ ਵੱਧ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਰਕਮ ਰਾਹੀਂ ਸਮਗ੍ਰ ਸਿੱਖਿਆ ਅਭਿਆਨ, ਪੀਐਮ-ਸ਼੍ਰੀ ਸਕੂਲ, ਡਿਜ਼ਿਟਲ ਸਿੱਖਿਆ, ਕ੍ਰਿਤ੍ਰਿਮ ਬੁੱਧੀ (19), ਹੁਨਰ ਵਿਕਾਸ ਅਤੇ ਨਵੀਂ ਸਿੱਖਿਆ ਨੀਤੀ ਨਾਲ ਸਬੰਧਿਤ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਪਰ ਹਕੀਕਤ ਇਹ ਵੀ ਹੈ ਕਿ ਦੇਸ਼ ਦੇ ਹਜ਼ਾਰਾਂ ਸਰਕਾਰੀ ਸਕੂਲ ਅਜੇ ਵੀ ਅਧਿਆਪਕਾਂ ਦੀ ਘਾਟ, ਵਿਗਿਆਨ ਲੈਬਾਂ ਦੀ ਕਮੀ, ਪੁਸਤਕਾਲਿਆਂ ਦੀ ਘਾਟ, ਕੰਪਿਊਟਰਾਂ ਦੀ ਅਣਉਪਲਬਧਤਾ ਅਤੇ ਬੁਨਿਆਦੀ ਢਾਂਚੇ ਦੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ। ਕਈ ਰਾਜ ਯੂਨੀਵਰਸਿਟੀਆਂ ਵਿੱਚ ਖੋਜ ਲਈ ਲੋੜੀਂਦੇ ਸਰੋਤ ਅਜੇ ਵੀ ਸੀਮਤ ਹਨ। ਨਵੀਂ ਸਿੱਖਿਆ ਨੀਤੀ ਨੇ ਭਾਰਤੀ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਬਦਲਾਅ ਦਾ ਰਾਹ ਦਿਖਾਇਆ ਹੈ। ਇਸ ਵਿੱਚ ਬਹੁ-ਵਿਸ਼ਾ ਸਿੱਖਿਆ, ਮਾਤ ਭਾਸ਼ਾ ਵਿੱਚ ਪੜ੍ਹਾਈ, ਡਿਜ਼ਿਟਲ ਸਿੱਖਿਆ, ਹੁਨਰ ਵਿਕਾਸ,



ਖੋਜ ਅਤੇ ਨਵੀਨਤਾ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਪਰ ਇਨ੍ਹਾਂ ਟੀਚਿਆਂ ਨੂੰ ਹਾਸਲ ਕਰਨ ਲਈ ਵੱਡੇ ਵਿੱਤੀ ਨਿਵੇਸ਼ ਦੀ ਲੋੜ ਹੈ। ਜੇ ਬਜਟ ਵਿੱਚ ਸਿੱਖਿਆ ਦੀ ਹਿੱਸੇਦਾਰੀ ਲਗਾਤਾਰ ਘਟਦੀ ਰਹੇਗੀ ਤਾਂ ਨੀਤੀ ਦੇ ਕਈ ਉਦੇਸ਼ ਕਾਗਜ਼ਾਂ ਤੱਕ ਹੀ ਸੀਮਤ ਰਹਿ ਸਕਦੇ ਹਨ। ਭਾਰਤ ਵਿੱਚ ਸਿੱਖਿਆ ਉੱਤੇ ਸਰਕਾਰੀ ਖਰਚ ਲੰਮੇ ਸਮੇਂ ਤੋਂ ਚਰਚਾ ਦਾ ਵਿਸ਼ਾ ਰਿਹਾ ਹੈ। ਕੋਠਾਰੀ ਕਮਿਸ਼ਨ ਨੇ 1966 ਵਿੱਚ ਹੀ ਸਿਫ਼ਾਰਸ਼ ਕੀਤੀ ਸੀ ਕਿ ਦੇਸ਼ ਨੂੰ ਆਪਣੀ ਕੁੱਲ ਘਰੇਲੂ ਉਤਪਾਦ ਦਾ ਘੱਟੋ-ਘੱਟ 6 ਫ਼ੀਸਦੀ ਸਿੱਖਿਆ ਉੱਤੇ ਖਰਚ ਕਰਨਾ ਚਾਹੀਦਾ ਹੈ। ਨਵੀਂ ਸਿੱਖਿਆ ਨੀਤੀ ਨੇ ਵੀ ਇਸੇ ਟੀਚੇ ਨੂੰ ਦੁਹਰਾਇਆ ਹੈ। ਪਰ ਮੌਜੂਦਾ ਸਮੇਂ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਮਿਲਾ ਕੇ ਵੀ ਭਾਰਤ ਦਾ ਕੁੱਲ ਸਰਕਾਰੀ ਸਿੱਖਿਆ ਖਰਚ ਲਗਭਗ 4 ਫ਼ੀਸਦੀ ਤੋਂ ਕੁਝ ਵੱਧ ਹੀ ਹੈ। ਇਹ ਦਰਸਾਉਂਦਾ ਹੈ ਕਿ ਛੇ ਦਹਾਕਿਆਂ ਬਾਅਦ ਵੀ ਦੇਸ਼ ਆਪਣੇ ਹੀ ਨਿਰਧਾਰਤ ਟੀਚੇ ਤੋਂ ਪਿੱਛੇ ਹੈ। ਵਿਕਸਿਤ ਦੇਸ਼ਾਂ ਦੇ ਤਜਰਬੇ ਸਾਡੇ ਲਈ ਸਬਕ ਹਨ। ਫਿਨਲੈਂਡ ਨੇ ਆਪਣੇ ਸਿੱਖਿਆ ਮਾਡਲ ਨੂੰ ਮਜ਼ਬੂਤ ਕਰਕੇ ਵਿਸ਼ਵ ਵਿੱਚ ਵੱਖਰੀ ਪਛਾਣ ਬਣਾਈ ਹੈ। ਦੱਖਣੀ ਕੋਰੀਆ ਨੇ ਸਿੱਖਿਆ ਅਤੇ ਖੋਜ ਵਿੱਚ ਨਿਵੇਸ਼ ਕਰਕੇ ਕੁਝ ਹੀ ਦਹਾਕਿਆਂ ਵਿੱਚ ਆਪਣੇ ਆਪ ਨੂੰ ਤਕਨਾਲੋਜੀ ਮਹਾਂਸ਼ਕਤੀ ਵਿੱਚ ਬਦਲ ਲਿਆ। ਚੀਨ ਨੇ ਵੀ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰਕੇ ਵਿਸ਼ਵ ਪੱਧਰ ਦੀਆਂ ਸੰਸਥਾਵਾਂ ਖੜ੍ਹੀਆਂ ਕੀਤੀਆਂ ਹਨ। ਇਨ੍ਹਾਂ ਦੇਸ਼ਾਂ ਦੀ ਸਫ਼ਲਤਾ ਇਹ ਸਾਬਤ ਕਰਦੀ ਹੈ ਕਿ ਸਿੱਖਿਆ ਉੱਤੇ ਕੀਤਾ ਗਿਆ ਨਿਵੇਸ਼ ਖਰਚ ਨਹੀਂ, ਸਗੋਂ ਸਭ ਤੋਂ ਵੱਡੀ ਪੂੰਜੀ ਹੈ। ਭਾਰਤ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਨੌਜਵਾਨ ਅਬਾਦੀ ਹੈ। ਦੁਨੀਆ ਦੇ ਸਭ ਤੋਂ ਵੱਧ ਨੌਜਵਾਨਾਂ ਵਾਲੇ ਦੇਸ਼ ਵਿੱਚ ਜੇ ਸਿੱਖਿਆ ਅਤੇ ਹੁਨਰ ਵਿਕਾਸ 'ਤੇ ਪੂਰਾ ਧਿਆਨ ਨਾ ਦਿੱਤਾ ਗਿਆ ਤਾਂ ਇਹ ਜਨਸੰਖਿਆਕ ਲਾਭ ਇੱਕ ਬੋਝ ਵਿੱਚ ਵੀ ਬਦਲ ਸਕਦਾ ਹੈ। ਬੇਰੁਜ਼ਗਾਰੀ, ਹੁਨਰ ਦੀ ਘਾਟ, ਘੱਟ ਉਤਪਾਦਕਤਾ ਅਤੇ ਵਿਦੇਸ਼ਾਂ ਵੱਲ ਪ੍ਰਤਿਭਾ ਦਾ ਰੁਖ ਇਸ ਦੇ ਨਤੀਜੇ ਹੋ ਸਕਦੇ ਹਨ। ਹਰ ਸਾਲ ਲੱਖਾਂ ਭਾਰਤੀ ਵਿਦਿਆਰਥੀ ਉੱਚ ਸਿੱਖਿਆ ਲਈ ਵਿਦੇਸ਼ ਜਾਂਦੇ ਹਨ ਅਤੇ ਅਰਬਾਂ ਰੁਪਏ ਵਿਦੇਸ਼ੀ ਸੰਸਥਾਵਾਂ ਨੂੰ ਅਦਾ ਕਰਦੇ ਹਨ। ਜੇ ਭਾਰਤ ਵਿੱਚ ਹੀ ਵਿਸ਼ਵ ਪੱਧਰੀ ਸਿੱਖਿਆ ਅਤੇ ਖੋਜ ਦੇ ਮੌਕੇ ਉਪਲਬਧ ਹੋਣ ਤਾਂ ਇਹ ਪ੍ਰਤਿਭਾ ਅਤੇ ਪੂੰਜੀ ਦੋਵੇਂ ਦੇਸ਼ ਦੇ ਅੰਦਰ ਹੀ ਰਹਿ ਸਕਦੇ ਹਨ। ਇਹ ਵੀ ਸੱਚ ਹੈ ਕਿ ਕੇਂਦਰ ਸਰਕਾਰ ਨੇ ਪਿਛਲੇ ਕੁਝ ਸਾਲਾਂ ਵਿੱਚ ਪੀਐਮ-ਸ਼੍ਰੀ ਸਕੂਲ, ਡਿਜ਼ਿਟਲ ਯੂਨੀਵਰਸਿਟੀ, ਰਾਸ਼ਟਰੀ ਖੋਜ ਪਹਿਲਾਂ ਅਤੇ ਹੁਨਰ ਵਿਕਾਸ ਵਰਗੀਆਂ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਇਹ ਸਕਾਰਾਤਮਕ ਕਦਮ ਹਨ। ਪਰ ਕਿਸੇ ਵੀ ਨੀਤੀ ਦੀ ਸਫ਼ਲਤਾ ਉਸ ਲਈ ਉਪਲਬਧ ਵਿੱਤੀ ਸਰੋਤਾਂ 'ਤੇ ਨਿਰਭਰ ਕਰਦੀ ਹੈ।

ਜੇ ਸਿੱਖਿਆ ਨੂੰ ਲੰਬੇ ਸਮੇਂ ਲਈ ਯੋਗ ਵਿੱਤੀ ਸਹਾਇਤਾ ਨਾ ਮਿਲੇ ਤਾਂ ਇਨ੍ਹਾਂ ਯੋਜਨਾਵਾਂ ਦੇ ਉਮੀਦ ਅਨੁਸਾਰ ਨਤੀਜੇ ਮਿਲਣਾ ਔਖਾ ਹੋ ਸਕਦਾ ਹੈ। 2047 ਦੇ ਵਿਕਸਿਤ ਭਾਰਤ ਦਾ ਸੁਪਨਾ ਸਿਰਫ਼ ਵੱਡੇ ਐਕਸਪ੍ਰੈੱਸਵੇਅ, ਉਦਯੋਗਿਕ ਗਲਿਆਰਿਆਂ ਜਾਂ ਹਵਾਈ ਅੱਡਿਆਂ ਨਾਲ ਪੂਰਾ ਨਹੀਂ ਹੋਵੇਗਾ। ਇੱਕ ਵਿਕਸਿਤ ਰਾਸ਼ਟਰ ਲਈ ਗੁਣਵੱਤਾ ਵਾਲੇ ਸਕੂਲ, ਸਮਰੱਥ ਯੂਨੀਵਰਸਿਟੀਆਂ, ਉੱਚ ਪੱਧਰੀ ਖੋਜ, ਤਰਬੀਅਤਯਾਫ਼ਤਾ ਅਧਿਆਪਕ ਅਤੇ ਹੁਨਰਮੰਦ ਨੌਜਵਾਨ ਸਭ ਤੋਂ ਵੱਡੀ ਲੋੜ ਹਨ। ਅਰਥਸ਼ਾਸਤਰੀ ਵੀ ਮੰਨਦੇ ਹਨ ਕਿ ਮਨੁੱਖੀ ਪੂੰਜੀ ਵਿੱਚ ਕੀਤਾ ਗਿਆ ਨਿਵੇਸ਼ ਸਭ ਤੋਂ ਵੱਧ ਸਮਾਜਿਕ ਅਤੇ ਆਰਥਿਕ ਲਾਭ ਦਿੰਦਾ ਹੈ। ਇਸ ਲਈ ਜੇ ਸਿੱਖਿਆ ਨੂੰ ਕੇਂਦਰੀ ਬਜਟ ਵਿੱਚ ਮੁੜ ਵਧੇਰੇ ਤਰਜੀਹ ਦਿੱਤੀ ਜਾਵੇ ਅਤੇ ਸਿੱਖਿਆ 'ਤੇ ਸਰਕਾਰੀ ਖਰਚ ਨੂੰ ਹੌਲੀ-ਹੌਲੀ ਜੀਡੀਪੀ ਦੇ 6 ਫ਼ੀਸਦੀ ਟੀਚੇ ਵੱਲ ਲਿਆਂਦਾ ਜਾਵੇ ਤਾਂ ਭਾਰਤ ਦਾ ਵਿਕਾਸ ਹੋਰ ਟਿਕਾਊ, ਸਮਾਵੇਸ਼ੀ ਅਤੇ ਗਿਆਨ-ਆਧਾਰਿਤ ਹੋ ਸਕਦਾ ਹੈ। ਸਿੱਟੇ ਵਜੋਂ ਇਹ ਕਿਹਾ ਜਾ ਸਕਦਾ ਹੈ ਕਿ ਪਿਛਲੇ ਪੰਦਰਾਂ ਸਾਲਾਂ ਵਿੱਚ ਸਿੱਖਿਆ ਲਈ ਕੁੱਲ ਬਜਟ ਰਕਮ ਵਧੀ ਹੈ, ਪਰ ਕੇਂਦਰੀ ਬਜਟ ਵਿੱਚ ਉਸ ਦੀ ਹਿੱਸੇਦਾਰੀ ਘਟੀ ਹੈ। ਇਹ ਦੋਵੇਂ ਗੱਲਾਂ ਇਕੱਠਿਆਂ ਸਹੀ ਹੋ ਸਕਦੀਆਂ ਹਨ ਅਤੇ ਇਨ੍ਹਾਂ ਨੂੰ ਵੱਖ-ਵੱਖ ਸਮਝਣ ਦੀ ਲੋੜ ਹੈ।

ਭਾਰਤ ਜੇ ਆਪਣੀ ਨੌਜਵਾਨ ਅਬਾਦੀ ਨੂੰ ਅਸਲ ਤਾਕਤ ਵਿੱਚ ਬਦਲਣਾ ਚਾਹੁੰਦਾ ਹੈ ਤਾਂ ਸਿੱਖਿਆ ਨੂੰ ਖਰਚ ਨਹੀਂ, ਸਗੋਂ ਭਵਿੱਖ ਦੀ ਸਭ ਤੋਂ ਵੱਡੀ ਪੂੰਜੀ ਸਮਝਣਾ ਹੋਵੇਗਾ। ਅੱਜ ਸਿੱਖਿਆ ਵਿੱਚ ਕੀਤਾ ਗਿਆ ਨਿਵੇਸ਼ ਹੀ ਕੱਲ੍ਹ ਦੇ ਮਜ਼ਬੂਤ ਲੋਕਤੰਤਰ, ਖੁਸ਼ਹਾਲ ਆਰਥਿਕਤਾ, ਵਿਗਿਆਨਕ ਸੋਚ ਅਤੇ ਸਮਾਜਿਕ ਬਰਾਬਰੀ ਦੀ ਬੁਨਿਆਦ ਬਣੇਗਾ। ਇਹੀ ਉਹ ਚੇਤਾਵਨੀ ਹੈ ਜਿਸ ਨੂੰ ਨਜ਼ਰਅੰਦਾਜ਼ ਕਰਨਾ ਭਾਰਤ ਦੇ ਭਵਿੱਖ ਲਈ ਮਹਿੰਗਾ ਸਾਬਤ ਹੋ ਸਕਦਾ।

**ਲਾਡੀ ਜਗਤਾਰ ਮਾਨਸਾ**
**ਸੰਪਰਕ : 9463603091**

# ਬਜ਼ੁਰਗ ਲੋਕਾਂ ਵਿੱਚ ਗੋਡਿਆਂ ਦੀਆਂ ਸਮੱਸਿਆਵਾਂ ਅਤੇ ਉਪਾਅ : ਡਾ. ਕ੍ਰਿਸ਼ਨ ਲਾਲ

ਜ਼ਿਕਰ ਪੰਜਾਬ

ਗੋਡਿਆਂ ਦੀ ਸਮੱਸਿਆ ਬਹੁਤ ਸਾਰੇ ਲੋਕਾਂ ਵਿੱਚ ਇੱਕ ਆਮ ਸਿਹਤ ਮੁੱਦਾ ਹੈ, ਖਾਸ ਕਰਕੇ ਵੱਧੀ ਉਮਰ ਵਾਲੇ ਲੋਕਾਂ ਵਿੱਚ। ਇਹ ਸਮੱਸਿਆ ਕਿਸੇ ਵੀ ਉਮਰ ਵਿੱਚ ਹੋ ਸਕਦੀ ਹੈ, ਪਰ ਬੁਜ਼ੁਰਗ ਲੋਕਾਂ ਵਿੱਚ ਜ਼ਿਆਦਾ ਪਾਈ ਜਾਂਦੀ ਹੈ। ਨੌਜਵਾਨ ਬਾਲਗ ਵੀ ਪ੍ਰਭਾਵਿਤ ਹੁੰਦੇ ਹਨ, ਖਾਸ ਕਰਕੇ ਐਥਲੀਟ। ਗੋਡਿਆਂ ਦੀਆਂ ਸੱਟਾਂ ਐਥਲੀਟਾਂ ਅਤੇ ਸਰਗਰਮ ਵਿਅਕਤੀਆਂ ਵਿੱਚ ਆਮ ਹਨ। ਜਿਵੇਂ ਕਿ 13* ਟੀਅਰ, ਲਿਗਾਮੈਂਟ ਡੈਮੇਜ, ਅਤੇ ਮੇਨਿਸਕਸ ਟੀਅਰ। ਇਕ ਅਧਿਐਨ ਅਨੁਸਾਰ ਗੋਡਿਆਂ ਦੀ ਸਮੱਸਿਆ ਔਰਤਾਂ ਵਿੱਚ (31.6%) ਮਰਦਾਂ (28.1%) ਨਾਲੋਂ ਜ਼ਿਆਦਾ ਹੈ। ਆਮ ਭਾਰ ਅਤੇ ਮੋਟੇ ਲੋਕਾਂ ਵਿੱਚ (33%) ਦੇ ਮੁਕਾਬਲੇ ਘੱਟ ਭਾਰ ਵਾਲੇ ਲੋਕਾਂ (28%) ਵਿੱਚ ਗੋਡਿਆਂ ਦੀ ਸਮੱਸਿਆ ਕਾਫ਼ੀ ਘੱਟ ਸੀ। ਪੱਛਮੀ ਟਾਇਲਟ ਦੀ ਵਰਤੋਂ ਕਰਨ ਵਾਲੇ ਲੋਕਾਂ ਵਿੱਚ ਗੋਡਿਆਂ ਦੀ ਸਮੱਸਿਆ (42.1%) ਹੈ ਜਦੋਂਕਿ ਭਾਰਤੀ ਟਾਇਲਟ ਦੀ ਵਰਤੋਂ ਕਰਨ ਵਾਲਿਆਂ ਲੋਕਾਂ ਵਿੱਚ (29.7%) ਹੈ। ਹਰ ਰੋਜ ਕਸਰਤ ਕਰਨ ਵਾਲੇ ਲੋਕਾਂ ਵਿੱਚ (36%) ਦੇ ਮੁਕਾਬਲੇ ਕਸਰਤ ਨਾ ਕਰਨ ਵਾਲੇ ਲੋਕਾਂ ਵਿੱਚ ਗੋਡਿਆਂ ਦੀ ਸਮੱਸਿਆ (82.9%) ਹੈ।

ਗੋਡਿਆਂ ਵਿੱਚ ਦਰਦ ਅਤੇ ਸਮੱਸਿਆਵਾਂ ਕਈ ਵੱਖ-ਵੱਖ ਕਾਰਨਾਂ ਕਰਕੇ ਹੋ ਸਕਦੀਆਂ ਹਨ ਜਿਵੇਂ ਕਿ: ਓਸਟਿਓਆਰਥਰਾਈਟਿਸ ਗੋਡਿਆਂ ਦੇ ਦਰਦ ਦਾ ਸਭ ਤੋਂ ਮੁੱਖ ਕਾਰਨ ਹੈ, ਜਿਸ ਵਿੱਚ ਹੱਡੀਆਂ ਦੇ ਦਰਮਿਆਨ ਮੋਸ਼ਨ ਦੇ ਲਈ ਲਗਣ ਵਾਲਾ ਕਾਰਟਿਲੇਜ ਕਮਜ਼ੋਰ ਹੋ ਜਾਂਦਾ ਹੈ। ਇਸ ਦਾ ਨਤੀਜਾ ਗੋਡਿਆਂ ਦਾ ਦਰਦ ਹੁੰਦਾ ਹੈ। ਇਸ ਦੇ ਮੁੱਖ ਕਾਰਨ 13* ਟੀਅਰ, $3* ਸੱਟਾਂ, ਮੇਨਿਸਕਸ ਟੀਅਰ, ਅਤੇ ਪੈਟੇਲਰ ਡਿਸਲੋਕੇਸ਼ਨ। ਇਸ ਦੇ ਇਲਾਜ ਲਈ ਸਰੀਰਕ ਥੈਰੇਪੀ, ਦਰਦ ਤੋਂ ਰਾਹਤ ਪਾਉਣ ਵਾਲੀਆਂ ਦਵਾਈਆਂ, ਅਤੇ ਗੰਭੀਰ ਮਾਮਲਿਆਂ ਵਿੱਚ ਗੋਡੇ ਬਦਲਣ ਦੀ ਸਰਜਰੀ ਵਰਗੇ ਇਲਾਜ ਹਨ। ਗੋਡੇ ਦੇ ਆਲੇ ਦੁਆਲੇ ਦੀਆਂ ਮਾਸਪੇਸ਼ੀਆਂ ਨੂੰ ਮਜ਼ਬੂਤ ਕਰਨ ਲਈ ਨਿਯਮਤ ਕਸਰਤ, ਬਹੁਤ ਜ਼ਿਆਦਾ ਦਬਾਅ ਤੋਂ ਬਚਣਾ, ਅਤੇ ਸਿਹਤਮੰਦ ਭਾਰ ਬਣਾਈ ਰੱਖਣਾ ਜ਼ਰੂਰੀ ਹੈ। ਸਿਹਤਮੰਦ ਭਾਰ ਬਣਾਈ ਰੱਖਣਾ ਨਾ ਸਿਰਫ਼ ਗੋਡਿਆਂ ਦੇ ਜੋੜਾਂ ਦੀ ਰੱਖਿਆ ਕਰਦਾ ਹੈ ਬਲਕਿ ਸ਼ੂਗਰ ਅਤੇ ਦਿਲ ਦੀ ਬਿਮਾਰੀ ਵਰਗੀਆਂ ਹੋਰ ਪੁਰਾਣੀਆਂ ਸਥਿਤੀਆਂ ਨੂੰ ਵੀ ਰੋਕਦਾ ਹੈ। ਰਿਊਮੈਟਾਇਡ ਆਰਥਰਾਈਟਿਸ ਇੱਕ ਆਟੀਮਿਊਨ ਬੀਮਾਰੀ ਹੈ, ਜਿਸ ਵਿੱਚ ਸਰੀਰ ਆਪਣੇ ਹੀ ਹੱਡੀਆਂ ਅਤੇ ਜੋੜਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਹ ਵੀ ਗੋਡਿਆਂ ਵਿੱਚ ਦਰਦ ਦਾ ਇੱਕ ਮੁੱਖ ਕਾਰਨ ਬਣ ਸਕਦਾ ਹੈ। ਐਲਮਿੰਟਿਪਲ ਮੈਲ: ਮੈਨਿਸਕਸ ਦੀ ਫੱਟਣ, ਜੋ ਕਿ ਗੋਡਿਆਂ ਦੀ ਹੱਡੀ ਨੂੰ ਇੱਕ ਦੂਜੇ ਨਾਲ ਜੋੜਦਾ ਹੈ, ਇਸ ਨਾਲ ਵੀ ਗੋਡਿਆਂ ਵਿੱਚ ਦਰਦ ਅਤੇ ਅਸੁਵਿਧਾ ਹੋ ਸਕਦੀ ਹੈ। ਪੈਟੇਲਾਫੈਮੋਰਲ ਸਿੰਡਰੋਮ ਗੋਡਿਆਂ ਦੇ ਅੱਗੇ ਵਾਲੇ ਹਿੱਸੇ ਵਿੱਚ ਦਰਦ ਪੈਦਾ ਕਰਦਾ ਹੈ ਅਤੇ ਇਹ ਜ਼ਿਆਦਾ ਤੌਰ 'ਤੇ ਦੌੜਦਿਆਂ ਜਾਂ ਜ਼ਿਆਦਾ ਖੇਡ-ਕੂਦ ਕਰਨ ਵਾਲੇ ਲੋਕਾਂ ਵਿੱਚ ਹੁੰਦਾ ਹੈ। ਯੂਟੀਬੈਂਟ ਅਤੇ ਸਾਫਟ ਟਿਊਸ਼ੂ ਇੰਜਰੀ: ਇਹ ਗੋਡਿਆਂ ਦੇ ਲੀਗਮੈਂਟ ਜਾਂ ਸਾਫਟ ਟਿਊਸ਼ੂ ਵਿੱਚ ਖਿੱਚ ਜਾਂ ਦੂਜੀਆਂ ਇੰਜਰੀਆਂ ਵਿੱਚ ਦਰਦ ਦਾ ਕਾਰਨ ਹੋ ਸਕਦੀਆਂ ਹਨ।



ਗੋਡਿਆਂ ਦੀ ਸਮੱਸਿਆ ਵਿੱਚ ਕਈ ਤਰ੍ਹਾਂ ਦੇ ਲੱਛਣ ਵੱਖ-ਵੱਖ ਲੋਕਾਂ ਵਿੱਚ ਵੇਖੇ ਜਾ ਸਕਦੇ ਹਨ। ਜਿਵੇਂ ਗੋਡਿਆਂ ਵਿੱਚ ਦਰਦ ਹੋਣਾ, ਖਾਸ ਕਰਕੇ ਜਦੋਂ ਵੱਧ ਕਮਰ ਵਾਲੇ ਜਾਂ ਉਮਰ ਵਾਲੇ ਲੋਕ ਚੱਲਦੇ ਹਨ ਜਾਂ ਬੈਠੇ ਤੋਂ ਉੱਠਦੇ ਹਨ। ਗੋਡਿਆਂ ਦੇ ਆਲੇ-ਦੁਆਲੇ ਖ਼ਾਸ ਤੌਰ 'ਤੇ ਸੂਜਨ ਹੋਣਾ, ਜਿਸ ਨਾਲ ਲੋਕਾਂ ਨੂੰ ਖ਼ਾਸ ਕਰਕੇ ਹਿਲ-ਡੁਲ ਕਰਨ ਵਿੱਚ ਮੁਸ਼ਕਲ ਹੁੰਦੀ ਹੈ। ਕਈ ਵਾਰੀ ਗੋਡਿਆਂ ਵਿੱਚ ਹੀਚਕੀਆਂ ਜਾਂ ਜੜਨ ਵਾਲੀਆਂ ਆਵਾਜ਼ਾਂ ਸੁਣੀਆਂ ਜਾਂਦੀਆਂ ਹਨ, ਜੋ ਇਸ ਗੱਲ ਦਾ ਸੰਕੇਤ ਹੋ ਸਕਦੀਆਂ ਹਨ ਕਿ ਮੈਨਿਸਕਸ ਜਾਂ ਕੱਟੜਾ ਹੋ ਗਿਆ ਹੈ। ਹਲਕੇ ਕਦਮ ਚਲਣ ਵਿੱਚ ਵੀ ਦਰਦ ਹੋਣਾ ਅਤੇ ਕਈ ਵਾਰੀ ਬਿਲਕੁਲ ਚਲਣਾ ਮੁਸ਼ਕਲ ਹੋ ਜਾਂਦਾ ਹੈ। ਗੋਡਿਆਂ ਵਿੱਚ ਕਮਜ਼ੋਰੀ ਮਹਿਸੂਸ ਹੋਣਾ, ਜਿੱਥੇ ਵਿਅਕਤੀ ਨੂੰ ਖੜ੍ਹਾ ਰਹਿਣ ਵਿੱਚ ਮੁਸ਼ਕਲ ਹੋ ਜਾਂਦੀ ਹੈ।

ਗੋਡਿਆਂ ਦਾ ਗਠੀਆ ਗਠੀਏ ਦੇ ਸਭ ਤੋਂ ਆਮ ਰੂਪਾਂ ਵਿੱਚੋਂ ਇੱਕ ਹੈ, ਅਤੇ ਇਹ ਆਮ ਤੌਰ 'ਤੇ ਵੱਡੀ ਉਮਰ ਦੇ ਬਾਲਗਾਂ ਨੂੰ ਪ੍ਰਭਾਵਿਤ ਕਰਦਾ ਹੈ। ਇਸ ਦੇ ਮੁੱਖ ਲੱਛਣ ਦਰਦ, ਕਠੋਰਤਾ, ਸੋਜ, ਅਤੇ ਗਤੀ ਦੀ ਘਟੀ ਹੋਈ ਸੀਮਾ ਹੈ। ਜੋੜਾਂ 'ਤੇ ਤਣਾਅ ਘਟਾਉਣ ਲਈ ਦਵਾਈਆਂ, ਸਰੀਰਕ ਥੈਰੇਪੀ ਅਤੇ ਭਾਰ ਪ੍ਰਬੰਧਨ ਸ਼ਾਮਲ ਹਨ। ਗੰਭੀਰ ਮਾਮਲਿਆਂ ਵਿੱਚ, ਗੋਡਿਆਂ ਦੇ ਆਰਥਰੋਸਕੋਪੀ ਜਾਂ ਜੋੜਾਂ ਨੂੰ ਬਦਲਣ ਵਰਗੇ ਵਿਕਲਪ ਜ਼ਰੂਰੀ ਹੋ ਸਕਦੇ ਹਨ। ਗੋਡੇ ਬਦਲਣ ਦੀ ਸਰਜਰੀ ਅਕਸਰ ਉਨ੍ਹਾਂ ਮਰੀਜ਼ਾਂ ਲਈ ਇੱਕ ਆਖਰੀ ਉਪਾਅ ਹੁੰਦੀ ਹੈ ਜੋ ਗੰਭੀਰ ਗੋਡੇ ਦੇ ਗਠੀਏ ਅਤੇ ਹੋਰ ਡੀਜਨਰੇਟਿਵ ਜੋੜਾਂ ਦੀਆਂ ਬਿਮਾਰੀਆਂ ਤੋਂ ਪੀੜਤ ਹਨ। ਦਰਦ ਘਟਾਉਣ ਅਤੇ ਕਾਰਜਸ਼ੀਲਤਾ ਨੂੰ ਬਿਹਤਰ ਬਣਾਉਣ ਲਈ ਗੋਡੇ ਬਦਲਣ ਦੀ ਸਰਜਰੀ ਕੀਤੀ ਜਾਂਦੀ ਹੈ।

ਮੋਟੇ ਤੌਰ 'ਤੇ, ਗੋਡਿਆਂ ਦੇ ਦਰਦ ਨੂੰ ਘਟਾਉਣ ਲਈ ਦਵਾਈਆਂ ਜਿਵੇਂ ਪੇਨਕਿਲਰ ਅਤੇ ਐਂਟੀ-ਇਨਫਲਾਮੇਟਰੀ ਦਵਾਈਆਂ ਵਰਤੀ ਜਾਂਦੀਆਂ ਹਨ। ਇਨ੍ਹਾਂ ਦਾ ਉਦੇਸ਼ ਦਰਦ ਅਤੇ ਸੂਜਨ ਨੂੰ ਕਾਬੂ ਕਰਨਾ ਹੈ। ਇਸਦੇ ਨਾਲ ਹੀ ਫਿਜੀਓਥੈਰੇਪੀ ਵੀ ਉਪਯੋਗੀ ਸਾਬਿਤ ਹੋ ਸਕਦੀ ਹੈ, ਜਿਸ ਵਿੱਚ ਮਾਸਪੇਸ਼ੀਆਂ ਦੀ ਮਜ਼ਬੂਤੀ ਲਈ ਵਿਸ਼ੇਸ਼ ਅਭਿਆਸ ਕਰਵਾਏ ਜਾਂਦੇ ਹਨ। ਜੇਕਰ ਸਮੱਸਿਆ ਗੰਭੀਰ ਹੋ ਅਤੇ ਦਵਾਈਆਂ ਨਾਲ ਇਲਾਜ ਨਾ ਹੋਵੇ ਤਾਂ ਗੋਡਿਆਂ ਵਿੱਚ ਸਰਜਰੀ ਕੀਤੀ ਜਾ ਸਕਦੀ ਹੈ। ਮੈਨਿਸਕਸ ਫੱਟਣ ਜਾਂ ਲੀਗਮੈਂਟ ਤੂੜੇ ਨੂੰ ਠੀਕ ਕਰਨ ਲਈ ਜ਼ਰੂਰੀ ਹੋ ਸਕਦੀ ਹੈ। ਗੋਡਿਆਂ ਦੀ ਬਦਲਾਅ ਸਰਜਰੀ (ਹਿਪ ਰਿਪਲੇਸਮੈਂਟ) ਵੀ ਇਕ ਵਿਕਲਪ ਹੈ ਜਦੋਂ ਦਵਾਈਆਂ ਅਤੇ ਫਿਜੀਓਥੈਰੇਪੀ ਦਾ ਕੋਈ ਫ਼ਾਇਦਾ ਨਾ ਹੋ। ਸੰਤੁਲਿਤ ਵਜ਼ਨ ਨੂੰ ਰੱਖਣਾ ਅਤੇ ਗੋਡਿਆਂ ਨੂੰ ਲੋਡ ਤੋਂ ਬਚਾਉਣਾ ਮੁਹੱਤਵਪੂਰਨ ਹੈ। ਗੋਡਿਆਂ ਨੂੰ ਥੋੜਾ ਵੱਧ ਭਾਰ ਨਾ ਪਾਉਣ ਦੇ ਲਈ ਜੰਗਲਾਂ ਜਾਂ ਉੱਚੇ ਸਪੋਰਟਸ ਹਲਾਤਾਂ ਤੋਂ ਬਚੋ। ਕਸਰਤਾਂ, ਖ਼ੁਰਾਕ ਸੰਬੰਧੀ ਸੁਝਾਅ ਅਤੇ ਜੀਵਨਸ਼ੈਲੀ ਵਿੱਚ ਬਦਲਾਅ ਸ਼ਾਮਲ ਹਨ ਜੋ ਗੋਡਿਆਂ ਦੇ ਕੰਮਕਾਜ ਦੇ ਵਿਗੜਨ ਨੂੰ ਰੋਕਣ ਜਾਂ ਹੌਲੀ ਕਰਨ ਵਿੱਚ ਮਦਦ ਕਰ ਸਕਦੇ ਹਨ। ਤੈਰਾਕੀ, ਸਾਈਕਲਿੰਗ ਅਤੇ ਸੈਰ ਵਰਗੀਆਂ ਘੱਟ-ਪ੍ਰਭਾਵ ਵਾਲੀਆਂ ਗਤੀਵਿਧੀਆਂ ਜੋ ਜੋੜਾਂ 'ਤੇ ਜ਼ਿਆਦਾ ਦਬਾਅ ਪਾਏ ਬਿਨਾਂ ਗੋਡਿਆਂ ਦੀਆਂ ਮਾਸਪੇਸ਼ੀਆਂ ਨੂੰ ਮਜ਼ਬੂਤ ਕਰਦੀਆਂ ਹਨ। ਸੋਜ ਨੂੰ ਘਟਾਉਣ ਅਤੇ ਜੋੜਾਂ ਦੀ ਸਿਹਤ ਨੂੰ ਬਿਹਤਰ ਬਣਾਉਣ ਲਈ ਓਮੇਗਾ-3 ਫੈਟੀ ਐਸਿਡ ਅਤੇ ਐਂਟੀਆਕਸੀਡੈਂਟਸ ਨਾਲ ਭਰਪੂਰ ਭੋਜਨ ਲਓ। ਗੋਡਿਆਂ ਵਿੱਚ ਦਰਦ ਖਤਮ ਕਰਨ ਲਈ ਦਰਦ ਘਟਾਉਣ ਵਾਲੀ ਕ੍ਰੀਮ ਜਾਂ ਜੈਲ ਵਰਤੋਂ। ਡਾਕਟਰ ਦੀ ਸਲਾਹ ਨਾਲ ਕੈਲਸ਼ੀਅਮ ਅਤੇ ਵਿਟਾਮਿਨ-ਡੀ ਲਓ।


ਡਾ. ਕ੍ਰਿਸ਼ਨ ਲਾਲ

ਸਰੋਂ ਦਾ ਤੇਲ, ਤਿਲ ਦਾ ਤੇਲ ਜਾਂ ਮਹਾਨਾਰਾਇਣ ਤੇਲ ਹਲਕਾ ਗਰਮ ਕਰਕੇ ਗੋਡੇ 'ਤੇ ਰੋਜ਼ ਮਾਲਿਸ਼ ਕਰੋ। ਰੋਜ਼ 10-15 ਮਿੰਟ ਗਰਮ ਪਾਣੀ ਦੀ ਟਕੋਰ ਕਰੋ। ਰਾਤ ਨੂੰ ਇੱਕ ਗਲਾਸ ਗਰਮ ਦੁੱਧ ਵਿੱਚ ਅੱਧਾ ਚਮਚ ਹਲਦੀ ਮਿਲਾ ਕੇ ਪੀਓ। ਅਦਰਕ ਦੀ ਚਾਹ ਜਾਂ ਕੱਚੀ ਲਸਣ ਰੋਜ਼ ਖਾਓ। ਕਿਉਂਕਿ ਇਹ ਖ਼ੂਨ ਦਾ ਪ੍ਰਵਾਹ ਵਧਾਉਂਦਾ ਹੈ ਅਤੇ ਜੋੜਾਂ ਦੀ ਸੂਜਨ ਘਟਾਉਂਦਾ ਹੈ। ਅਸ਼ਵਗੰਧਾ, ਗੁੱਗੂਲੂ, ਸ਼ਾਲਕੀ / ਬੋਸਵੇਲੀਆ ਜੜ੍ਹੀਆਂ ਬੂਟੀਆਂ ਮਾਸਪੇਸ਼ੀਆਂ ਅਤੇ ਜੋੜਾਂ ਨੂੰ ਮਜ਼ਬੂਤ ਕਰਦੀਆਂ ਹਨ ਤੇ ਜੋੜਾਂ ਦੀ ਸੂਜਨ ਘਟਾਉਂਦੀਆ ਹਨ। ਤਾਜਾ ਫਲ, ਸਬਜ਼ੀਆਂ, ਅਲਸੀ ਦੇ ਬੀਜ, ਅਖਰੋਟ, ਬਦਾਮ ਅਤੇ ਘੱਟ ਤੇਲ ਵਾਲੇ ਭੋਜਨ ਆਦਿ ਗੋਡਿਆਂ ਦਾ ਦਰਦ ਘਟਾਉਣ ਲਈ ਲਾਭਦਾਇਕ ਹਨ। ਵਧੇਰੇ ਮਸਾਲੇ ਵਾਲੇ ਖਾਣੇ ਤੋਂ ਪਰਹੇਜ ਕਰੋ।

ਗੋਡਿਆਂ ਦੀ ਸਮੱਸਿਆ ਇੱਕ ਗੰਭੀਰ ਮੁੱਦਾ ਬਣ ਸਕਦੀ ਹੈ, ਪਰ ਜੇਕਰ ਇਸ ਨੂੰ ਸਮੇਂ ਸਿਰ ਪਛਾਣਿਆ ਜਾਵੇ ਅਤੇ ਸਹੀ ਇਲਾਜ ਕੀਤਾ ਜਾਵੇ, ਤਾਂ ਇਸਦਾ ਇਲਾਜ ਸੰਭਵ ਹੈ। ਇਸ ਲਈ, ਜੇਕਰ ਤੁਸੀਂ ਗੋਡਿਆਂ ਦੇ ਦਰਦ ਜਾਂ ਸੂਜਨ ਦਾ ਸਾਹਮਣਾ ਕਰ ਰਹੇ ਹੋ ਤਾਂ ਮਾਹਿਰ ਡਾਕਟਰ ਜਾਂ ਆਯੁਰਵੈਦਿਕ ਚਿਕਿਤਸਕ ਦੀ ਸਲਾਹ ਲਓ ਅਤੇ ਜਲਦੀ ਇਲਾਜ ਸ਼ੁਰੂ ਕਰੋ। ਘਰੇਲੂ ਉਪਚਾਰ ਹੌਲੀ ਹੌਲੀ ਲਾਭ ਦਿੰਦੇ ਹਨ, ਤੁਰੰਤ ਚਮਤਕਾਰ ਨਹੀਂ ਕਰਦੇ।

**ਰਿਟਾਰਡ ਲੈਕਚਰਾਰ ਰਾਜਨੀਤੀ ਸ਼ਾਸ਼ਤਰ, ਬੁਢਲਾਡਾ (ਮਾਨਸਾ)**
**ਸੰਪਰਕ : 62831-16797**

# ਇਰਾਨ ਯੁੱਧ ਖਤਮ ਕਰਨ ਲਈ ਢਾਂਚਾ ਤਿਆਰ, ਅਮਰੀਕਾ ਹਮਲੇ ਨਹੀਂ ਕਰੇਗਾ : ਟਰੰਪ

ਜ਼ਿਕਰ ਪੰਜਾਬ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਦਾਅਵਾ ਕੀਤਾ ਕਿ ਪੱਛਮੀ ਏਸ਼ੀਆਈ ਸਹਿਯੋਗੀ ਇਰਾਨ ਨਾਲ ਚੱਲ ਰਹੀ ਜੰਗ ਨੂੰ ਖਤਮ ਕਰਨ ਲਈ ਇੱਕ ਢਾਂਚਾਗਤ ਸਮਝੌਤੇ 'ਤੇ ਪਹੁੰਚ ਗਏ ਹਨ। ਉਨ੍ਹਾਂ ਕਿਹਾ ਕਿ ਉਹ ਪੰਜ ਮਹੀਨਿਆਂ ਤੋਂ ਚੱਲ ਰਹੇ ਟਕਰਾਅ ਵਿੱਚ ਇਰਾਨ 'ਤੇ ਫਿਲਹਾਲ ਕੋਈ ਨਵਾਂ ਫੌਜੀ ਹਮਲਾ ਕਰਨ ਦਾ ਆਦੇਸ਼ ਨਹੀਂ ਦੇਣਗੇ। ਟਰੰਪ ਨੇ ਕਿਹਾ ਕਿ ਇਸ ਸਮਝੌਤੇ ਵਿੱਚ "ਹੋਰਮੁਜ਼ ਜਲਡਮਰੂ ਨੂੰ ਤੁਰੰਤ ਅਤੇ ਪੂਰੀ ਤਰ੍ਹਾਂ ਖੋਲ੍ਹਣਾ ਅਤੇ ਇਰਾਨੀ ਪ੍ਰਮਾਣੂ ਖਤਰੇ ਦਾ ਅੰਤ" ਸ਼ਾਮਲ ਹੋਵੇਗਾ । ਉਨ੍ਹਾਂ ਕਿਹਾ, "ਇਸ ਬੇਨਤੀ ਦੇ ਆਧਾਰ 'ਤੇ, ਦੁਨੀਆ ਦੇ ਭਵਿੱਖ ਦੇ ਹਿੱਤ ਵਿੱਚ, ਨਾਲ ਹੀ ਇੱਕ ਸਫਲ ਅਤੇ ਖੁਸ਼ਹਾਲ ਇਰਾਨ ਦੀ ਹੋਂਦ ਲਈ, ਮੈਂ ਫਿਲਹਾਲ ਹਮਲੇ ਰੋਕਣ ਲਈ ਸਹਿਮਤ ਹੋ ਗਿਆ ਹਾਂ, ਬਸ਼ਰਤੇ ਜਲਦੀ ਹੀ ਇੱਕ ਸਮਝੌਤਾ ਹੋ ਸਕੇ।"

ਟਰੰਪ ਨੇ ਇਹ ਵੀ ਕਿਹਾ ਕਿ ਇਜ਼ਰਾਈਲ ਇਰਾਨ ਨਾਲ ਇੱਕ ਸਮਝੌਤੇ 'ਤੇ ਪਹੁੰਚਣ ਲਈ ਅਮਰੀਕੀ ਯਤਨਾਂ ਵਿੱਚ ਸ਼ਾਮਲ ਹੋਣ ਲਈ ਸਹਿਮਤ ਹੋ ਗਿਆ ਹੈ ਜੋ ਯੁੱਧ ਨੂੰ ਖਤਮ ਕਰ ਸਕਦਾ ਹੈ।ਇਸ ਤੋਂ ਪਹਿਲਾਂ ਸ਼ਨੀਵਾਰ ਨੂੰ, ਸਾਊਦੀ ਅਰਬ ਦੇ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨੇ ਟਰੰਪ ਨਾਲ ਫ਼ੋਨ 'ਤੇ ਗੱਲਬਾਤ ਦੌਰਾਨ ਇਰਾਨ 'ਤੇ ਨਵੇਂ ਅਮਰੀਕੀ ਹਮਲੇ ਦੀ ਸੰਭਾਵਨਾ ਬਾਰੇ ਚਿੰਤਾ ਪ੍ਰਗਟ ਕੀਤੀ। ਇਹ ਜਾਣਕਾਰੀ ਦੋਵਾਂ ਨੇਤਾਵਾਂ ਵਿਚਕਾਰ ਹੋਈ ਗੱਲਬਾਤ ਤੋਂ ਜਾਣੂ ਇੱਕ ਵਿਅਕਤੀ ਦੁਆਰਾ ਪ੍ਰਦਾਨ ਕੀਤੀ ਗਈ ਸੀ।



ਅਮਰੀਕੀ ਵਿਦੇਸ਼ ਵਿਭਾਗ ਨੇ 10 ਦੇਸ਼ਾਂ ਵਿੱਚ ਰਹਿ ਰਹੇ ਅਮਰੀਕੀ ਨਾਗਰਿਕਾਂ ਲਈ ਇੱਕ ਨਵਾਂ ਸੁਰੱਖਿਆ ਅਲਰਟ ਜਾਰੀ ਕੀਤਾ, ਜਿਸ ਵਿੱਚ ਉਨ੍ਹਾਂ ਨੂੰ ਈਰਾਨ ਨਾਲ ਵਧਦੇ ਤਣਾਅ ਦੇ ਮੱਦੇਨਜ਼ਰ ਵਧੇਰੇ ਚੌਕਸ ਰਹਿਣ ਦੀ ਸਲਾਹ ਦਿੱਤੀ ਗਈ।

ਇਹ ਅਲਰਟ ਬਹਿਰੀਨ, ਇਜ਼ਰਾਈਲ, ਇਰਾਕ, ਜਾਰਡਨ, ਕੁਵੈਤ, ਲੇਬਨਾਨ, ਓਮਾਨ, ਕਤਰ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ ਲਈ ਜਾਰੀ ਕੀਤੇ ਗਏ ਹਨ। ਇਨ੍ਹਾਂ ਨੇ ਅਮਰੀਕੀ ਨਾਗਰਿਕਾਂ ਨੂੰ ਸੰਭਾਵਿਤ ਉਡਾਣ ਰੱਦ ਕਰਨ, ਅਸਥਾਈ ਹਵਾਈ ਖੇਤਰ ਬੰਦ ਕਰਨ ਅਤੇ ਹੋਰ ਯਾਤਰਾ ਰੁਕਾਵਟਾਂ ਲਈ ਤਿਆਰ ਰਹਿਣ ਲਈ ਕਿਹਾ ਹੈ।

# ਸਿਹਤਮੰਦ ਵਾਤਾਵਰਣ ਹੀ ਬੱਚਿਆਂ ਦੇ ਉਜਵਲ ਭਵਿੱਖ ਦੀ ਨੀਂਹ : ਗੁਨਜੀਤ ਰੁਚੀ ਬਾਵਾ

## ਆਸ ਅਹਿਸਾਸ ਐਨ.ਜੀ.ਓ. ਵੱਲੋਂ ਗਿਆਸਪੁਰਾ ਵਿੱਚ 300 ਤੋਂ ਵੱਧ ਪੌਦੇ ਲਗਾ ਕੇ ਵਾਤਾਵਰਣ ਸੰਭਾਲ ਦਾ ਦਿੱਤਾ ਸੰਦੇਸ਼

ਜ਼ਿਕਰ ਪੰਜਾਬ

**ਲੁਧਿਆਣਾ/ਰਵੀ ਭਾਟੀਆ**

ਸਿਹਤਮੰਦ ਵਾਤਾਵਰਣ ਹੀ ਬੱਚਿਆਂ ਦੇ ਸੁਰੱਖਿਅਤ, ਤੰਦਰੁਸਤ ਅਤੇ ਉਜਵਲ ਭਵਿੱਖ ਦੀ ਮਜ਼ਬੂਤ ਨੀਂਹ ਹੈ। ਇਸੇ ਸੁਨੇਹੇ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਆਸ ਅਹਿਸਾਸ ਐਨ.ਜੀ.ਓ. ਵੱਲੋਂ ਗਿਆਸਪੁਰਾ ਦੀ ਪ੍ਰੀਤਮ ਕਲੋਨੀ ਵਿਖੇ ਵਿਸ਼ਾਲ ਪੌਦਾਕਰਨ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਬਾਲ ਅਧਿਕਾਰ ਕਮਿਸ਼ਨ ਦੀ ਵਾਈਸ ਚੇਅਰਪਰਸਨ ਸ੍ਰੀਮਤੀ ਗੁਨਜੀਤ ਰੁਚੀ ਬਾਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੁਹਿੰਮ ਦੌਰਾਨ ਸਥਾਨਕ ਨਿਵਾਸੀਆਂ, ਔਰਤਾਂ ਅਤੇ ਬੱਚਿਆਂ ਦੀ ਸਰਗਰਮ ਭਾਗੀਦਾਰੀ ਨਾਲ 300 ਤੋਂ ਵੱਧ ਪੌਦੇ ਲਗਾਏ ਗਏ। ਇਸ ਪਹਿਲ ਦਾ ਮੁੱਖ ਉਦੇਸ਼ ਵਾਤਾਵਰਣ ਦੀ ਸੰਭਾਲ ਪ੍ਰਤੀ ਲੋਕਾਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਸਾਫ਼-ਸੁਥਰੇ ਆਲੇ-ਦੁਆਲੇ, ਸ਼ੁੱਧ ਹਵਾ ਅਤੇ ਟਿਕਾਊ ਜੀਵਨ ਸ਼ੈਲੀ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਸੀ। ਮੁਹਿੰਮ ਵਿੱਚ ਸ਼ਾਮਲ ਨਿਵਾਸੀਆਂ ਨੇ ਉਤਸ਼ਾਹ ਨਾਲ ਪੌਦੇ ਲਗਾਏ ਅਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਲਿਆ। ਉਨ੍ਹਾਂ ਕਿਹਾ ਕਿ ਅੱਜ ਲਗਾਇਆ ਗਿਆ ਹਰ ਰੁੱਖ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਅਨਮੋਲ ਤੋਹਫ਼ਾ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਕਿਹਾ ਕਿ ਹਰ ਬੱਚੇ ਨੂੰ ਸਾਫ਼, ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਵਿੱਚ ਜੀਵਨ ਬਤੀਤ ਕਰਨ ਦਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਸਿਰਫ਼ ਇੱਕ ਵਾਤਾਵਰਣ ਸੰਬੰਧੀ ਗਤੀਵਿਧੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨਾਲ ਕੀਤਾ ਗਿਆ ਇੱਕ ਵਾਅਦਾ ਹੈ। ਉਨ੍ਹਾਂ ਕਿਹਾ ਕਿ ਮਾਵਾਂ ਅਤੇ ਔਰਤਾਂ ਬੱਚਿਆਂ ਵਿੱਚ ਕੁਦਰਤ ਪ੍ਰਤੀ ਪਿਆਰ ਅਤੇ ਵਾਤਾਵਰਣ ਦੀ ਰੱਖਿਆ ਦੇ ਸੰਸਕਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਹਰ ਪਰਿਵਾਰ ਹਰ ਸਾਲ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਏ ਅਤੇ ਉਸ ਦੀ ਸੰਭਾਲ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝੇ। ਆਸ ਅਹਿਸਾਸ ਐਨ.ਜੀ.ਓ. ਦੇ ਨੁਮਾਇੰਦਿਆਂ ਨੇ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਵਾਤਾਵਰਣ ਸੁਰੱਖਿਆ, ਬਾਲ ਅਧਿਕਾਰਾਂ ਅਤੇ ਸਮਾਜਿਕ ਜਾਗਰੂਕਤਾ ਨਾਲ ਜੁੜੀਆਂ ਅਜਿਹੀਆਂ ਮੁਹਿੰਮਾਂ ਲਗਾਤਾਰ ਜਾਰੀ ਰੱਖੇਗੀ।






ਇਸ ਮੌਕੇ ਸਥਾਨਕ ਨਿਵਾਸੀ ਠਾਕੁਰ ਬੰਟੀ ਪਠਾਨੀਆ, ਸੰਤੋਸ਼ ਕੁਮਾਰ, ਅਸ਼ੋਕ ਕੁਮਾਰ ਝਾਅ, ਸੂਰਜ, ਸ਼ਾਂਤੀ ਦੇਵੀ, ਅਨਿਲ ਕੁਮਾਰ, ਮਦਨ ਰਾਵਤ, ਹੈਪੀ, ਵਿਕਰਾਂਤ ਪਠਾਨੀਆ, ਰਾਮ ਸੇਵਕ, ਪੂਨਮ ਦੇਵੀ ਸਮੇਤ ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨ ਅਤੇ ਬੱਚੇ ਹਾਜ਼ਰ ਸਨ। ਮੁਹਿੰਮ ਦੌਰਾਨ ਸਾਰਿਆਂ ਨੇ ਵਾਤਾਵਰਣ ਦੀ ਰੱਖਿਆ ਲਈ ਮਿਲ ਕੇ ਕੰਮ ਕਰਨ ਅਤੇ ਲਗਾਏ ਗਏ ਪੌਦਿਆਂ ਨੂੰ ਦਰੱਖਤ ਬਣਾਉਣ ਦਾ ਸੰਕਲਪ ਵੀ ਲਿਆ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪੰਜਾਬ ਨਸ਼ਾ-ਮੁਕਤ ਨਹੀਂ ਹੋ ਜਾਂਦਾ : ਭਗਵੰਤ ਸਿੰਘ ਮਾਨ

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 500 ਦਿਨ ਪੂਰੇ; ਹੁਣ ਤੱਕ 70,000 ਨਸ਼ਾ ਤਸਕਰ ਗ੍ਰਿਫ਼ਤਾਰ

ਜ਼ਿਕਰ ਪੰਜਾਬ

**ਲੁਧਿਆਣਾ/ਡੀ.ਪੀ.ਆਰ**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਸੂਬੇ ਵਿੱਚੋਂ ਨਸ਼ਿਆਂ ਦਾ ਜੜ੍ਹੋਂ ਸਫ਼ਾਇਆ ਨਹੀਂ ਹੋ ਜਾਂਦਾ। ਉਨ੍ਹਾਂ ਐਲਾਨ ਕੀਤਾ ਕਿ 'ਯੁੱਧ ਨਸ਼ਿਆਂ ਵਿਰੁੱਧ' ਦੀ ਸ਼ਾਨਦਾਰ ਸਫਲਤਾ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਸੰਭਵ ਹੋਈ ਹੈ। ਲੁਧਿਆਣਾ ਵਿਖੇ ਐਤਵਾਰ ਨੂੰ ਵਿਲੇਜ ਡਿਫੈਂਸ ਕਮੇਟੀ (ਵੀ.ਡੀ.ਸੀ.) ਦੇ ਵਲੰਟੀਅਰਾਂ (ਪਿੰਡਾਂ ਦੇ ਪਹਿਰੇਦਾਰਾਂ) ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਮੁਹਿੰਮ ਦੇ 500 ਦਿਨ ਪੂਰੇ ਹੋ ਗਏ ਹਨ, ਜਿਸ ਦੌਰਾਨ 70,000 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦਕਿ 13,000 ਪਿੰਡਾਂ ਵਿੱਚ 1.25 ਲੱਖ ਵਲੰਟੀਅਰ ਇਸ ਅੰਦੋਲਨ ਦੀ ਰੀੜ੍ਹ ਦੀ ਹੱਡੀ ਬਣ ਕੇ ਉੱਭਰੇ ਹਨ। ਪਿਛਲੀਆਂ ਸਰਕਾਰਾਂ 'ਤੇ ਤਿੱਖਾ ਹਮਲਾ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਦਲ ਨੇ ਨਸ਼ੇ ਲਿਆਂਦੇ ਅਤੇ ਕਾਂਗਰਸ ਨੇ ਇਸ ਲਾਹਨਤ ਦੀ ਪੁਸ਼ਤਪਨਾਹੀ ਕੀਤੀ, ਜਦਕਿ ਆਪ ਸਰਕਾਰ ਨੇ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ, ਪੀੜਤਾਂ ਦੇ ਇਲਾਜ ਤੇ ਮੁੜ-ਵਸੇਬੇ ਅਤੇ ਬੇਮਿਸਾਲ ਜਨਤਕ ਜਾਗਰੂਕਤਾ ਮੁਹਿੰਮ ਰਾਹੀਂ ਇਸ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕਦੇ 'ਉੱਡਦਾ ਪੰਜਾਬ' ਵਜੋਂ ਬਦਨਾਮ ਕੀਤਾ ਗਿਆ ਸੂਬਾ ਹੁਣ 'ਪੜ੍ਹਦਾ ਤੇ ਤੰਦਰੁਸਤ ਪੰਜਾਬ' ਵਿੱਚ ਬਦਲ ਰਿਹਾ ਹੈ, ਜੋ ਸਕੂਲੀ ਸਿੱਖਿਆ ਵਿੱਚ ਸੂਬੇ ਦੀ ਰੈਂਕਿੰਗ, ਜੇ.ਈ.ਈ. ਅਤੇ ਨੀਟ ਵਿੱਚ ਰਿਕਾਰਡ ਸਫ਼ਲਤਾ ਅਤੇ ਯੋਗਤਾ-ਆਧਾਰਿਤ ਰੋਜ਼ਗਾਰ ਤੋਂ ਸਪੱਸ਼ਟ ਹੁੰਦਾ ਹੈ। ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਜੰਗ ਉਦੋਂ ਤੱਕ ਜਾਰੀ ਰਹੇਗੀ। ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਨਸ਼ਾ-ਮੁਕਤ ਨਹੀਂ ਹੋ ਜਾਂਦਾ। ਇਸ ਪ੍ਰੋਗਰਾਮ ਦੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, "ਅੱਜ ਲੁਧਿਆਣਾ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਦੇ ਵਲੰਟੀਅਰਾਂ ਨਾਲ ਮੁਲਾਕਾਤ ਕੀਤੀ। ਨਸ਼ਿਆਂ ਵਿਰੁੱਧ ਸਾਡੀ ਮੁਹਿੰਮ ਨੇ ਪਿਛਲੇ 500 ਤੋਂ ਵੱਧ ਦਿਨਾਂ ਵਿੱਚ ਸ਼ਾਨਦਾਰ ਨਤੀਜੇ ਦਿੱਤੇ ਹਨ। ਪੰਜਾਬ ਪੁਲਿਸ ਅਤੇ ਸਾਡੇ ਵਲੰਟੀਅਰਾਂ ਦੇ ਸਾਂਝੇ ਯਤਨਾਂ ਨਾਲ 70,000 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਨਾਲ ਨਸ਼ਾ ਤਸਕਰੀ ਦਾ ਲੱਕ ਟੁੱਟ ਗਿਆ ਹੈ। ਜਿਸ ਸੂਬੇ ਨੂੰ ਕਦੇ 'ਉੱਡਦਾ ਪੰਜਾਬ' ਕਿਹਾ ਜਾਂਦਾ ਸੀ, ਉਹ ਹੁਣ 'ਪੜ੍ਹਦਾ ਤੇ ਤੰਦਰੁਸਤ ਪੰਜਾਬ' ਵਿੱਚ ਬਦਲ ਰਿਹਾ ਹੈ। ਸਕੂਲੀ ਸਿੱਖਿਆ ਵਿੱਚ ਪੰਜਾਬ ਦਾ ਪਹਿਲਾ ਸਥਾਨ, 882 ਵਿਦਿਆਰਥੀਆਂ ਦਾ ਨੀਟ ਕੁਆਲੀਫਾਈ ਕਰਨਾ ਅਤੇ 68,500 ਤੋਂ ਵੱਧ ਸਰਕਾਰੀ ਨੌਕਰੀਆਂ ਇਸ ਬਦਲਾਅ ਦਾ ਪ੍ਰਤੱਖ ਪ੍ਰਮਾਣ ਹਨ। ਇਹ ਜੰਗ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪੰਜਾਬ ਤੋਂ ਨਸ਼ਿਆਂ ਦਾ ਪੂਰੀ ਤਰ੍ਹਾਂ ਖ਼ਾਤਮਾ ਨਹੀਂ ਹੋ ਜਾਂਦਾ। ਆਓ ਸਾਰੇ ਰਲ ਕੇ 'ਰੰਗਲਾ ਪੰਜਾਬ' ਬਣਾਈਏ। ਇਨਕਲਾਬ ਜ਼ਿੰਦਾਬਾਦ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਦਾ ਦਿਨ ਬਹੁਤ ਮਹੱਤਵਪੂਰਨ ਹੈ ਕਿਉਂਕਿ 'ਯੁੱਧ ਨਸ਼ਿਆਂ ਵਿਰੁੱਧ' ਦੇ 500 ਦਿਨ ਪੂਰੇ ਹੋ ਗਏ ਹਨ ਅਤੇ ਸਾਡੀਆਂ ਵਿਲੇਜ ਡਿਫੈਂਸ ਕਮੇਟੀਆਂ ਨੇ ਇੱਕ ਸਾਲ ਪੂਰਾ ਕਰ ਲਿਆ ਹੈ। ਮੈਂ ਪੰਜਾਬ ਦੇ ਲੋਕਾਂ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਇਨ੍ਹਾਂ ਦੋਵਾਂ ਪਹਿਲਕਦਮੀਆਂ ਨੂੰ ਜਨ ਅੰਦੋਲਨ ਵਿੱਚ ਬਦਲ ਦਿੱਤਾ। ਉਹ ਦਿਨ ਦੂਰ ਨਹੀਂ, ਜਦੋਂ ਇਹ ਦੋਵੇਂ ਲਹਿਰਾਂ ਮਿਲ ਕੇ ਪੰਜਾਬ ਵਿੱਚੋਂ ਨਸ਼ਿਆਂ ਦੀ ਲਾਹਨਤ ਦਾ ਪੂਰੀ ਤਰ੍ਹਾਂ ਖ਼ਾਤਮਾ ਕਰ ਦੇਣਗੀਆਂ। ਇਕੱਠ ਦਾ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਸੱਚੀ ਭਾਵਨਾ ਨਾਲ ਪੰਜਾਬ ਦੀ ਸੇਵਾ ਕਰਨ ਵਾਲੇ ਸਾਰੇ ਲੋਕਾਂ ਦੇ ਰਿਣੀ ਹਨ। ਉਨ੍ਹਾਂ ਕਿਹਾ ਕਿ ਸਾਡਾ ਦ੍ਰਿੜ੍ਹ ਸੰਕਲਪ ਸਾਬਤ ਕਰਦਾ ਹੈ ਕਿ ਸਾਂਝੇ ਯਤਨਾਂ ਨਾਲ ਕੋਈ ਵੀ ਵੱਡੀ ਤੋਂ ਵੱਡੀ ਚੁਣੌਤੀ 'ਤੇ ਕਾਬੂ ਪਾਇਆ ਜਾ ਸਕਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੋ ਸਮੱਸਿਆ ਕਦੇ ਅਸੰਭਵ ਜਾਪਦੀ ਸੀ, ਉਹ 500 ਦਿਨਾਂ ਦੇ ਅੰਦਰ-ਅੰਦਰ ਹੌਲੀ-ਹੌਲੀ ਖ਼ਤਮ ਹੋ ਰਹੀ ਹੈ। ਬਹੁਤ ਸਾਰੇ ਲੋਕਾਂ ਦਾ ਮੰਨਣਾ ਸੀ ਕਿ ਇਸ ਕੋਹੜ ਨੂੰ ਕਦੇ ਖ਼ਤਮ ਨਹੀਂ ਕੀਤਾ ਜਾ ਸਕਦਾ, ਪਰ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਅਸੀਂ ਇਸ ਸਮੱਸਿਆ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਨੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਲੋਕਾਂ ਨੂੰ ਨਸ਼ਾ ਛੁਡਾਊ ਅਤੇ ਮੁੜ-ਵਸੇਬਾ ਕੇਂਦਰਾਂ ਵਿੱਚ ਲੈ ਕੇ ਉਨ੍ਹਾਂ ਦਾ ਇਲਾਜ ਯਕੀਨੀ ਬਣਾਇਆ ਹੈ ਤਾਂ ਕਿ ਉਹ ਗੈਰਤ ਅਤੇ ਸਵੈ-ਮਾਣ ਨਾਲ ਜੀ ਸਕਣ। ਉਨ੍ਹਾਂ ਕਿਹਾ, "ਅਸੀਂ ਪਿਛਲੇ 500 ਦਿਨਾਂ ਵਿੱਚ 70,000 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। 13,000 ਪਿੰਡਾਂ ਵਿੱਚ ਲਗਪਗ 1.25 ਲੱਖ ਵਲੰਟੀਅਰ ਨਸ਼ਿਆਂ ਦੇ ਖ਼ਾਤਮੇ ਲਈ ਸਰਗਰਮੀ ਨਾਲ ਕੰਮ ਕਰ ਰਹੇ ਹਨ। ਲੋਕਾਂ ਦੀ ਭਲਾਈ ਲਈ ਵਚਨਬੱਧ ਇੱਕ ਇਮਾਨਦਾਰ ਸਰਕਾਰ ਹੀ ਅਜਿਹਾ ਪੁਖ਼ਤਾ ਕਦਮ ਚੁੱਕ ਸਕਦੀ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਦਲ ਨੇ ਪੰਜਾਬ ਵਿੱਚ 'ਚਿੱਟਾ' ਲਿਆਂਦਾ ਅਤੇ ਕਾਂਗਰਸ ਨੇ ਇਸ ਨੂੰ ਅੱਗੇ ਵਧਾਇਆ ਤੇ ਇਸ ਦੀ ਪੁਸ਼ਤਪਨਾਹੀ ਕੀਤੀ। ਇਹ ਦੋਵੇਂ ਪਾਰਟੀਆਂ ਸੂਬੇ ਵਿੱਚ ਮਾੜੇ ਸ਼ਾਸਨ ਲਈ ਜ਼ਿੰਮੇਵਾਰ ਸਨ। ਉਨ੍ਹਾਂ ਅੱਗੇ ਕਿਹਾ, "ਅੱਜ ਸਾਡੀ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦਾ ਸਫ਼ਾਇਆ ਕਰ ਦਿੱਤਾ ਹੈ। ਕਿਸੇ ਨੂੰ ਨਸ਼ਾ ਛੁਡਾਉਣ ਵਿੱਚ ਮਦਦ ਕਰਨਾ ਉਸ ਵਿਅਕਤੀ ਨੂੰ ਤੀਰਥ ਯਾਤਰਾ 'ਤੇ ਲੈ ਕੇ ਜਾਣ ਦੇ ਬਰਾਬਰ ਹੈ। ਮੈਨੂੰ ਇਸ ਗੱਲ ਦੀ ਬਹੁਤ ਸੰਤੁਸ਼ਟੀ ਹੈ ਕਿ ਸਾਡੀ ਸਰਕਾਰ ਨੇ ਸਿੱਖਿਆ ਕ੍ਰਾਂਤੀ ਰਾਹੀਂ ਪੰਜਾਬ ਦੇ ਇਤਿਹਾਸ ਨੂੰ 'ਉੱਡਦਾ ਪੰਜਾਬ' ਤੋਂ 'ਪੜ੍ਹਦਾ ਪੰਜਾਬ' ਵਿੱਚ ਬਦਲ ਦਿੱਤਾ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਪਿਛਲੇ ਚਾਰ ਸਾਲਾਂ ਦੌਰਾਨ ਸੂਬਾ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਪੰਜਾਬ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਸੂਬੇ ਵਜੋਂ ਉੱਭਰਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਸਰਕਾਰ ਨੇ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਦਾ ਪੱਧਰ ਉੱਚਾ ਕੀਤਾ ਹੈ,






ਸਮੁੱਚੇ ਢਾਂਚੇ ਨੂੰ ਮਜ਼ਬੂਤ ਕੀਤਾ ਹੈ, ਸਮਾਰਟ ਕਲਾਸਰੂਮ ਸ਼ੁਰੂ ਕੀਤੇ ਹਨ ਅਤੇ ਅਧਿਆਪਕਾਂ ਲਈ ਉੱਨਤ ਸਿਖਲਾਈ ਯਕੀਨੀ ਬਣਾਈ ਹੈ। ਉਨ੍ਹਾਂ ਅੱਗੇ ਕਿਹਾ, "ਪੰਜਾਬ ਨੇ ਕੇਰਲ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਕੇ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।

ਭਾਰਤ ਸਰਕਾਰ ਦੀਆਂ ਪ੍ਰਮੁੱਖ ਸੰਸਥਾਵਾਂ ਵਿੱਚੋਂ ਇੱਕ ਨੀਤੀ ਆਯੋਗ ਵੱਲੋਂ ਜਾਰੀ ਕੀਤੇ ਗਏ ਤਾਜ਼ਾ ਅੰਕੜੇ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਪੰਜਾਬ ਹੁਣ ਇਸ ਖੇਤਰ ਵਿੱਚ ਦੇਸ਼ ਵਿੱਚ ਪਹਿਲੇ ਨੰਬਰ ਉੱਤੇ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਸੂਬਾ ਸਰਕਾਰ ਨੇ ਅਧਿਆਪਕਾਂ ਦੀ ਸਿਖਲਾਈ, ਪੜ੍ਹਾਉਣ ਦੇ ਆਧੁਨਿਕ ਤਰੀਕਿਆਂ ਅਤੇ ਸਮਾਰਟ ਕਲਾਸਰੂਮਾਂ 'ਤੇ ਧਿਆਨ ਕੇਂਦਰਿਤ ਕੀਤਾ ਹੈ, ਜਿਸ ਕਾਰਨ ਪੰਜਾਬ ਹੁਣ ਸਿਖਰਲੇ ਸਥਾਨ 'ਤੇ ਹੈ। ਉਨ੍ਹਾਂ ਅੱਗੇ ਕਿਹਾ, "ਪਹਿਲਾਂ ਕੇਰਲਾ ਪਹਿਲੇ ਨੰਬਰ 'ਤੇ ਸੀ, ਪਰ ਅੱਜ ਪੰਜਾਬ ਨੇ ਵੱਡੇ ਫਰਕ ਨਾਲ ਪਹਿਲਾ ਸਥਾਨ ਹਾਸਲ ਕਰ ਲਿਆ ਹੈ। ਅਸੀਂ ਆਉਣ ਵਾਲੇ ਸਾਲਾਂ ਵਿੱਚ ਹੋਰ ਵੀ ਵੱਡੇ ਯਤਨ ਜਾਰੀ ਰੱਖਾਂਗੇ ਕਿਉਂਕਿ ਸਿੱਖਿਆ ਉਹ ਚਾਨਣ ਹੈ, ਜੋ ਜ਼ਿੰਦਗੀਆਂ ਦੇ ਹਨੇਰੇ ਨੂੰ ਦੂਰ ਕਰਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਸਰਕਾਰ ਨੇ ਅਹੁਦਾ ਸੰਭਾਲਿਆ ਸੀ ਤਾਂ ਪੰਜਾਬ ਸਕੂਲੀ ਸਿੱਖਿਆ ਵਿੱਚ 27ਵੇਂ ਨੰਬਰ 'ਤੇ ਸੀ, ਪਰ ਅੱਜ ਸੂਬਾ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜਿੱਥੇ 2021 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਸਿਰਫ਼ 80 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਸੀ, ਉੱਥੇ 2026 ਵਿੱਚ ਇਹ ਗਿਣਤੀ ਵਧ ਕੇ 881 ਵਿਦਿਆਰਥੀ ਹੋ ਗਈ ਹੈ, ਜੋ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਪ੍ਰਾਪਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਸਰਕਾਰ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਲਈ ਸਾਂਝੇ ਯਤਨ ਕਰ ਰਹੀ ਹੈ ਤਾਂ ਜੋ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਵੀ ਅੱਗੇ ਵਧਣ ਦੇ ਉਹੀ ਮੌਕੇ ਮਿਲ ਸਕਣ, ਜੋ ਬਾਕੀਆਂ ਨੂੰ ਮਿਲਦੇ ਹਨ। ਮੁੱਖ ਮੰਤਰੀ ਨੇ ਚਿੰਤਾ ਪ੍ਰਗਟਾਈ ਕਿ ਕੇਂਦਰ ਸਰਕਾਰ ਇੱਕ ਵੀ ਨੀਟ ਪ੍ਰੀਖਿਆ ਪਾਰਦਰਸ਼ੀ ਢੰਗ ਨਾਲ ਕਰਵਾਉਣ ਵਿੱਚ ਅਸਫ਼ਲ ਰਹੀ ਹੈ, ਜਿਸ ਵਿੱਚ ਪ੍ਰੀਖਿਆ ਦੇ ਪੇਪਰ ਵਾਰ-ਵਾਰ ਲੀਕ ਹੋ ਰਹੇ ਹਨ ਅਤੇ ਵਿਦਿਆਰਥੀਆਂ ਵਿੱਚ ਨਿਰਾਸ਼ਾ ਫੈਲ ਰਹੀ ਹੈ। ਉਨ੍ਹਾਂ ਅੱਗੇ ਕਿਹਾ, "ਇਸ ਦੇ ਉਲਟ ਸਾਡੀ ਸਰਕਾਰ ਨੇ ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਹੋਏ ਬਿਨਾਂ ਸਾਢੇ ਚਾਰ ਸਾਲ ਦਾ ਕਾਰਜਕਾਲ ਪੂਰਾ ਕਰ ਲਿਆ ਹੈ। ਕੁਝ ਦਿਨ ਪਹਿਲਾਂ ਫਾਰਮੇਸੀ ਪ੍ਰੀਖਿਆ ਦੌਰਾਨ ਨਕਲ ਦਾ ਮਾਮਲਾ ਸਾਹਮਣੇ ਆਇਆ ਸੀ ਅਤੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰ ਲਿਆ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਸ ਵੇਲੇ ਪੰਜਾਬ ਭਰ ਵਿੱਚ 1,090 ਆਮ ਆਦਮੀ ਕਲੀਨਿਕ ਚੱਲ ਰਹੇ ਹਨ ਅਤੇ ਜਲਦੀ ਇਹ ਗਿਣਤੀ 1,400 ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਕਲੀਨਿਕ ਸੁਖਾਲੀਆਂ ਸਿਹਤ ਸੇਵਾਵਾਂ ਦਾ ਆਧਾਰ ਬਣ ਚੁੱਕੇ ਹਨ, ਜਿਨ੍ਹਾਂ ਵਿੱਚ ਹੁਣ ਤੱਕ ਪੰਜ ਕਰੋੜ ਤੋਂ ਵੱਧ ਓ.ਪੀ.ਡੀ. ਹੋ ਚੁੱਕੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਨਾਗਰਿਕ ਲਈ ਵਿਆਪਕ ਸਿਹਤ ਸੰਭਾਲ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ। ਉਨ੍ਹਾਂ ਕਿਹਾ, "ਇਹ ਯੋਜਨਾ ਪੰਜਾਬ ਦੇ ਹਰੇਕ ਨਿਵਾਸੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੇਸ ਮੁਫ਼ਤ ਇਲਾਜ ਮੁਹੱਈਆ ਕਰਵਾਉਂਦੀ ਹੈ। ਪੰਜਾਬ ਭਾਰਤ ਦਾ ਪਹਿਲਾ ਸੂਬਾ ਹੈ, ਜੋ ਅਜਿਹਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰ ਰਿਹਾ ਹੈ। ਇਸ ਨਾਲ ਲੋਕਾਂ 'ਤੇ ਵਿੱਤੀ ਬੋਝ ਕਾਫ਼ੀ ਘਟਿਆ ਹੈ ਅਤੇ ਮਿਆਰੀ ਇਲਾਜ ਯਕੀਨੀ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਕ ਪਹਿਲਕਦਮੀ ਦਾ ਮਕਸਦ ਸੂਬੇ ਦੇ ਹਰ ਪਰਿਵਾਰ ਨੂੰ ਸਿਹਤ ਸੰਭਾਲ ਕਵਰੇਜ ਦੇਣਾ ਹੈ। ਉਨ੍ਹਾਂ ਦੱਸਿਆ ਕਿ ਲੋਕ ਇਸ ਯੋਜਨਾ ਤਹਿਤ 937 ਕਰੋੜ ਰੁਪਏ ਤੋਂ ਵੱਧ ਦਾ ਮੁਫ਼ਤ ਇਲਾਜ ਕਰਵਾ ਚੁੱਕੇ ਹਨ। ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੁੱਲ 3,100 ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ, " ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਕਰਨ ਲਈ ਖੇਡਾਂ ਸਭ ਤੋਂ ਕਾਰਗਰ ਹਥਿਆਰ ਹਨ। ਆਪ ਸਰਕਾਰ ਸਫਲਤਾਪੂਰਵਕ 'ਖੇਡਾਂ ਵਤਨ ਪੰਜਾਬ ਦੀਆਂ' ਕਰਵਾ ਰਹੀ ਹੈ, ਜਿਸ ਵਿੱਚ ਇੱਕੋ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ ਦਾਦੇ-ਦਾਦੀਆਂ ਤੋਂ ਲੈ ਕੇ ਪੋਤੇ-ਪੋਤੀਆਂ ਤੱਕ ਇਕੱਠੇ ਹਿੱਸਾ ਲੈਂਦੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬੀ ਖਿਡਾਰੀ ਦੇਸ਼ ਦੀਆਂ ਵੱਡੀਆਂ ਖੇਡ ਟੀਮਾਂ ਦੀ ਅਗਵਾਈ ਕਰ ਰਹੇ ਹਨ, ਜਿਸ ਵਿੱਚ ਭਾਰਤੀ ਪੁਰਸ਼ ਕ੍ਰਿਕਟ ਟੀਮ, ਭਾਰਤੀ ਮਹਿਲਾ ਕ੍ਰਿਕਟ ਟੀਮ ਅਤੇ ਭਾਰਤੀ ਹਾਕੀ ਟੀਮ ਦੇ ਕਪਤਾਨ ਪੰਜਾਬੀ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਅਕਸ ਨੂੰ ਦਾਗ਼ਦਾਰ ਕੀਤਾ ਸੀ, ਜਦਕਿ ਮੌਜੂਦਾ ਸਰਕਾਰ ਇਸ ਦਿੱਖ ਨੂੰ ਮੁੜ ਤੋਂ ਸਾਫ਼ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਹਿਲਾਂ ਪਿਛਲੀਆਂ ਸਰਕਾਰਾਂ ਵੇਲੇ ਸਰਕਾਰੀ ਗੱਡੀਆਂ ਵਿੱਚ ਨਸ਼ੇ ਦੀ ਸਪਲਾਈ ਹੁੰਦੀ ਸੀ। ਅੱਜ ਨਸ਼ਾ ਤਸਕਰ ਜੇਲ੍ਹ ਦੀਆਂ ਸਲਾਖਾਂ ਪਿੱਛੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਨੇ ਪੰਜਾਬ ਨੂੰ ਬਰਬਾਦ ਕਰਨ ਤੋਂ ਇਲਾਵਾ ਕੁਝ ਨਹੀਂ ਕੀਤਾ ਅਤੇ ਹੁਣ ਸਿਰਫ਼ ਸੂਬੇ ਨੂੰ ਲੁੱਟਣ ਲਈ ਸੱਤਾ ਚਾਹੁੰਦੇ ਹਨ। ਉਨ੍ਹਾਂ ਕਿਹਾ, "ਇਨ੍ਹਾਂ ਪਾਰਟੀਆਂ ਨੇ ਪੰਜਾਬ ਨਾਲ ਧੋਖਾ ਕੀਤਾ ਹੈ ਅਤੇ ਵਾਰ-ਵਾਰ ਇਸ ਦੇ ਲੋਕਾਂ ਦੇ ਹਿੱਤਾਂ ਦੀ ਅਣਦੇਖੀ ਕੀਤੀ ਹੈ। ਪੰਜਾਬ ਸਰਕਾਰ ਪੇਂਡੂ ਸੰਪਰਕ ਨੂੰ ਮਜ਼ਬੂਤ ਕਰਨ ਲਈ ਸੂਬੇ ਭਰ ਵਿੱਚ 43,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕਰਵਾ ਰਹੀ ਹੈ। ਇਹ ਸੜਕੀ ਪ੍ਰਾਜੈਕਟ ਬਣਾਉਣ ਵਾਲੇ ਠੇਕੇਦਾਰ ਹੀ ਇਨ੍ਹਾਂ ਦੀ ਸਾਂਭ-ਸੰਭਾਲ ਲਈ ਜ਼ਿੰਮੇਵਾਰ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਅੱਗੇ ਕਿਹਾ, "ਪੰਜਾਬ ਵਿੱਚ ਪੈਸੇ ਲੈ ਕੇ ਨੌਕਰੀਆਂ ਦੇਣ ਅਤੇ ਸਿਫ਼ਾਰਸ਼ਾਂ ਦਾ ਦੌਰ ਖ਼ਤਮ ਹੋ ਗਿਆ ਹੈ। ਅੱਜ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ ਅਤੇ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਜਾ ਰਹੀਆਂ ਹਨ। ਹਰ ਸਰਕਾਰੀ ਨਿਯੁਕਤੀ ਮੈਰਿਟ 'ਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਹੈ, ਜਿਸ ਕਾਰਨ ਇੱਕ ਵੀ ਭਰਤੀ ਨੂੰ ਕਿਸੇ ਅਦਾਲਤ ਵਿੱਚ ਚੁਣੌਤੀ ਨਹੀਂ ਦਿੱਤੀ ਗਈ। ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਅਤੇ ਸਾਜ਼ਗਾਰ ਉਦਯੋਗਿਕ ਮਾਹੌਲ ਕਾਰਨ ਦੇਸ਼ ਦੇ ਵੱਡੇ ਉਦਯੋਗਪਤੀ ਸੂਬੇ ਵਿੱਚ ਨਿਵੇਸ਼ ਕਰਨ ਲਈ ਅੱਗੇ ਆ ਰਹੇ ਹਨ। "ਸਨਾਤਨ ਟੈਕਸਟਾਈਲ, ਨੈਸਲੇ, ਕਲਾਸ, ਫ੍ਰੈਡਨਬਰਗ, ਕਾਰਗਿਲ, ਵਰਬੀਓ, ਡੈਨੋਨ ਅਤੇ ਹੋਰ ਕਈ ਪ੍ਰਮੁੱਖ ਕੰਪਨੀਆਂ ਨੇ ਪੰਜਾਬ ਵਿੱਚ ਆਪਣਾ ਕੰਮਕਾਜ ਸ਼ੁਰੂ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਦੱਸਿਆ ਕਿ ਟਾਟਾ ਸਟੀਲ ਨੇ 3,200 ਕਰੋੜ ਰੁਪਏ ਦੇ ਨਿਵੇਸ਼ ਨਾਲ ਜਮਸ਼ੇਦਪੁਰ ਤੋਂ ਬਾਅਦ ਆਪਣਾ ਦੂਜਾ ਸਭ ਤੋਂ ਵੱਡਾ ਪਲਾਂਟ ਪੰਜਾਬ ਵਿੱਚ ਸਥਾਪਿਤ ਕੀਤਾ ਹੈ, ਜਦਕਿ ਜਾਪਾਨ ਦੀ ਪ੍ਰਮੁੱਖ ਸਟੀਲ ਕੰਪਨੀ ਆਈਚੀ ਵੀ ਸੂਬੇ ਵਿੱਚ ਨਿਵੇਸ਼ ਕਰ ਰਹੀ ਹੈ। ਉਨ੍ਹਾਂ ਕਿਹਾ, "ਸਾਡੀ ਸਰਕਾਰ ਦੀ ਕੋਸ਼ਿਸ਼ ਰੋਜ਼ਗਾਰ ਦੇ ਮੌਕੇ ਪੈਦਾ ਕਰਕੇ ਨੌਜਵਾਨਾਂ ਦੇ ਹੱਥਾਂ ਵਿੱਚ 'ਸਰਿੰਜਾਂ' ਦੀ ਬਜਾਏ ਟਿਫ਼ਨ ਫੜਾਉਣਾ ਹੈ ਕਿਉਂਕਿ ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ, ਸਾਡੀ ਸਰਕਾਰ ਨੌਜਵਾਨਾਂ ਲਈ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਤਾਂ ਕਿ ਉਹ ਸਮਾਜਿਕ ਬੁਰਾਈਆਂ ਦਾ ਸ਼ਿਕਾਰ ਨਾ ਹੋਣ। ਬੇਰੋਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ ਅਤੇ ਅਸੀਂ ਇਸ ਨੂੰ ਖ਼ਤਮ ਕਰਨ ਲਈ ਵਚਨਬੱਧ ਹਾਂ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਤਰੁਨਪ੍ਰੀਤ ਸਿੰਘ ਸੌਂਧ ਅਤੇ ਡਾ. ਬਲਬੀਰ ਸਿੰਘ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਕਈ ਸ਼ਖ਼ਸੀਅਤਾਂ ਵੀ ਹਾਜ਼ਰ ਸਨ।



# ਜਰਨਲਿਸਟ ਪ੍ਰੈਸ ਐਸੋਸੀਏਸ਼ਨ ਪੰਜਾਬ ਵੱਲੋਂ ਲੁਧਿਆਣਾ ਇਕਾਈ ਦੇ ਅਹੁਦੇਦਾਰ ਸਨਮਾਨਿਤ

ਜ਼ਿਕਰ ਪੰਜਾਬ

**ਲੁਧਿਆਣਾ/ਗੁਰਦੀਪ ਸਿੰਘ**

ਜਰਨਲਿਸਟ ਪ੍ਰੈਸ ਐਸੋਸੀਏਸ਼ਨ ਪੰਜਾਬ (ਰਜਿ:) ਦੇ ਸਰਪ੍ਰਸਤ ਜੀ.ਐਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਸੂਬਾ ਪ੍ਰਧਾਨ ਰਾਕੇਸ਼ ਦੁੱਗਲ, ਜਨਰਲ ਸੈਕਟਰੀ ਪੀ.ਪੀ. ਸਿੰਘ, ਪ੍ਰੈਸ ਸਕੱਤਰ ਗੋਬਿੰਦ ਰਾਏ ਅਤੇ ਹੋਰ ਅਹੁਦੇਦਾਰਾਂ ਵਲੋਂ ਜਿਲ੍ਹਾ ਲੁਧਿਆਣਾ ਇਕਾਈ ਦੇ ਚੇਅਰਮੈਨ ਅਸ਼ੋਕ ਪੁਰੀ ਪ੍ਰਧਾਨ ਵਰਿੰਦਰ ਕੁਮਾਰ ਸਹਿਗਲ, ਜਨਰਲ ਸਕੱਤਰ ਮਨਜੀਤ ਸਿੰਘ ਰੋਮਾਣਾ, ਸਰਪ੍ਰਸਤ ਗੁਰਦੀਪ ਸਿੰਘ, ਸਲਾਹਕਾਰ ਭੁਪਿੰਦਰ ਸਿੰਘ ਪਨੇਸਰ, ਭੁਪਿੰਦਰ ਸਿੰਘ ਬੇਦੀ, ਐਮ. ਐਸ. ਭਾਟੀਆ, ਸੂਰਜ ਕੁਮਾਰ, ਸੁਮਿਤ ਭਾਟੀਆ, ਕੁਲਦੀਪ ਸਿੰਘ, ਰਾਜੇਸ਼ ਪਾਲ ਉੱਪਲ, ਰਾਜੇਸ਼ ਆਹੂਜਾ, ਸਤਬੀਰ ਸਿੰਘ, ਵਿਸ਼ਨੂ, ਅਸ਼ੋਕ ਵਰਮਾ ਸੁਰਜੀਤ ਸਿੰਘ, ਮਨਿੰਦਰ ਸਿੰਘ ਭੱਟੀ, ਕੁਲਦੀਪ ਦੁਗਰੀ, ਸੰਦੀਪ ਸੂਦ, ਦਵਿੰਦਰ ਵਰਮਾ, ਹਰਵਿੰਦਰ ਸਿੰਘ, ਅਨੰਦ ਸਿੰਘ, ਵਿਮਲ ਕੁਮਾਰ, ਰਾਜ ਕੁਮਾਰ ਸਾਥੀ, ਕੁਲਵਿੰਦਰ ਸਿੰਘ ਸਲੇਮ ਟਾਬਰੀ, ਅਨੰਦ ਸਿੰਘ, ਬਿਮਲ ਕੁਮਾਰ ਆਦਿ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ ਇਕ ਮੀਟਿੰਗ ਦੌਰਾਨ ਸੀਨੀਅਰ ਪੱਤਰਕਾਰ ਜਨਾਬ ਨਦੀਮ ਅੰਸਾਰੀ ਦੇ ਦੇਹਾਂਤ ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ ਅ ਤ ` ਪਤਰਕਾਰਿਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਨੂੰ ਯਾਦ ਕੀਤਾ ਗਿਆ। ਇਸ ਉਪਰੰਤ ਐਸੋ: ਪੰਜਾਬ ਦੇ ਅਹੁਦੇਦਾਰਾਂ ਦਾ ਜਿਲ੍ਹਾ ਲੁਧਿਆਣਾ ਇਕਾਈ ਵਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਰਾਕੇਸ਼ ਦੁੱਗਲ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਸਲੀ ਪੱਤਰਕਾਰੀ ਸੱਚ ਨੂੰ ਆਮ ਜਨਤਾ ਤੱਕ ਲਿਆਉਣ ਨਾਲ ਹੀ ਹੁੰਦੀ ਹੈ, ਜਦਕਿ ਸਰਕਾਰਾਂ ਦੇ ਝੋਲੀਚੁੱਕ ਅਤੇ ਪੈਸੇ ਲੈਕੇ ਅਸਲੀਅਤ ਲੁਕਾਉਣ ਵਾਲੇ ਦਲਾਲ ਹੀ ਕਹਾਉਂਦੇ ਹਨ।

**ਐਸੋਸੀਏਸ਼ਨ ਪੱਤਰਕਾਰਾਂ ਦੀਆਂ ਸਮੱਸਿਆਵਾਂ ਸੁਲਝਾਉਣ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਵੀ ਕਰੇਗੀ : ਦੁੱਗਲ, ਵਰਿੰਦਰ ਕੁਮਾਰ**

ਉਨ੍ਹਾਂ ਕਿਹਾ ਕਿ ਤੁਸੀਂ ਆਪਣੀ ਚੰਗੇ ਅਕਸ ਵਾਲੀ ਪਛਾਣ ਬਣਾਉਣ ਲਈ ਬਿਨਾਂ ਕਿਸੇ ਡਰ ਦੇ ਡੱਟ ਕੇ ਪੱਤਰਕਾਰੀ ਕਰੋ, ਪੰਜਾਬ ਦੀ ਸਮੁੱਚੀ ਜਥੇਬੰਦੀ ਤੁਹਾਡੀ ਪਿੱਠ ਤੇ ਖੜ੍ਹੀ ਹੈ। ਉਨ੍ਹਾਂ ਹੋਰ ਕਿਹਾ ਕਿ ਗਰੀਬ ਅਮੀਰ ਦਾ ਫਰਕ ਦੇਖੇ ਬਿਨਾ ਸੱਚ ਦਾ ਸਾਥ ਦਿਓ। ਇਸ ਮੌਕੇ ਤੇ ਪੰਜਾਬ ਦੇ ਸਰਪ੍ਰਸਤ ਜੀ.ਐਸ. ਸੰਧੂ ਨੇ ਕਿਹਾ ਕਿ ਐਸੋਸੀਏਸ਼ਨ ਪੱਤਰਕਾਰਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਵੀ ਕਰੇਗੀ। ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਪੱਤਰਕਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਨੇੜ ਭਵਿੱਖ ਵਿੱਚ ਪੰਜਾਬ ਦੀ ਬਾਡੀ ਲੁਧਿਆਣਾ ਦੇ ਅਹੁਦੇਦਾਰਾਂ ਨੂੰ ਨਾਲ ਲੈਕੇ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਨੂੰ ਮਿਲੇਗੀ। ਇਸ ਮੌਕੇ ਲੁਧਿਆਣਾ ਇਕਾਈ ਦੇ ਪ੍ਰਧਾਨ ਸ਼੍ਰੀ ਵਰਿੰਦਰ ਕੁਮਾਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜਿਲ੍ਹਾ ਲੁਧਿਆਣਾ ਦੀ ਸਮੁੱਚੀ ਟੀਮ ਐਸੋਸੀਏਸ਼ਨ ਪੰਜਾਬ ਦੀ ਰਹਿਨੁਮਾਈ ਹੇਠ ਡੱਟ ਕੇ ਕੰਮ ਕਰੇਗੀ ਅਤੇ ਨਵੇਂ ਪੱਤਰਕਾਰਾਂ ਨੂੰ ਸੱਚੀ ਸੁੱਚੀ ਪੱਤਰਕਾਰੀ ਦੇ ਅਸੂਲ ਸਿਖਾਉਣ ਲਈ ਸੈਮੀਨਾਰ ਵੀ ਲਗਾਏ ਜਾਣਗੇ, ਜਿਸ ਲਈ ਪੜ੍ਹੇ ਲਿਖੇ ਅਤੇ ਸੀਨੀਅਰ ਪੱਤਰਕਾਰਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ। ਉਨ੍ਹਾਂ ਭਰੋਸਾ ਦੁਆਇਆ ਕਿ ਲੁਧਿਆਣਾ ਇਕਾਈ ਦੇ ਸਮੁੱਚੇ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰਾਂ ਦੇ ਸ਼ਨਾਖਤੀ ਕਾਰਡ ਜਲਦ ਹੀ ਬਣਾ ਕੇ ਦਿੱਤੇ ਜਾਣਗੇ।

# ਮਾਈ ਭਾਰਤ ਵਲੰਟੀਅਰਾਂ ਨੇ ਵਿਕਸਤ ਵਾਈਬ੍ਰੈਂਟ ਪਿੰਡ ਪ੍ਰੋਗਰਾਮ ਦੇ ਭਾਗੀਦਾਰਾਂ ਨਾਲ ਪ੍ਰਧਾਨ ਮੰਤਰੀ ਦੇ ਵਰਚੁਅਲ ਇੰਟਰੈਕਸ਼ਨ 'ਚ ਲਿਆ ਹਿੱਸਾ



ਜ਼ਿਕਰ ਪੰਜਾਬ

**ਚੰਡੀਗੜ੍ਹ/ਪੀਆਈਬੀ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਕਸਤ ਵਾਈਬ੍ਰੈਂਟ ਪਿੰਡ ਪ੍ਰੋਗਰਾਮ ਦੇ ਭਾਗੀਦਾਰਾਂ ਨਾਲ ਇੱਕ ਵਰਚੁਅਲ ਇੰਟਰੈਕਸ਼ਨ ਕੀਤਾ। ਇਸ ਮੌਕੇ 'ਤੇ, ਉਨ੍ਹਾਂ ਨੇ ਭਾਰਤ ਦੇ ਸਰਹੱਦੀ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇੱਕ ਮਜ਼ਬੂਤ, ਸਵੈ-ਨਿਰਭਰ ਅਤੇ ਸਮਾਵੇਸ਼ੀ ਭਾਰਤ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਦੇਸ਼ ਭਰ ਦੇ 245 ਜ਼ਿਲ੍ਹਿਆਂ ਦੇ 5,000 ਤੋਂ ਵੱਧ ਮਾਈ ਭਾਰਤ ਵਲੰਟੀਅਰਾਂ ਨੇ ਇਸ ਵਰਚੁਅਲ ਇੰਟਰੈਕਸ਼ਨ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਚੰਡੀਗੜ੍ਹ ਵਿੱਚ, ਮਾਈ ਭਾਰਤ ਵਲੰਟੀਅਰਾਂ ਸਮੇਤ ਲਗਭਗ 30 ਭਾਗੀਦਾਰਾਂ ਨੇ ਡਿਪਟੀ ਕਮਿਸ਼ਨਰ ਦਫ਼ਤਰ, ਚੰਡੀਗੜ੍ਹ ਦੇ ਕਮੇਟੀ ਰੂਮ ਤੋਂ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਦੇਖਿਆ। ਇਸ ਪ੍ਰੋਗਰਾਮ ਵਿੱਚ ਅਮਨਦੀਪ ਸਿੰਘ ਭੱਟੀ, ਪੀਸੀਐਸ, ਵਧੀਕ ਡਿਪਟੀ ਕਮਿਸ਼ਨਰ, ਚੰਡੀਗੜ੍ਹ; ਸ਼ਿਵਧਨ ਸ਼ਰਮਾ, ਯੂਟੀ ਡਾਇਰੈਕਟਰ, ਮਾਈ ਭਾਰਤ; ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮਾਈ ਭਾਰਤ, ਚੰਡੀਗੜ੍ਹ; ਅਤੇ ਮਨਦੀਪ, ਜ਼ਿਲ੍ਹਾ ਸੂਚਨਾ ਅਧਿਕਾਰੀ, ਚੰਡੀਗੜ੍ਹ। ਸਾਰੇ ਪਤਵੰਤਿਆਂ ਨੇ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਅਤੇ ਭਾਈਚਾਰਕ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਉਤਸ਼ਾਹਿਤ ਕੀਤਾ। ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਵਿਕਾਸ ਵਾਈਬ੍ਰੈਂਟ ਵਿਲੇਜ ਪ੍ਰੋਗਰਾਮ ਅਧੀਨ ਸਰਹੱਦੀ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਪਰਿਵਰਤਨਸ਼ੀਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ 2047 ਤੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰਨ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਨੂੰ ਵਿਕਾਸ, ਨਵੀਨਤਾ ਅਤੇ ਜਨਤਕ ਸੇਵਾ ਨਾਲ ਸਬੰਧਤ ਮੁਹਿੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਹ ਗੱਲਬਾਤ ਭਾਗ ਲੈਣ ਵਾਲੇ ਵਲੰਟੀਅਰਾਂ ਲਈ ਬਹੁਤ ਪ੍ਰੇਰਨਾਦਾਇਕ ਸੀ ਅਤੇ ਨੌਜਵਾਨ ਲੀਡਰਸ਼ਿਪ, ਨਾਗਰਿਕ ਸ਼ਮੂਲੀਅਤ ਅਤੇ ਰਾਸ਼ਟਰ ਨਿਰਮਾਣ ਵਿੱਚ ਅਰਥਪੂਰਨ ਯੋਗਦਾਨ ਨੂੰ ਯਕੀਨੀ ਬਣਾਉਣ ਲਈ ਮਾਈ ਭਾਰਤ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ। ਪ੍ਰਧਾਨ ਮੰਤਰੀ ਦੇ ਵਿਕਸਤ ਭਾਰਤ ਲਈ ਨਸ਼ਾ-ਮੁਕਤ ਨੌਜਵਾਨ ਦੇ ਸੱਦੇ ਦੇ ਜਵਾਬ ਵਿੱਚ, ਮਾਈ ਭਾਰਤ ਪੋਰਟਲ 'ਤੇ ਇੱਕ ਵਰਚੁਅਲ ਸਹੁੰ ਸ਼ੁਰੂ ਕੀਤੀ ਗਈ ਹੈ, ਜਿਸਦਾ ਉਦੇਸ਼ ਨੌਜਵਾਨਾਂ ਅਤੇ ਨਾਗਰਿਕਾਂ ਨੂੰ ਨਸ਼ਾ-ਮੁਕਤ ਭਾਰਤ ਲਈ ਰਾਸ਼ਟਰੀ ਮੁਹਿੰਮ ਨਾਲ ਜੋੜਨਾ ਹੈ। ਸਾਰੇ ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹ ਪ੍ਰਣ ਲੈਣ ਅਤੇ ਨਸ਼ਾ-ਮੁਕਤ ਭਾਰਤ ਲਈ ਜਨ ਅੰਦੋਲਨ ਦਾ ਹਿੱਸਾ ਬਣਨ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਵਿੱਚ ਯੋਗਦਾਨ ਪਾਉਣ। ਸਹੁੰ ਚੁੱਕਣ ਤੋਂ ਬਾਅਦ, ਭਾਗੀਦਾਰ ਇੱਕ ਈ-ਸਰਟੀਫਿਕੇਟ ਵੀ ਡਾਊਨਲੋਡ ਕਰ ਸਕਦੇ ਹਨ।

# ਅੰਮ੍ਰਿਤਸਰ ਪੁਲਿਸ ਦੀ ਵੱਡੀ ਕਾਮਯਾਬੀ; 3.029 ਕਿਲੋ ਹੈਰੋਇਨ ਸਮੇਤ ਨਸ਼ਾ ਤਸਕਰ ਕਾਬੂ, ਪਾਕਿਸਤਾਨੀ ਨੈੱਟਵਰਕ ਨਾਲ ਜੁੜੇ ਤਾਰਾਂ ਦੀ ਜਾਂਚ ਤੇਜ਼

ਜ਼ਿਕਰ ਪੰਜਾਬ

**ਅੰਮ੍ਰਿਤਸਰ** : ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਲੋਪੋਕੇ ਪੁਲਿਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ 3 ਕਿਲੋ 29 ਗ੍ਰਾਮ ਹੈਰੋਇਨ ਸਮੇਤ ਇੱਕ ਕਥਿਤ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਹਰਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਨੂਰਪੁਰ ਵਜੋਂ ਹੋਈ ਹੈ। ਪੁਲਿਸ ਨੇ ਉਸ ਖ਼ਿਲਾਫ਼ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21, 61 ਅਤੇ 85 ਤਹਿਤ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਅਨੁਸਾਰ, ਲੋਪੋਕੇ ਥਾਣੇ ਦੀ ਟੀਮ ਨਿਯਮਤ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਲਈ ਮੇਨ ਜੀਟੀ ਰੋਡ 'ਤੇ ਮੌਜੂਦ ਸੀ। ਇਸ ਦੌਰਾਨ ਇੱਕ ਭਰੋਸੇਯੋਗ ਮੁਖ਼ਬਰ ਤੋਂ ਸੂਚਨਾ ਮਿਲੀ ਕਿ ਹਰਪ੍ਰੀਤ ਸਿੰਘ ਸਰਹੱਦ ਪਾਰ ਬੈਠੇ ਪਾਕਿਸਤਾਨੀ ਨਸ਼ਾ ਤਸਕਰਾਂ ਨਾਲ ਸੰਪਰਕ ਵਿੱਚ ਹੈ ਅਤੇ ਡਰੋਨ ਰਾਹੀਂ ਭੇਜੀਆਂ ਜਾ ਰਹੀਆਂ ਹੈਰੋਇਨ ਦੀਆਂ ਖੇਪਾਂ ਨੂੰ ਅੱਗੇ ਪਹੁੰਚਾਉਣ ਦੇ ਨੈੱਟਵਰਕ ਦਾ ਹਿੱਸਾ ਹੈ। ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ



ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 3 ਕਿਲੋ 29 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਦੇ ਨਾਲ ਇੱਕ ਮੋਟਰਸਾਈਕਲ, ਇੱਕ ਮੋਬਾਈਲ ਫੋਨ ਅਤੇ 1,000 ਰੁਪਏ ਭਾਰਤੀ ਕਰੰਸੀ ਵੀ ਜ਼ਬਤ ਕੀਤੀ ਗਈ, ਜਿਨ੍ਹਾਂ ਨੂੰ ਸਬੂਤ ਵਜੋਂ ਆਪਣੇ ਕਬਜ਼ੇ ਵਿੱਚ ਲਿਆ ਗਿਆ ਹੈ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਦੇ ਤਾਰ ਪਾਕਿਸਤਾਨ ਵਿੱਚ ਬੈਠੇ ਤਸਕਰਾਂ ਨਾਲ ਜੁੜੇ ਹੋ ਸਕਦੇ ਹਨ। ਪੁਲਿਸ ਹੁਣ ਇਹ ਪਤਾ ਲਗਾ ਰਹੀ ਹੈ ਕਿ ਉਹ ਕਿੰਨੇ ਸਮੇਂ ਤੋਂ ਇਸ ਨੈੱਟਵਰਕ ਨਾਲ ਜੁੜਿਆ ਹੋਇਆ ਸੀ, ਡਰੋਨ ਰਾਹੀਂ ਆਈਆਂ ਨਸ਼ੇ ਦੀਆਂ ਖੇਪਾਂ ਦੀ ਸਪਲਾਈ ਵਿੱਚ ਉਸ ਦੀ ਕੀ ਭੂਮਿਕਾ ਰਹੀ ਅਤੇ ਇਸ ਗਿਰੋਹ ਵਿੱਚ ਹੋਰ ਕਿਹੜੇ ਲੋਕ ਸ਼ਾਮਲ ਹਨ। ਪੁਲਿਸ ਵੱਲੋਂ ਸੰਭਾਵਿਤ ਸਾਥੀਆਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਸਰਹੱਦ ਪਾਰ ਤੋਂ ਚੱਲ ਰਹੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਜੜ੍ਹੋਂ ਖ਼ਤਮ ਕਰਨ ਲਈ ਕਾਰਵਾਈ ਲਗਾਤਾਰ ਜਾਰੀ ਰਹੇਗੀ ਅਤੇ ਇਸ ਧੰਦੇ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਪੁਲਿਸ ਨੂੰ ਉਮੀਦ ਹੈ ਕਿ ਇਸ ਮਾਮਲੇ ਦੀ ਅਗਲੀ ਜਾਂਚ ਦੌਰਾਨ ਨਸ਼ਾ ਤਸਕਰੀ ਨਾਲ ਸੰਬੰਧਿਤ ਹੋਰ ਵੱਡੇ ਖੁਲਾਸੇ ਹੋ ਸਕਦੇ ਹਨ।

# ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ 'ਚ ਛੇਵੀਂ ਜਮਾਤ ਦੇ ਦਾਖਲੇ ਲਈ ਰਜਿਸਟ੍ਰੇਸ਼ਨ ਜਾਰੀ

- **ਆਨਾਈਨ ਫਾਰਮ ਭਰਨ ਦੀ ਮਿਆਦ 'ਚ 07 ਅਗਸਤ ਤੱਕ ਹੋਇਆ ਵਾਧਾ : ਪ੍ਰਿੰਸੀਪਲ ਨਿਸ਼ੀ ਗੋਇਲ**
- **ਹੁਣ ਤੱਕ ਕੁੱਲ 1588 ਬੱਚਿਆਂ ਨੇ ਕਰਵਾਈ ਰਜਿਸਟਰੇਸ਼ਨ**

ਜ਼ਿਕਰ ਪੰਜਾਬ

**ਲੁਧਿਆਣਾ/ਰਵੀ ਭਾਟੀਆ**

ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ (ਲੁਧਿਆਣਾ) ਵਿੱਚ ਵਿੱਦਿਅਕ ਵਰ੍ਹੇ 2027-28 ਲਈ ਛੇਵੀਂ ਜਮਾਤ ਵਿੱਚ ਦਾਖਲੇ ਲਈ ਦਾਖਲਾ ਪ੍ਰੀਖਿਆ ਦੇ ਆਨਲਾਈਨ ਫਾਰਮ ਦੀ ਪ੍ਰਕਿਰਿਆ ਜਾਰੀ ਹੈ ਅਤੇ ਹੁਣ ਤੱਕ 1588 ਬੱਚਿਆਂ ਵੱਲੋਂ ਆਪਣੀ ਰਜਿਸਟਰੇਸ਼ਨ ਕਰਵਾਈ ਜਾ ਚੁੱਕੀ ਹੈ। ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ ਨਿਸ਼ੀ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਾਰਮ ਭਰਨ ਦੀ ਮਿਆਦ ਵਿੱਚ 07 ਅਗਸਤ, 2026 ਤੱਕ ਵਾਧਾ ਕੀਤਾ ਗਿਆ ਹੈ ਜਦਕਿ ਪਹਿਲ ਅੰਤਿਮ ਮਿਤੀ 31 ਜੁਲਾਈ, 2026 ਨਿਰਧਾਰਿਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਜਿਹੜੇ ਬੱਚੇ ਆਨਲਾਈਨ ਅਪਲਾਈ ਕਰਨ ਤੋਂ ਵਾਂਝੇ ਰਹਿ ਗਏ ਸਨ ਉਹ ਹੁਣ ਵਧਾਈ ਗਈ ਮਿਆਦ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਫਾਰਮ ਭਰਨ ਦੇ ਚਾਹਵਾਨ ਪ੍ਰੀਖਿਆਰਥੀ ਦੀ ਉਮਰ 01 ਮਈ 2015 ਤੇ 31 ਜੁਲਾਈ 2017 ਦੇ ਵਿਚਕਾਰ ਹੋਣੀ ਚਾਹੀਦੀ ਹੈ। ਪ੍ਰੀਖਿਆਰਥੀ ਨੇ ਤੀਜੀ ਚੌਥੀ ਤੇ ਪੰਜਵੀਂ ਜਮਾਤ ਕਿਸੇ ਵੀ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਜਾਂ ਮਾਨਤਾ ਪ੍ਰਾਪਤ ਸਕੂਲ ਤੋਂ ਪਾਸ ਕੀਤੀ ਹੋਵੇ ਤੇ ਵਿਦਿਆਰਥੀ ਲੁਧਿਆਣਾ ਜ਼ਿਲ੍ਹਾ ਦਾ ਵਸਨੀਕ ਹੋਣਾ ਜਰੂਰੀ ਹੈ। ਵਿਦਿਆਰਥੀ ਦੀ ਪੰਜਵੀਂ ਜਮਾਤ ਵਿਦਿਅਕ ਸ਼ੈਸ਼ਨ 2026-27 ਦੇ ਦੌਰਾਨ ਪਾਸ ਹੋਣੀ ਵੀ ਲਾਜ਼ਮੀ ਹੈ। ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ ਨਿਸ਼ੀ ਗੋਇਲ ਨੇ ਯੋਗ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਉਨ੍ਹਾਂ ਨੂੰ ਇਸ ਪ੍ਰੀਖਿਆ ਲਈ ਅਪਲਾਈ ਜਰੂਰ ਕਰਵਾਉਣ।

**ਪੰਜਾਬੀ ਭਾਸ਼ਾ ਵਿੱਚ ਅਖ਼ਬਾਰਾਂ, ਮੈਗਜ਼ੀਨ ਅਤੇ ਕਿਤਾਬਾਂ ਤਿਆਰ ਕਰਵਾਉਣ ਲਈ ਸੰਪਰਕ ਕਰੋ:**
**89685-44271**
E-mail: vicksam125@gmail.com

# ਪੰਜਾਬ ਵਿੱਚ ਪੁਸਤਕ ਸੱਭਿਆਚਾਰ ਦੀ ਉਸਾਰੀ ਵਾਸਤੇ ਬਰਗਾੜੀ ਮਾਡਲ ਅਪਨਾਉਣ ਦੀ ਸਖ਼ਤ ਲੋੜ : ਪ੍ਰੋ. ਗੁਰਭਜਨ ਸਿੰਘ ਗਿੱਲ

**ਲੁਧਿਆਣਾ/ਤਮੰਨਾ ਬੇਦੀ**

ਪੰਜਾਬ ਵਿੱਚ ਪੁਸਤਕ ਸੱਭਿਆਚਾਰ ਦੀ ਉਸਾਰੀ ਵਾਸਤੇ ਪੀਪਲਜ਼ ਫੋਰਮ ਬਰਗਾੜੀ ਮਾਡਲ ਅਪਨਾਉਣ ਦੀ ਸਖ਼ਤ ਲੋੜ ਹੈ। ਫ਼ਰੀਦਕੋਟ ਜ਼ਿਲ੍ਹੇ ਦੇ ਚਰਚਿਤ ਪਿੰਡ ਬਰਗਾੜੀ ਤੇ ਇਲਾਕੇ ਦੇੈ 23 ਨੌਜਵਾਨਾਂ ਨੇ ਸਾਲ 2000 ਵਿੱਚ ਪੁਸਤਕ ਸੱਭਿਆਚਾਰ ਅਤੇ ਸਾਹਿੱਤ, ਸਿਹਤ ਅਤੇ ਸੱਭਿਆਚਾਰ ਦੀ ਉਸਾਰੀ ਲਈ ਕਮਰਕੱਸਾ ਕੀਤਾ ਤੇ ਲਗਾਤਾਰ ਸਰਗਰਮੀ ਕਰਕੇ ਪੰਜਾਬ ਨੂੰ ਸਾਹਿੱਤ ਅਤੇ ਵਾਤਾਵਰਣ ਪੱਖੋਂ ਮਹੱਤਵਪੂਰਨ ਕੰਮ ਕੀਤਾ ਹੈ। ਪੀਪਲਜ਼ ਫੋਰਮ ਵੱਲੋਂ ਹੁਣ ਤੀਕ ਪੁਸਤਕ ਮੇਲੇ, ਵਾਤਾਵਰਣ ਸੰਭਾਲ ਅਤੇ ਘਰ ਘਰ ਲਾਇਬਰੇਰੀ ਉਸਾਰਨ ਦਾ ਕੰਮ ਆਰੰਭ ਕੇ ਸ਼ਲਾਘਾਯੋਗ ਕਾਰਜ ਕੀਤਾ ਹੈ। ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ ਨਿੱਕੇ ਨਿੱਕੇ ਸਮੂਹ ਬਣਾ ਕੇ ਇਸ ਢੰਗ ਨਾਲ ਪੁਸਤਕ ਸੱਭਿਆਚਾਰ ਦੀ ਉਸਾਰੀ ਕੀਤੀ ਜਾ ਸਕਦੀ ਹੈ। ਖੁਸ਼ਵੰਤ ਬਰਗਾੜੀ ਨੇ ਇਸ ਮੌਕੇ ਗੁਰਬਚਨ ਸਿੰਘ ਭੁੱਲਰ ਵੱਲੋਂ ਮਾਂ ਬੋਲੀ ਪੰਜਾਬੀ ਬਾਰੇ ਲਿਖੀ ਸੱਜਰੀ ਪੁਸਤਕ " ਪੰਜਾਬੀ ਵਿੱਚ ਕਾਂਜੀ-ਕਿਸ ਦੀ ਮਜਾਲ"ਦੀ ਕਾਪੀ ਵੀ ਗੁਰਭਜਨ ਸਿੰਘ ਗਿੱਲ ਨੂੰ ਭੇਂਟ ਕੀਤੀ। ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ ਪੁਸਤਕਾਂ ਦਾ ਸੈੱਟ ਹਰ ਦੋ ਮਹੀਨੇ ਬਾਦ ਭੇਜਿਆ ਜਾਂਦਾ ਹੈ ਅਤੇ ਜੁਲਾਈ-ਅਗਸਤ 2026 ਦੇ ਇਸ ਸੈੱਟ ਵਿੱਚ ਬਲਬੀਰ ਪਰਵਾਨਾ ਦਾ ਨਵਾਂ ਕਹਾਣੀ ਸੰਗ੍ਰਹਿ "ਸਭ ਤੋਂ ਉਦਾਸ ਇਬਾਰਤ ,ਹਰਮੀਤ ਵਿਦਿਆਰਥੀ ਦੀ ਕਿਸਾਨ ਮੋਰਚੇ ਦੌਰਾਨ ਲਿਖੀ ਸਿਰਜਣਾਤਮਕ ਡਾਇਰੀ "ਧਰਤਿ ਨੇ ਬੋਲਣਾ ਹੀ ਸੀ"ਅਤੇ ਕੁਮਾਰ ਜਗਦੇਵ ਦੀ ਵਾਰਤਕ ਪੁਸਤਕ " ਮੈਲੇ ਲੱਠੇ ਦੀ ਝਾਲਰ ਅਤੇ ਪੰਜਾਬੀ ਸਾਹਿੱਤ ਸਭਾ ਨਵੀਂ ਦਿੱਲੀ ਦਾ ਤ੍ਰੈਮਾਸਿਕ ਪੱਤਰ "ਸਮਕਾਲੀ ਸਾਹਿੱਤ ਵੀ ਹਰ ਵਾਰ ਵਾਂਗ ਭੇਜਿਆ ਜਾ ਰਿਹਾ ਹੈ। ਬੀਤੀ ਸ਼ਾਮ ਪੀਪਲਜ਼ ਫੋਰਮ ਦੇ ਆਗੂ ਖੁਸ਼ਵੰਤ ਬਰਗਾੜੀ ਨੇ ਲੁਧਿਆਣਾ ਵਿੱਚ ਪ੍ਰੋ. ਗਿੱਲ ਨੂੰ ਦੱਸਿਆ ਕਿ ਸਾਲ 2013 ਤੋਂ ਬਿਨਾਂ ਕਿਸੇ ਸਰਕਾਰ ਜਾਂ ਸੰਸਥਾ ਤੋਂ ਆਰਥਿਕ ਮਦਦ ਲਏ ਫੋਰਮ ਵੱਲੋਂ ਹੁਣ ਤੀਕ 350 ਪੁਸਤਕਾਂ ਛਾਪ ਕੇ ਘਰੇਲੂ ਲਾਇਬਰੇਰੀਆਂ ਲਈ ਭੇਜੀਆਂ ਜਾ ਚੁੱਕੀਆਂ ਹਨ। ਵਰਨਣ ਯੋਗ ਗੱਲ ਇਹ ਹੈ ਕਿ ਕਿਸੇ ਵੀ ਲੇਖਕ ਕੋਲੋਂ ਪੁਸਤਕ ਪ੍ਰਕਾਸ਼ਨ ਲਈ ਪੈਸੇ ਨਹੀਂ ਲਏ ਜਾਂਦੇ ਸਗੋਂ ਹਰ ਲੇਖਕ ਨੂੰ ਰਾਇਲਟੀ ਵਜੋਂ ਕੁਝ ਪੁਸਤਕਾ ਭੇਂਟ ਕੀਤੀਆਂ ਜਾਂਦੀਆਂ ਹਨ। ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ ਸਿਰਫ਼ 350/- ਰੁਪਏ ਵਿੱਚ ਚਾਰ ਕਿਤਾਬਾਂ ਦਾ ਸੈੱਟ ਪੰਜਾਬ ਤੇ ਹੋਰ ਸੂਬਿਆਂ ਵਿੱਚ ਵੱਸਦੇ 750 ਪੰਜਾਬੀ ਪਰਿਵਾਰਾਂ ਨੂੰ ਡਾਕ ਰਾਹੀਂ ਭੇਜਿਆ ਜਾਂਦਾ ਹੈ। ਦੇਸ਼ ਵਿੱਚ ਕਿਸੇ ਤੋਂ ਵੀ ਵਾਧੂ ਡਾਕ ਖ਼ਰਚ ਨਹੀਂ ਲਿਆ ਜਾਂਦਾ। ਬਦੇਸ਼ ਵੱਸਦੇ 50 ਪੰਜਾਬੀ ਪਰਿਵਾਰ ਵੀ ਇਸ ਘਰੇਲੂ ਪੁਸਤਕ ਲਾਇਬਰੇਰੀ ਦਾ ਹਿੱਸਾ ਬਣ ਚੁਕੇ ਹਨ। ਪੀਪਲਜ਼ ਫੋਰਮ ਦਾ ਨਾਅਰਾ ਹੈ ਕਿ ਸਿਰਫ਼ ਅੱਧਾ ਕੱਪ ਚਾਹ ਦਾ ਮੁੱਲ ਹਰ ਰੋਜ਼ ਬੱਚਾ ਕੇ ਘਰ ਘਰ ਅੰਦਰ ਸ਼ਬਦ ਪ੍ਰਕਾਸ਼ ਕੀਤਾ ਜਾ ਸਕਦੇ ਹੈ। ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪੰਜਾਬ ਦੀਆਂ ਖੇਡ ਕਲੱਬਾਂ, ਸਾਹਿੱਤ ਤੇ ਸੱਭਿਆਚਾਰ ਨਾਲ ਸਬੰਧਿਤ ਸਭਾਵਾਂ ਨੂੰ ਸੁਝਾਅ ਦਿੱਤਾ ਹੈ ਕਿ ਪੰਜਾਬ ਨੂੰ ਸ਼ਬਦ ਭੂਮੀ ਬਣਾਉਣ ਲਈ ਰਲ ਕੇ ਹੰਭਲਾ ਮਾਰਨਾ ਪਵੇਗਾ ਤਾਂ ਜੋ ਮਾਨਸਿਕ ਤੌਰ ਤੇ ਬੰਜਰ ਹੋ ਰਹੇ ਪੰਜਾਬ ਨੂੰ ਗਿਆਨ ਸਾਹਿੱਤ ਸਹਾਰੇ ਮੁੜ ਹਰਿਆਲੀ ਮੁਹਾਂਦਰੇ ਵਾਲਾ ਬਣਾਇਆ ਜਾ ਸਕੇ। ਖੁਸ਼ਵੰਤ ਬਰਗਾੜੀ ਨੇ ਦੱਸਿਆ ਕਿ 2013 ਤੋਂ ਲੈ ਕੇ ਹੁਣ ਤੀਕ ਲਗਪਗ ਦੋ ਲੱਖ 50 ਹਜ਼ਾਰ ਕਿਤਾਬਾਂ ਘਰ ਘਰ ਪਹੁੰਚਾਈਆਂ ਗਈਆਂ ਹਨ। ਪੀਪਲਜ਼ ਫੋਰਮ ਬਰਗਾੜੀ ਦੀਆਂ ਪ੍ਰਕਾਸ਼ਨਾਵਾਂ ਪੰਜਾਬ ਦੇ ਮੁੱਖ ਪੁਸਤਕ ਵਿਕਰੇਤਾਵਾਂ ਤੋਂ ਵੀ ਮਿਲ ਜਾਂਦੀਆਂ ਹਨ।



# ਗਨੀਵ ਕੌਰ ਮਜੀਠੀਆ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਲਿਖੀ ਚਿੱਠੀ

ਜ਼ਿਕਰ ਪੰਜਾਬ

**ਮਜੀਠਾ** : ਮਜੀਠਾ ਹਲਕੇ ਤੋਂ ਅਕਾਲੀ ਦਲ ਦੀ ਵਿਧਾਇਕਾ ਗਨੀਵ ਕੌਰ ਮਜੀਠੀਆ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਇੱਕ ਪੱਤਰ ਲਿਖਿਆ ਹੈ। ਇਸ ਪੱਤਰ ਵਿੱਚ, ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਸਬੰਧੀ ਜਥੇਦਾਰ ਤੋਂ ਮਾਰਗਦਰਸ਼ਨ ਦੀ ਅਪੀਲ ਕੀਤੀ ਹੈ। ਉਨ੍ਹਾਂ ਬੇਨਤੀ ਕੀਤੀ ਹੈ ਕਿ ਜਥੇਦਾਰ ਇਸ ਸਬੰਧ ਵਿੱਚ ਹਦਾਇਤਾਂ ਜਾਰੀ ਕਰਨ ਤਾਂ ਜੋ ਉਹ ਪੰਥਕ ਮਰਿਆਦਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਸੈਸ਼ਨ ਦੌਰਾਨ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਸਕਣ। ਗਨੀਵ ਕੌਰ ਮਜੀਠੀਆ ਨੇ ਪੱਤਰ ਵਿੱਚ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮਾਂ ਅਤੇ ਹਦਾਇਤਾਂ ਅਨੁਸਾਰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਲੋੜੀਂਦੀਆਂ ਸੋਧਾਂ ਲਾਗੂ ਨਹੀਂ ਕੀਤੀਆਂ ਹਨ। ਇਸ ਦੌਰਾਨ, ਮੰਤਰੀਆਂ ਅਤੇ ਵਿਧਾਇਕਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਦੌਰਾ ਕੀਤਾ ਸੀ ਅਤੇ ਹਦਾਇਤਾਂ ਦੀ ਪਾਲਣਾ ਕਰਨ ਦਾ ਵਾਅਦਾ ਕੀਤਾ ਸੀ। ਉਨ੍ਹਾਂ ਕਿਹਾ ਕਿ, ਇੱਕ ਵਿਧਾਇਕ ਹੋਣ ਦੇ ਨਾਤੇ, ਉਹ ਸਭ ਤੋਂ ਪਹਿਲਾਂ ਗੁਰੂ ਸਾਹਿਬ ਦੀ ਇੱਕ ਨਿਮਰ ਸਿੱਖ ਹੈ, ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਉਨ੍ਹਾਂ ਲਈ ਬਹੁਤ ਮਹੱਤਵਪੂਰਨ ਹਨ।



# ਮੁੱਖ ਮੰਤਰੀ ਨੇ 1,116 ਕਰੋੜ ਰੁਪਏ ਦੀ ਲਾਗਤ ਵਾਲੇ ਵਰਧਮਾਨ-ਆਈਚੀ ਸਟੀਲ ਫੋਰਜਿੰਗ ਪਲਾਂਟ ਦਾ ਨੀਂਹ ਪੱਥਰ ਰੱਖਿਆ

## 500 ਨੌਜਵਾਨਾਂ ਨੂੰ ਮਿਲੇਗਾ ਸਿੱਧਾ ਰੋਜ਼ਗਾਰ, ਪਲਾਂਟ ਵਿੱਚ ਤਿਆਰ ਕੀਤੇ ਜਾਣ ਵਾਲੇ ਆਟੋਮੋਬਾਈਲ ਪਾਰਟਸ ਭਾਰਤ ਅਤੇ ਹੋਰਨਾਂ ਦੇਸ਼ਾਂ ਵਿੱਚ ਬਰਾਮਦ ਕੀਤੇ ਜਾਣਗੇ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਪਾਨ ਦੀ ਆਈਚੀ ਸਟੀਲ ਦੀ ਭਾਈਵਾਲੀ ਨਾਲ ਵਰਧਮਾਨ ਸਪੈਸ਼ਲ ਸਟੀਲਜ਼ ਵੱਲੋਂ ਸਥਾਪਤ ਕੀਤੇ ਜਾ ਰਹੇ ਦੇਸ਼ ਦੇ ਆਪਣੀ ਕਿਸਮ ਦੇ ਪਹਿਲੇ 1,116 ਕਰੋੜ ਰੁਪਏ ਦੇ ਫੋਰਜਿੰਗ ਅਤੇ ਮਸ਼ੀਨਿੰਗ ਯੂਨਿਟ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਇਸ ਨੂੰ ਪੰਜਾਬ ਦੇ ਉਦਯੋਗਿਕ ਵਿਕਾਸ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਵੱਡਾ ਹੁਲਾਰਾ ਦੱਸਿਆ। ਇਹ ਪ੍ਰੋਜੈਕਟ 500 ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੁਜ਼ਗਾਰ ਪ੍ਰਦਾਨ ਕਰੇਗਾ। ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਵਰਧਮਾਨ-ਆਈਚੀ ਦੇ ਪ੍ਰਾਜੈਕਟ ਦੇ ਭਵਿੱਖੀ ਵਿਸਥਾਰ ਨਾਲ ਹੋਰ 2,000 ਲੋਕਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਕੰਪਨੀਆਂ ਵੱਲੋਂ ਪੰਜਾਬ ਦੇ ਸਾਜ਼ਗਾਰ ਉਦਯੋਗਿਕ ਮਾਹੌਲ ਨੂੰ ਦੇਖਦਿਆਂ ਨਿਵੇਸ਼ ਨੂੰ 500 ਕਰੋੜ ਰੁਪਏ ਦੇ ਸ਼ੁਰੂਆਤੀ ਸਮਝੌਤੇ ਤੋਂ ਵਧਾ ਕੇ 1,116 ਕਰੋੜ ਰੁਪਏ ਕੀਤਾ ਗਿਆ ਹੈ, ਜੋ ਸੂਬੇ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਧ ਰਹੇ ਆਲਮੀ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਹ ਪਲਾਂਟ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਲਈ ਉੱਚ-ਮੁੱਲ ਵਾਲੇ ਆਟੋਮੋਬਾਈਲ ਪਾਰਟਸ ਦਾ ਨਿਰਮਾਣ ਕਰੇਗਾ ਜਦੋਂ ਕਿ ਪੰਜਾਬ ਦੀ ਨਵੀਂ ਉਦਯੋਗਿਕ ਨੀਤੀ 'ਸਿੰਗਲ-ਵਿੰਡੋ, ਸਿੰਗਲ-ਪੈੱਨ' ਪ੍ਰਣਾਲੀ ਰਾਹੀਂ 45 ਦਿਨਾਂ ਦੇ ਅੰਦਰ ਸਾਰੀਆਂ ਮਨਜ਼ੂਰੀਆਂ ਨੂੰ ਯਕੀਨੀ ਬਣਾਉਂਦੀ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪ੍ਰੋਜੈਕਟ ਪੰਜਾਬ ਦੇ ਉਦਯੋਗਿਕ ਖੇਤਰ ਲਈ ਨਵੇਂ ਯੁੱਗ ਦੀ ਸ਼ੁਰੂਆਤ ਹੈ। ਇਹ ਸੂਬੇ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਦੇ ਨਾਲ-ਨਾਲ 500 ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੋਜ਼ਗਾਰ ਪ੍ਰਦਾਨ ਕਰੇਗਾ। ਵਰਧਮਾਨ ਨਾ ਸਿਰਫ਼ ਮੋਹਰੀ ਉਦਯੋਗਿਕ ਗਰੁੱਪ ਹੈ, ਸਗੋਂ ਪੰਜਾਬ ਦੀ ਵਿਕਾਸ ਗਾਥਾ ਦਾ ਮਹੱਤਵਪੂਰਨ ਹਿੱਸਾ ਵੀ ਹੈ, ਜੋ ਲਗਭਗ ਚਾਰ ਦਹਾਕਿਆਂ ਤੋਂ ਸੂਬੇ ਵਿੱਚ ਕੰਮ ਕਰ ਰਿਹਾ ਹੈ। ਵਰਧਮਾਨ ਅਤੇ ਆਈਚੀ ਸਟੀਲ ਵਿਚਕਾਰ ਭਾਈਵਾਲੀ ਭਰੋਸੇ, ਤਕਨਾਲੋਜੀ ਅਤੇ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ 'ਤੇ ਆਧਾਰਿਤ ਹੈ। ਮੁੱਖ ਮੰਤਰੀ ਨੇ ਕਿਹਾ, "ਆਈਚੀ ਸਟੀਲ ਮੰਨੀ ਪ੍ਰਮੰਨੀ ਜਪਾਨੀ ਕੰਪਨੀ ਹੈ ਅਤੇ ਟੋਇਟਾ ਗਰੁੱਪ ਦੀ ਮਹੱਤਵਪੂਰਨ ਸਪਲਾਇਰ ਹੈ। ਦਸੰਬਰ, 2025 ਵਿੱਚ ਸਾਡੀ ਜਪਾਨ ਯਾਤਰਾ ਦੌਰਾਨ ਅਸੀਂ ਨਾਗੋਆ ਵਿੱਚ ਆਈਚੀ ਸਟੀਲ ਦੀ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ ਸੀ। ਉਸ ਸਮੇਂ ਵਰਧਮਾ 70ਨ ਅਤੇ ਆਈਚੀ ਸਟੀਲ ਨੇ ਪੰਜਾਬ ਵਿੱਚ ਲਗਭਗ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਮੈਨੂਫੈਕਚਰਿੰਗ ਫੈਸਲਿਟੀ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਲਈ ਸਮਝੌਤਾ ਸਹੀਬੱਧ ਕੀਤਾ ਸੀ। ਅੱਜ ਕੁਝ ਹੀ ਮਹੀਨਿਆਂ ਦੇ ਅੰਦਰ ਇਸ ਸਮਝੌਤੇ ਨੂੰ ਅਮਲੀ ਰੂਪ ਦੇ ਦਿੱਤਾ ਗਿਆ ਹੈ। ਇਹ ਨੀਤੀ ਨੂੰ ਅਮਲ ਵਿੱਚ ਲਿਆਉਣ ਅਤੇ ਵਚਨਬੱਧਤਾ ਨੂੰ ਹਕੀਕਤ ਵਿੱਚ ਬਦਲਣ ਦਾ ਪ੍ਰਤੱਖ ਪ੍ਰਮਾਣ ਹੈ। ਦੋ ਪੜਾਅ ਵਿੱਚ ਲਗਭਗ 1,100 ਕਰੋੜ ਰੁਪਏ ਦਾ ਯੋਜਨਾਬੱਧ ਨਿਵੇਸ਼ ਕੀਤਾ ਜਾਣਾ ਹੈ। ਪ੍ਰੋਜੈਕਟ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪ੍ਰੋਜੈਕਟ ਪੰਜਾਬ ਵਿੱਚ ਜਪਾਨੀ ਦਾ ਆਧੁਨਿਕ ਫੋਰਜਿੰਗ ਤਕਨਾਲੋਜੀ ਲਿਆਏਗਾ ਅਤੇ ਭਾਰਤ ਦੇ ਨਾਲ-ਨਾਲ ਯੂਰਪ, ਆਸੀਆਨ ਮੁਲਕਾਂ, ਅਫਰੀਕਾ ਅਤੇ ਮੈਕਸੀਕੋ ਦੇ ਬਾਜ਼ਾਰਾਂ ਲਈ ਉੱਚ-ਮੁੱਲ ਵਾਲੇ ਆਟੋਮੋਬਾਈਲ ਪਾਰਟਸ ਦਾ ਨਿਰਮਾਣ ਕਰੇਗਾ। ਪੰਜਾਬ ਨਾ ਸਿਰਫ਼ ਵਿਸ਼ੇਸ਼ ਸਟੀਲ ਦਾ ਉਤਪਾਦਨ ਕਰੇਗਾ ਸਗੋਂ ਤਿਆਰ ਪਾਰਟਸ ਦਾ ਨਿਰਮਾਣ ਵੀ ਕਰੇਗਾ। ਇਹ ਬੁਨਿਆਦੀ ਨਿਰਮਾਣ ਤੋਂ ਉੱਚ-ਮੁੱਲ ਵਾਲੇ ਨਿਰਮਾਣ ਵੱਲ ਮਹੱਤਵਪੂਰਨ ਤਬਦੀਲੀ ਹੈ ਅਤੇ ਇੰਜੀਨੀਅਰਿੰਗ, ਆਟੋਮੋਬਾਈਲ ਪਾਰਟਸ ਅਤੇ ਐਡਵਾਂਸਡ ਮੈਨੂਫੈਕਚਰਿੰਗ ਦੇ ਮੁੱਖ ਕੇਂਦਰ ਵਜੋਂ ਲੁਧਿਆਣਾ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰੇਗਾ। ਸੂਬੇ ਦੇ ਉਦਯੋਗਿਕ ਢਾਂਚੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਨਿਵੇਸ਼ ਪੰਜਾਬ ਦੇ ਹੁਨਰਮੰਦ ਕਿਰਤੀਆਂ, ਵਰਕ ਕਲਚਰ ਅਤੇ ਉਦਯੋਗਿਕ ਸਮਰੱਥਾ ਵਿੱਚ ਅੰਤਰਰਾਸ਼ਟਰੀ ਕੰਪਨੀਆਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। 'ਪੰਜਾਬ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026' 24 ਖੇਤਰੀ ਨੀਤੀਆਂ ਰਾਹੀਂ ਸਹਾਇਤਾ ਪ੍ਰਦਾਨ ਕਰਦੀ ਹੈ ਅਤੇ ਐਡਵਾਂਸਡ ਮੈਨੂਫੈਕਚਰਿੰਗ, ਬਰਾਮਦ, ਤਕਨਾਲੋਜੀ, ਰੁਜ਼ਗਾਰ ਅਤੇ ਟਿਕਾਊ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਦੀ ਹੈ।





ਨਿਵੇਸ਼ਕਾਂ ਨੂੰ ਉਨ੍ਹਾਂ ਦੇ ਪ੍ਰੋਜੈਕਟਾਂ ਦੌਰਾਨ ਸਪੱਸ਼ਟ ਨੀਤੀਆਂ, ਤੁਰੰਤ ਫੈਸਲੇ ਅਤੇ ਪੂਰਨ ਸਹਿਯੋਗ ਮਿਲਣਾ ਚਾਹੀਦਾ ਹੈ। ਉਨ੍ਹਾਂ ਦੱਸਿਆ, "ਪੰਜਾਬ ਨੇ ਵਨ-ਆਫਿਸ, ਵਨ ਪੋਰਟਲ, 'ਸਿੰਗਲ ਵਿੰਡੋ-ਸਿੰਗਲ ਪੈੱਨ' ਅਤੇ ਸਿੰਗਲ-ਪੁਆਇੰਟ ਰਿਸਪਾਂਸਬਿਲਟੀ ਦੀ ਇੱਕ ਵਿਲੱਖਣ ਪ੍ਰਣਾਲੀ ਸਥਾਪਿਤ ਕੀਤੀ ਹੈ। 'ਇਨਵੈਸਟ ਪੰਜਾਬ' ਸ਼ੁਰੂਆਤ ਤੋਂ ਲੈ ਕੇ ਮਨਜ਼ੂਰੀਆਂ, ਨਿਰਮਾਣ, ਉਤਪਾਦਨ ਅਤੇ ਭਵਿੱਖ ਦੇ ਵਿਸਥਾਰ ਤੱਕ ਨਿਵੇਸ਼ਕਾਂ ਲਈ ਸੰਪਰਕ ਦੇ ਇੱਕੋ-ਇੱਕ ਕੇਂਦਰ ਵਜੋਂ ਕੰਮ ਕਰਦਾ ਹੈ। 'ਫਾਸਟ ਟਰੈਕ ਪੰਜਾਬ ਪੋਰਟਲ' ਰਾਹੀਂ ਨਿਵੇਸ਼ਕ ਆਨਲਾਈਨ ਅਪਲਾਈ ਕਰ ਸਕਦੇ ਹਨ, ਫੀਸਾਂ ਦਾ ਭੁਗਤਾਨ ਕਰ ਸਕਦੇ ਹਨ ਅਤੇ ਮਨਜ਼ੂਰੀਆਂ ਦੀ ਸਥਿਤੀ ਦੇਖ ਸਕਦੇ ਹਨ। ਇਹ ਪੋਰਟਲ 200 ਤੋਂ ਵੱਧ ਕਾਰੋਬਾਰੀ ਸੇਵਾਵਾਂ ਅਤੇ ਲਗਭਗ 50 ਮੁੱਖ ਰੈਗੂਲੇਟਰੀ ਮਨਜ਼ੂਰੀਆਂ ਪ੍ਰਦਾਨ ਕਰਦਾ ਹੈ।

ਕਾਰੋਬਾਰ ਕਰਨ ਦੀ ਸੌਖ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਨਜ਼ੂਰੀਆਂ ਨਿਰਧਾਰਤ ਸਮੇਂ ਵਿੱਚ ਦਿੱਤੀਆਂ ਜਾਂਦੀਆਂ ਹਨ ਅਤੇ ਅਰਜ਼ੀਆਂ 'ਤੇ ਵੱਧ ਤੋਂ ਵੱਧ 45 ਕੰਮਕਾਜੀ ਦਿਨਾਂ ਦੇ ਅੰਦਰ ਫੈਸਲਾ ਕੀਤਾ ਜਾਂਦਾ ਹੈ, ਜਿੱਥੇ ਵੀ 'ਸਿੰਗਲ ਵਿੰਡੋ-ਸਿੰਗਲ ਪੈੱਨ' ਸਿਸਟਮ ਲਾਗੂ ਹੁੰਦਾ ਹੈ, ਉੱਥੇ ਆਟੋ-ਡੀਮਡ ਮਨਜ਼ੂਰੀ ਦੀ ਵਿਵਸਥਾ ਹੁੰਦੀ ਹੈ। ਸਾਡਾ ਉਦੇਸ਼ ਬੇਲੋੜੀ ਦੇਰੀ ਨੂੰ ਖਤਮ ਕਰਨਾ ਅਤੇ ਪ੍ਰਸ਼ਾਸਨ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣਾ ਹੈ। ਪੰਜਾਬ ਪਹਿਲਾਂ ਹੀ ਲਗਭਗ 1.78 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰ ਚੁੱਕਾ ਹੈ, ਜਿਸ ਨਾਲ ਲਗਭਗ ਛੇ ਲੱਖ ਲੋਕਾਂ ਲਈ ਰੁਜ਼ਗਾਰ ਪੈਦਾ ਹੋਵੇਗਾ। ਇਹ ਨਿਵੇਸ਼ ਉਦਯੋਗਪਤੀਆਂ ਦੇ ਪੰਜਾਬ ਪ੍ਰਤੀ ਵੱਧ ਰਹੇ ਵਿਸ਼ਵਾਸ਼ ਨੂੰ ਦਰਸਾਉਂਦਾ ਹੈ ਅਤੇ ਪੰਜਾਬ ਵੀ ਉਦਯੋਗਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਜਪਾਨ ਵਿੱਚ ਸੂਬਾ ਸਰਕਾਰ ਦੀਆਂ ਗਤੀਵਿਧੀਆਂ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਾਡਾ ਜਪਾਨ ਦੌਰਾ ਮਹਿਜ਼ ਇੱਕ ਵਿਦੇਸ਼ੀ ਦੌਰਾ ਨਹੀਂ ਸੀ ਸਗੋਂ ਇਸ ਦਾ ਉਦੇਸ਼ ਪੰਜਾਬ ਵਿੱਚ ਨਿਵੇਸ਼, ਤਕਨਾਲੋਜੀ, ਹੁਨਰ ਅਤੇ ਵਿਸ਼ਵਵਿਆਪੀ ਮੌਕੇ ਆਕਰਸ਼ਿਤ ਕਰਨਾ ਸੀ। ਅਸੀਂ ਟੋਕੀਓ, ਨਾਗੋਆ ਅਤੇ ਓਸਾਕਾ ਵਿੱਚ ਪ੍ਰਮੁੱਖ ਜਪਾਨੀ ਕੰਪਨੀਆਂ ਅਤੇ ਸੰਸਥਾਵਾਂ ਨਾਲ ਗੱਲਬਾਤ ਕੀਤੀ ਅਤੇ ਅੱਜ ਦਾ ਇਹ ਪ੍ਰੋਜੈਕਟ ਉਸ ਮਿਸ਼ਨ ਦੇ ਸਭ ਤੋਂ ਮਹੱਤਵਪੂਰਨ ਨਤੀਜਿਆਂ ਵਿੱਚੋਂ ਇੱਕ ਹੈ। ਪੰਜਾਬ ਸਰਕਾਰ ਇਸ ਪ੍ਰੋਜੈਕਟ ਨੂੰ ਸਮੇਂ ਸਿਰ ਪੂਰਾ ਕਰਨ ਲਈ ਵਰਧਮਾਨ ਅਤੇ ਆਈਚੀ ਸਟੀਲ ਨੂੰ ਪੂਰਾ ਸਹਿਯੋਗ ਦੇਵੇਗੀ। ਪੰਜਾਬ ਦੇ ਉਦਯੋਗਿਕ ਮਾਹੌਲ ਵਿੱਚ ਆਈ ਪ੍ਰਗਤੀਸ਼ੀਲ ਤਬਦੀਲੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਸਦਕਾ ਪਿਛਲੇ ਚਾਰ ਸਾਲਾਂ ਦੌਰਾਨ ਦੂਜੇ ਰਾਜਾਂ ਤੋਂ ਕਈ ਉਦਯੋਗਾਂ ਨੇ ਆਪਣੇ ਕਾਰੋਬਾਰ ਪੰਜਾਬ ਵਿੱਚ ਤਬਦੀਲ ਕੀਤੇ ਹਨ। ਸਾਨੂੰ ਇੱਕ ਅਜਿਹਾ ਸਿਸਟਮ ਵਿਰਾਸਤ ਵਿੱਚ ਮਿਲਿਆ ਸੀ ਜਿੱਥੇ ਪਿਛਲੀਆਂ ਸਰਕਾਰਾਂ ਵੇਲੇ ਫਿਰੌਤੀ ਅਤੇ ਹਿੱਸੇਦਾਰੀ ਸਿਸਟਮ ਤੋਂ ਤੰਗ ਆ ਕੇ ਉਦਯੋਗ ਪੰਜਾਬ ਤੋਂ ਭੱਜ ਰਹੇ ਸਨ। ਨਿਰੰਤਰ ਯਤਨਾਂ ਰਾਹੀਂ, ਅਸੀਂ ਉਦਯੋਗਾਂ ਦਾ ਵਿਸ਼ਵਾਸ ਬਹਾਲ ਕੀਤਾ ਹੈ ਅਤੇ ਪੰਜਾਬ ਨੂੰ ਉਦਯੋਗਿਕ ਵਿਕਾਸ ਵਿੱਚ ਮੋਹਰੀ ਬਣਾਇਆ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ, "ਉਹ ਦਿਨ ਬੀਤ ਚੁੱਕੇ ਹਨ ਜਦੋਂ ਨਿਵੇਸ਼ਕਾਂ 'ਤੇ ਅਣਉਚਿਤ ਲਾਭਾਂ ਜਾਂ ਉਨ੍ਹਾਂ ਦੇ ਉੱਦਮਾਂ ਵਿੱਚ ਹਿੱਸੇਦਾਰੀ ਲਈ ਦਬਾਅ ਪਾਇਆ ਜਾਂਦਾ ਸੀ। ਅੱਜ ਪੰਜਾਬ ਸਰਕਾਰ ਸਿਰਫ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਕੰਮ ਕਰਦੀ ਹੈ। ਟਾਟਾ ਸਟੀਲ ਨੇ ਪਹਿਲਾਂ ਹੀ 3,200 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਵਿੱਚ ਜਮਸ਼ੇਦਪੁਰ ਤੋਂ ਬਾਅਦ ਆਪਣਾ ਦੂਜਾ ਸਭ ਤੋਂ ਵੱਡਾ ਪਲਾਂਟ ਸਥਾਪਿਤ ਕੀਤਾ ਹੈ। ਇਹ ਵੀ ਬਹੁਤ ਮਾਣ ਵਾਲੀ ਗੱਲ ਹੈ ਕਿ ਸਨਾਤਨ ਟੈਕਸਟਾਈਲ, ਨੇਸਲੇ, ਕਲਾਸ, ਫ?ਰੋਇਡਨਬਰਗ, ਕਾਰਗਿਲ, ਵਰਬੀਓ ਅਤੇ ਡੈਨੋਨ ਵਰਗੀਆਂ ਮੋਹਰੀ ਕੰਪਨੀਆਂ ਨੇ ਸੂਬੇ ਵਿੱਚ ਆਪਣਾ ਕਾਰੋਬਾਰ ਸ਼ੁਰੂ ਕਰ ਦਿੱਤਾ ਹੈ। ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡਾ ਉਦੇਸ਼ ਸਾਡੇ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰਨਾ ਹੈ ਤਾਂ ਜੋ ਨਸ਼ਿਆਂ ਦੀ ਲਾਹਨਤ ਤੋਂ ਦੂਰ ਰਹਿਣ।

ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ ਅਤੇ ਬੇਰੋਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ। ਇਸ ਲਈ ਪੰਜਾਬ ਸਰਕਾਰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਕਿ ਸਾਡੇ ਨੌਜਵਾਨ ਸਨਮਾਨਜਨਕ ਨੌਕਰੀਆਂ ਰਾਹੀਂ ਇੱਕ ਖੁਸ਼ਹਾਲ ਭਵਿੱਖ ਦਾ ਨਿਰਮਾਣ ਕਰਨ।

# ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਤੇ ਰਾਸ਼ਟਰੀ ਪੱਧਰ 'ਤੇ ਜੇਤੂ ਤੈਰਾਕਾਂ ਦਾ ਕੀਤਾ ਸਨਮਾਨ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਲੁਧਿਆਣਾ ਦੀ ਨੌਜਵਾਨ ਤੈਰਾਕੀ ਪ੍ਰਤਿਭਾ ਨੇ ਇੱਕ ਵਾਰ ਫਿਰ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਲਗਾਤਾਰ ਸ਼ਾਨਦਾਰ ਨਤੀਜਿਆਂ ਨੇ ਲੁਧਿਆਣਾ ਨੂੰ ਖੇਡਾਂ, ਖਾਸ ਕਰਕੇ ਤੈਰਾਕੀ ਦੇ ਖੇਤਰ ਵਿੱਚ ਇੱਕ ਮੋਹਰੀ ਕੇਂਦਰ ਵਜੋਂ ਸਥਾਪਿਤ ਕੀਤਾ ਹੈ। ਜ਼ਿਲ੍ਹਾ ਪੱਧਰੀ ਚੈਂਪੀਅਨਸ਼ਿਪ ਵਿੱਚ ਲੁਧਿਆਣਾ ਦੇ ਤੈਰਾਕਾਂ ਨੇ 62 ਸੋਨੇ, 35 ਚਾਂਦੀ ਅਤੇ 8 ਕਾਂਸੀ ਦੇ ਤਗਮੇ ਜਿੱਤ ਕੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦਾ ਲੋਹਾ ਮਨਵਾਇਆ। ਇਸੇ ਤਰ੍ਹਾਂ ਰਾਜ ਪੱਧਰੀ ਚੈਂਪੀਅਨਸ਼ਿਪ ਵਿੱਚ ਵੀ ਉਨ੍ਹਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 45 ਸੋਨੇ, 20 ਚਾਂਦੀ ਅਤੇ 26 ਕਾਂਸੀ ਦੇ ਤਗਮੇ ਆਪਣੇ ਨਾਮ ਕੀਤੇ। ਇਸ ਤੋਂ ਇਲਾਵਾ ਵੱਕਾਰੀ ਸੀ.ਬੀ.ਐਸ.ਈ. ਨੌਰਥ ਜ਼ੋਨ ਕਲੱਸਟਰ ਚੈਂਪੀਅਨਸ਼ਿਪ ਵਿੱਚ ਜ਼ਿਲ੍ਹੇ ਦੇ ਤੈਰਾਕਾਂ ਨੇ 7 ਸੋਨੇ, 4 ਚਾਂਦੀ ਅਤੇ 1 ਕਾਂਸੀ ਦਾ ਤਗਮਾ ਜਿੱਤ ਕੇ ਲੁਧਿਆਣਾ ਦਾ ਨਾਮ ਹੋਰ ਰੌਸ਼ਨ ਕੀਤਾ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਨੇ ਐਮ.ਸੀ. ਸਵੀਮਿੰਗ ਪੂਲ ਦਾ ਦੌਰਾ ਕਰਕੇ ਨੌਜਵਾਨ ਤੈਰਾਕਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਖਿਡਾਰੀਆਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ



ਕਿ ਉਨ੍ਹਾਂ ਦੀਆਂ ਉਪਲਬਧੀਆਂ ਨੇ ਨਾ ਸਿਰਫ਼ ਲੁਧਿਆਣਾ ਜ਼ਿਲ੍ਹੇ ਦਾ ਮਾਣ ਵਧਾਇਆ ਹੈ, ਸਗੋਂ ਹੋਰ ਨੌਜਵਾਨਾਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਹੈ। ਡਿਪਟੀ ਕਮਿਸ਼ਨਰ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਨ ਅਤੇ ਰਾਜ, ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਨਵੇਂ ਕੀਰਤੀਮਾਨ ਸਥਾਪਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਨਾਲ ਲੁਧਿਆਣਾ ਦੀ ਪਛਾਣ ਇੱਕ ਖੇਡ ਪ੍ਰਤਿਭਾ ਦੇ ਕੇਂਦਰ ਵਜੋਂ ਹੋਰ ਮਜ਼ਬੂਤ ਹੋ ਰਹੀ ਹੈ। ਸ੍ਰੀ ਹਿਮਾਂਸ਼ੂ ਜੈਨ ਨੇ ਖਾਸ ਤੌਰ 'ਤੇ ਨੌਜਵਾਨ ਤੈਰਾਕ ਓਜਸ ਸੁੰਡ ਨੂੰ ਵਧਾਈ ਦਿੱਤੀ, ਜਿਸ ਨੇ ਰਾਸ਼ਟਰੀ ਪੱਧਰ 'ਤੇ ਚਾਰ ਤਗਮੇ ਜਿੱਤ ਕੇ ਪੂਰੇ ਉੱਤਰੀ ਭਾਰਤ ਜ਼ੋਨ ਦਾ ਇਕਲੌਤਾ ਤੈਰਾਕ ਬਣਨ ਦਾ ਮਾਣ ਹਾਸਲ ਕੀਤਾ। ਉਨ੍ਹਾਂ ਕਿਹਾ ਕਿ ਇਹ ਉਪਲਬਧੀ ਲੁਧਿਆਣਾ ਅਤੇ ਪੰਜਾਬ ਲਈ ਮਾਣ ਵਾਲਾ ਪਲ ਹੈ ਅਤੇ ਓਜਸ ਦੀ ਸਫਲਤਾ ਦੇਸ਼ ਭਰ ਦੇ ਉਭਰਦੇ ਤੈਰਾਕਾਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਡਿਪਟੀ ਕਮਿਸ਼ਨਰ ਨੇ ਕੋਚ ਮਾਧਵ ਸੁੰਡ ਅਤੇ ਸੌਰਵ ਸ਼ਰਮਾ ਦੇ ਸਮਰਪਿਤ ਯੋਗਦਾਨ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਮਿਹਨਤ, ਪੇਸ਼ੇਵਰ ਸਿਖਲਾਈ ਅਤੇ ਲਗਾਤਾਰ ਮਾਰਗਦਰਸ਼ਨ ਨੇ ਨੌਜਵਾਨ ਤੈਰਾਕਾਂ ਨੂੰ ਚੈਂਪੀਅਨ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਹਰ ਸਫਲ ਖਿਡਾਰੀ ਦੇ ਪਿੱਛੇ ਇੱਕ ਸਮਰਪਿਤ ਕੋਚ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ, ਜਿਸ ਨੂੰ ਹਮੇਸ਼ਾ ਯੋਗ ਸਨਮਾਨ ਮਿਲਣਾ ਚਾਹੀਦਾ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਦੁਹਰਾਇਆ ਕਿ ਖੇਡਾਂ ਦੇ ਵਿਕਾਸ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਉਹ ਪੂਰੀ ਤਰ੍ਹਾਂ ਵਚਨਬੱਧ ਹੈ। ਪ੍ਰਸ਼ਾਸਨ ਦਾ ਉਦੇਸ਼ ਅਜਿਹਾ ਮਾਹੌਲ ਤਿਆਰ ਕਰਨਾ ਹੈ, ਜਿਸ ਨਾਲ ਲੁਧਿਆਣਾ ਦੇ ਹੋਰ ਨੌਜਵਾਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ, ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਦੇ ਰਹਿਣ।

# ਅਕਤੂਬਰ ਤੋਂ ਸ਼ੁਰੂ ਹੋਵੇਗਾ ਸਿੱਧੂ ਮੂਸੇਵਾਲਾ ਦਾ ਹੋਲੋਗ੍ਰਾਮ ਵਰਲਡ ਟੂਰ, ਟੋਰਾਂਟੋ 'ਚ ਪਹਿਲਾ ਸ਼ੋਅ; ਨਵਾਂ ਗੀਤ ਵੀ ਹੋਵੇਗਾ ਰਿਲੀਜ਼

ਜ਼ਿਕਰ ਪੰਜਾਬ

**ਚੰਡੀਗੜ੍ਹ** : ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪ੍ਰਸ਼ੰਸਕਾਂ ਲਈ ਇੱਕ ਵੱਡੀ ਖੁਸ਼ਖਬਰੀ ਸਾਹਮਣੇ ਆਈ ਹੈ। ਸਿੱਧੂ ਮੂਸੇਵਾਲਾ ਦਾ ਬਹੁਚਰਚਿਤ ਹੋਲੋਗ੍ਰਾਮ ਟੂਰ ਅਕਤੂਬਰ 2026 ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਗਾਇਕ ਦੇ ਪਿਤਾ ਬਲਕੌਰ ਸਿੰਘ ਨੇ ਸਾਂਝੀ ਕਰਦਿਆਂ ਦੱਸਿਆ ਕਿ ਟੂਰ ਦਾ ਪਹਿਲਾ ਸ਼ੋਅ ਕੈਨੇਡਾ ਦੇ ਟੋਰਾਂਟੋ ਸ਼ਹਿਰ ਵਿੱਚ ਕਰਵਾਇਆ ਜਾਵੇਗਾ। ਉਨ੍ਹਾਂ ਮੁਤਾਬਕ, ਪਹਿਲੇ ਪੜਾਅ ਵਿੱਚ ਦੁਨੀਆ ਭਰ ਵਿੱਚ ਕਰੀਬ 10 ਸ਼ੋਅ ਕਰਨ ਦੀ ਯੋਜਨਾ ਬਣਾਈ ਗਈ ਹੈ। ਬਲਕੌਰ ਸਿੰਘ ਨੇ ਦੱਸਿਆ ਕਿ ਹਰ ਹੋਲੋਗ੍ਰਾਮ ਪ੍ਰਦਰਸ਼ਨ ਤੋਂ ਬਾਅਦ 2 ਤੋਂ 4 ਮਿੰਟ ਦਾ ਇੱਕ ਵਿਸ਼ੇਸ਼ ਸੰਦੇਸ਼ ਅਤੇ ਦਰਸ਼ਕਾਂ ਨਾਲ ਗੱਲਬਾਤ ਦਾ ਸੈਸ਼ਨ ਵੀ ਹੋਵੇਗਾ। ਉਨ੍ਹਾਂ ਕਿਹਾ ਕਿ ਉਹ ਖੁਦ ਟੋਰਾਂਟੋ ਵਿੱਚ ਹੋਣ ਵਾਲੇ ਪਹਿਲੇ ਸ਼ੋਅ ਵਿੱਚ ਮੌਜੂਦ ਰਹਿਣਗੇ। ਇਸ ਦੇ ਨਾਲ ਹੀ ਉਨ੍ਹਾਂ ਨੇ ਖੁਲਾਸਾ ਕੀਤਾ ਕਿ ਇਸ



ਸਮਾਗਮ ਦੌਰਾਨ ਸਿੱਧੂ ਮੂਸੇਵਾਲਾ ਦਾ ਇੱਕ ਨਵਾਂ ਗੀਤ ਵੀ ਰਿਲੀਜ਼ ਕੀਤਾ ਜਾਵੇਗਾ, ਜਦਕਿ ਉਨ੍ਹਾਂ ਦੇ ਕਈ ਹੋਰ ਅਣਰਿਲੀਜ਼ ਗੀਤਾਂ ਦੇ ਵੀਡੀਓ ਵੀ ਤਿਆਰ ਕੀਤੇ ਜਾ ਰਹੇ ਹਨ। ਆਪਣੇ ਪੁੱਤਰ ਦੇ ਦੇਹਾਂਤ ਤੋਂ ਬਾਅਦ ਦੇ ਜੀਵਨ ਬਾਰੇ ਗੱਲ ਕਰਦਿਆਂ ਬਲਕੌਰ ਸਿੰਘ ਨੇ ਕਿਹਾ ਕਿ ਅੱਜ ਵੀ ਹਰ ਰੋਜ਼ ਲਗਭਗ 1,000 ਤੋਂ 1,500 ਪ੍ਰਸ਼ੰਸਕ ਉਨ੍ਹਾਂ ਦੇ ਘਰ ਪਹੁੰਚਦੇ ਹਨ ਅਤੇ ਐਤਵਾਰ ਨੂੰ ਇਹ ਗਿਣਤੀ ਹੋਰ ਵੀ ਵੱਧ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਉਹ ਆਪਣਾ ਸਮਾਂ ਲੋਕਾਂ ਨਾਲ ਮਿਲਣ, ਸਮਾਜਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ, ਸਿਹਤ ਦਾ ਧਿਆਨ ਰੱਖਣ ਅਤੇ ਸਿੱਧੂ ਮੂਸੇਵਾਲਾ ਦੇ ਪ੍ਰਸ਼ੰਸਕਾਂ ਨਾਲ ਮੁਲਾਕਾਤ ਕਰਨ ਵਿੱਚ ਬਿਤਾਉਂਦੇ ਹਨ। ਸਿੱਧੂ ਮੂਸੇਵਾਲਾ ਦੇ ਹੋਲੋਗ੍ਰਾਮ ਟੂਰ ਨੂੰ ਲੈ ਕੇ ਦੁਨੀਆ ਭਰ ਦੇ ਪ੍ਰਸ਼ੰਸਕਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਉਮੀਦ ਕੀਤੀ ਜਾ ਰਹੀ ਹੈ ਕਿ ਇਹ ਸ਼ੋਅ ਉਨ੍ਹਾਂ ਦੀ ਯਾਦ ਨੂੰ ਇੱਕ ਨਵੇਂ ਅਤੇ ਆਧੁਨਿਕ ਅੰਦਾਜ਼ ਵਿੱਚ ਪ੍ਰਸ਼ੰਸਕਾਂ ਤੱਕ ਪਹੁੰਚਾਉਣਗੇ।

# ਵੇਦ ਪ੍ਰਚਾਰ ਮੰਡਲ ਨੇ ਵੈਦਿਕ ਭਾਸ਼ਣ ਮੁਕਾਬਲਾ ਕਰਵਾਇਆ

## ਨੌਜਵਾਨਾਂ ਨੂੰ ਨੈਤਿਕ ਕਦਰਾਂ-ਕੀਮਤਾਂ ਪ੍ਰਤੀ ਜਾਗਰੂਕ ਕਰਨ ਵਿੱਚ ਵੈਦਿਕ ਸੱਭਿਆਚਾਰ ਦਾ ਯੋਗਦਾਨ ਅਹਿਮ : ਰਣਜੋਧ ਸਿੰਘ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਜੇਤਲੀ**

ਵੇਦ ਪ੍ਰਚਾਰ ਮੰਡਲ ਪੰਜਾਬ ਨੇ ਪ੍ਰਿੰਸੀਪਲ ਡੀ.ਪੀ. ਗੁਲੇਰੀਆ ਦੀ ਅਗਵਾਈ ਹੇਠ ਅਤੇ ਮੰਡਲ ਦੇ ਸੂਬਾਈ ਜਨਰਲ ਸਕੱਤਰ ਰੋਸ਼ਨ ਲਾਲ ਆਰੀਆ ਦੀ ਮੌਜੂਦਗੀ ਵਿੱਚ ਸਥਾਨਕ ਬੀ.ਸੀ.ਐਮ. ਸਕੂਲ, ਸੈਕਟਰ 32ਏ, ਚੰਡੀਗੜ੍ਹ ਰੋਡ ਵਿਖੇ ਇੱਕ ਅੰਤਰ-ਸਕੂਲ ਵੈਦਿਕ ਭਾਸ਼ਣ ਮੁਕਾਬਲਾ ਕਰਵਾਇਆ। ਸਮਾਗਮ ਦੀ ਪ੍ਰਧਾਨਗੀ ਮਾਲਵਾ ਕਾਲਜ ਬੌਂਦਲੀ, (ਸਮਰਾਲਾ) ਦੇ ਪ੍ਰਿੰਸੀਪਲ ਦਿਨੇਸ਼ ਸ਼ਰਮਾ ਨੇ ਕੀਤੀ। ਡੀਸੈਂਟ ਗਰੁੱਪ ਆਫ਼ ਸਕੂਲਜ਼ ਦੇ ਮੈਨੇਜਿੰਗ ਡਾਇਰੈਕਟਰ ਡਾ. ਸੁਨੀਲ ਮਹਿਤਾ ਅਤੇ ਡਾ. ਵਿਜੇ ਠਾਕੁਰ, ਵਿਨੋਦ ਜੈਨ ਅਤੇ ਦਿੱਲੀ ਵਰਲਡ ਪਬਲਿਕ ਸਕੂਲ ਦੇ ਪ੍ਰਿੰਸੀਪਲ ਅਨੁਜ ਤਲਨ ਨੇ ਦੀਪ ਜਗਾ ਕੇ ਸਮਾਗਮ ਦਾ ਉਦਘਾਟਨ ਕੀਤਾ। ਜ਼ਿਲ੍ਹਾ ਆਰੀਆ ਸਭਾ ਦੇ ਖਜ਼ਾਨਚੀ ਅਰੁਣ ਸੂਦ ਨੇ ਡਰਾਅ ਕੱਢ ਕੇ ਅਤੇ ਪ੍ਰਤੀਯੋਗੀਆਂ ਨੂੰ ਬੈਜ ਦੇ ਕੇ ਮੁਕਾਬਲੇ ਦੀ ਸ਼ੁਰੂਆਤ ਕੀਤੀ। ਸ਼ਹਿਰ ਦੇ 26 ਸਕੂਲਾਂ ਦੇ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਵੈਦਿਕ ਸੱਭਿਆਚਾਰ ਤੋਂ ਇਲਾਵਾ ਵਿਦਿਆਰਥੀਆਂ ਨੇ ਮੌਜੂਦਾ ਮੁੱਦਿਆਂ ਨਾਲ





ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਭਾਸ਼ਣ ਦਿੱਤੇ। ਡਾ. ਅਮਿਤਾ ਖੋਸਲਾ, ਪ੍ਰੋ. ਨੀਲਮ ਅਤੇ ਪ੍ਰੋ. ਗੁਰਵਿੰਦਰ ਕੌਰ ਨੇ ਜੱਜਾਂ ਵਜੋਂ ਸੇਵਾ ਨਿਭਾਈ। ਮੁੱਖ ਮਹਿਮਾਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਰਣਜੋਧ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਪ੍ਰੋਗਰਾਮ ਨੌਜਵਾਨਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਅਤੇ ਵੈਦਿਕ ਸੱਭਿਆਚਾਰ ਦਾ ਪ੍ਰਚਾਰ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ ਜਿਸਦੇ ਲਈ ਪ੍ਰਬੰਧਕ ਵਧਾਈ ਦੇ ਹੱਕਦਾਰ ਹਨ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸਮਾਰੋਹ ਦੇ ਪ੍ਰਧਾਨ ਡਾ. ਦਿਨੇਸ਼ ਸ਼ਰਮਾ ਨੇ ਕਿਹਾ ਕਿ ਅੱਜ ਦੇ ਨੌਜਵਾਨ ਬੁਰਾਈ ਵਿੱਚ ਫਸਦੇ ਜਾ ਰਹੇ ਹਨ, ਅਤੇ ਇਸਦਾ ਇੱਕੋ ਇੱਕ ਹੱਲ ਆਪਣੀ ਸੰਸਕ੍ਰਿਤੀ ਵੱਲ ਵਾਪਸ ਆਉਣਾ ਹੈ। ਪ੍ਰੀਸ਼ਦ ਇਸ ਦਿਸ਼ਾ ਵਿੱਚ ਸ਼ਾਨਦਾਰ ਕੰਮ ਕਰ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਸਾਰਿਆਂ ਨੂੰ ਇਸ ਮੁਹਿੰਮ ਦਾ ਪੂਰਾ ਸਮਰਥਨ ਕਰਨਾ ਚਾਹੀਦਾ ਹੈ। ਪ੍ਰਿੰਸੀਪਲ ਡੀ.ਪੀ. ਗੁਲੇਰੀਆ ਅਤੇ ਰੋਸ਼ਨ ਲਾਲ ਆਰੀਆ ਨੇ ਮਹਿਮਾਨਾਂ ਨੂੰ ਸਤਿਆਰਥ ਪ੍ਰਕਾਸ਼ ਭੇਟ ਕਰਕੇ ਸਨਮਾਨਿਤ ਕੀਤਾ। ਮੁੱਖ ਮਹਿਮਾਨ ਰਣਜੋਧ ਸਿੰਘ ਅਤੇ ਸਮਾਰੋਹ ਦੇ ਪ੍ਰਧਾਨ ਡਾ. ਦਿਨੇਸ਼ ਸ਼ਰਮਾ ਨੇ ਜੇਤੂ ਪ੍ਰਤੀਯੋਗੀਆਂ ਨੂੰ ਇਨਾਮ ਵੰਡੇ। ਪਹਿਲਾ ਇਨਾਮ ਬੀ.ਸੀ.ਐਮ. ਸਕੂਲ, ਫੋਕਲ ਪੁਆਇੰਟ ਦੇ ਸਚਿਨ ਨੇਗੀ, ਦੂਜਾ ਇਨਾਮ ਸਿਧਾਰਥ ਪਬਲਿਕ ਸਕੂਲ ਤੋਂ ਵ੍ਰਿਸ਼ਟੀ, ਤੀਜਾ ਇਨਾਮ ਜੈਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਅਵਨੀਤ ਕੌਰ ਨੇ ਹਾਸਿਲ ਕੀਤਾ ਜਦੋਂਕਿ ਪ੍ਰਸ਼ੰਸਾ ਪੱਤਰ ਨਾਲ ਜੈਨ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀ ਜਸਸੀਰਤ ਕੌਰ, ਡੀਸੈਂਟ ਪਬਲਿਕ ਸਕੂਲ, ਨਿਊ ਸ਼ਕਤੀ ਨਗਰ ਦੀ ਗੁੰਜਨ ਨੂੰ ਸਨਮਨਿਤ ਕੀਤਾ ਗਿਆ।

# ਅਕਾਲੀ ਦਲ ਨੂੰ ਵੱਡਾ ਝਟਕਾ, ਸੀਨੀਅਰ ਆਗੂ ਗੁਰਮੀਤ ਸਿੰਘ ਖਾਈ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

ਜ਼ਿਕਰ ਪੰਜਾਬ

**ਲਹਿਰਾਗਾਗਾ** : ਲਹਿਰਾਗਾਗਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਸਿਆਸੀ ਝਟਕਾ ਲੱਗਾ ਜਦੋਂ ਪਾਰਟੀ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਖਾਈ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ। ਕੈਬਿਨੇਟ ਮੰਤਰੀ ਬਰਿੰਦਰ



ਗੋਇਲ ਨੇ ਉਨ੍ਹਾਂ ਦਾ ਸਿਰੋਪਾ ਪਾ ਕੇ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਕਿਹਾ ਕਿ 'ਆਪ' ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਅਤੇ ਆਮ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਗੁਰਮੀਤ ਸਿੰਘ ਖਾਈ ਦੇ ਨਾਲ ਰਾਮਗੜ੍ਹੀਆ ਭਾਈਚਾਰੇ ਦੇ ਕਈ ਪ੍ਰਮੁੱਖ ਮੈਂਬਰਾਂ ਨੇ ਵੀ ਬਰਿੰਦਰ ਗੋਇਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦਾ ਦਾਮਨ ਫੜਿਆ। ਸਮਾਗਮ ਦੌਰਾਨ ਮੰਤਰੀ ਬਰਿੰਦਰ ਗੋਇਲ ਨੇ ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਦਾ ਪਰਿਵਾਰ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ ਅਤੇ ਦੇ ਲੋਕ ਵਿਕਾਸ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ। ਪਾਰਟੀ ਵਿੱਚ ਸ਼ਾਮਲ ਹੋਣ ਉਪਰੰਤ ਗੁਰਮੀਤ ਸਿੰਘ ਖਾਈ ਨੇ ਕਿਹਾ ਕਿ ਉਹ ਲੋਕਾਂ ਦੀ ਸੇਵਾ ਅਤੇ ਖੇਤਰ ਦੇ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਆਮ ਆਦਮੀ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਨੇ ਪਾਰਟੀ ਵਿੱਚ ਸਨਮਾਨ ਦੇਣ ਲਈ ਮੰਤਰੀ ਬਰਿੰਦਰ ਗੋਇਲ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

# ਵੈਟਨਰੀ ਯੂਨੀਵਰਸਿਟੀ ਦੇ ਵਿਦਿਆਰਥੀ 'ਰਾਸ਼ਟਰੀ ਨਸ਼ਾ ਵਿਰੋਧੀ ਮਿਸ਼ਨ' ਵਿੱਚ ਹੋਏ ਸ਼ਾਮਲ






ਜ਼ਿਕਰ ਪੰਜਾਬ

**ਲੁਧਿਆਣਾ** : ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੁਆਰਾ ਸ਼ੁਰੂ ਕੀਤੇ ਗਏ ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ ਇੱਕ ਉਪਰਾਲੇ ਵਿਕਸਤ ਭਾਰਤ ਸੰਕਲਪ ਲਈ ਨਸ਼ਾ ਮੁਕਤ ਯੁਵਾ ਦੇ ਤਹਿਤ ਨਸ਼ਾ ਦੁਰਵਰਤੋਂ ਵਿਰੁੱਧ ਰਾਸ਼ਟਰੀ ਜਨ ਸਹੁੰ ਚੁੱਕੀ। ਇਸ ਪ੍ਰੋਗਰਾਮ ਵਿੱਚ ਪੰਜਾਬ ਦੇ ਰਾਜਪਾਲ ਅਤੇ ਰਾਜ ਯੂਨੀਵਰਸਿਟੀਆਂ ਦੇ ਚਾਂਸਲਰ, ਸ਼੍ਰੀ ਗੁਲਾਬ ਚੰਦ ਕਟਾਰੀਆ, ਚੰਡੀਗੜ੍ਹ ਤੋਂ ਵਰਚੁਅਲ ਤੌਰ 'ਤੇ ਵੀ ਸ਼ਾਮਲ ਹੋਏ। ਇਸ ਪਹਿਲਕਦਮੀ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਸਬੰਧਤ ਭਾਈਚਾਰਿਆਂ ਵਿੱਚ ਸਕਾਰਾਤਮਕ ਸਮਾਜਿਕ ਤਬਦੀਲੀ ਦੇ ਰਾਜਦੂਤ ਬਣਨ ਲਈ ਉਤਸ਼ਾਹਿਤ ਕਰਨਾ ਸੀ। ਡਾ ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਕਿਹਾ ਕਿ ਵੈਟਨਰੀ ਯੂਨੀਵਰਸਿਟੀ ਨੇ ਨਸ਼ਾ ਵਿਰੋਧੀ ਪ੍ਰਣ ਵਿੱਚ ਆਪਣੇ ਵਿਦਿਆਰਥੀਆਂ ਅਤੇ ਸੰਬੰਧਿਤ ਕਾਲਜਾਂ ਦੇ ਵਿਦਿਆਰਥੀਆਂ ਦੀ ਪੂਰਨ ਭਾਗੀਦਾਰੀ ਨਿਸ਼ਚਿਤ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਭਰਵਾਂ ਹੁੰਗਾਰਾ ਉਨ੍ਹਾਂ ਦਾ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਦੂਰ ਰਹਿਣ ਅਤੇ ਇੱਕ ਸਿਹਤਮੰਦ, ਜ਼ਿੰਮੇਵਾਰ ਅਤੇ ਪ੍ਰਗਤੀਸ਼ੀਲ ਸਮਾਜ ਬਣਾਉਣ ਵਿੱਚ ਯੋਗਦਾਨ ਪਾਉਣ ਦੇ ਦ੍ਰਿੜ ਇਰਾਦੇ ਨੂੰ ਦਰਸਾਉਂਦਾ ਹੈ। ਉਨ੍ਹਾਂ ਦੀ ਭਾਗੀਦਾਰੀ ਦੀ ਸ਼ਲਾਘਾ ਕਰਦੇ ਹੋਏ ਡਾ. ਗਿੱਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਦੇ ਪਿੱਛੇ ਪ੍ਰੇਰਕ ਸ਼ਕਤੀ ਹਨ। ਉਨ੍ਹਾਂ ਨੂੰ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਨਸ਼ਿਆਂ ਦੀ ਦੁਰਵਰਤੋਂ ਦੇ ਖ਼ਤਰਿਆਂ ਬਾਰੇ ਜਾਗਰੂਕ ਕਰ ਕੇ ਸਕਾਰਾਤਮਕ ਬਦਲਾਅ ਦੇ ਰਾਜਦੂਤ ਬਣਨ ਦੀ ਅਪੀਲ ਕੀਤੀ। ਨਸ਼ਾ ਮੁਕਤ ਯੁਵਾ ਅਭਿਆਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਲਈ, ਯੂਨੀਵਰਸਿਟੀ ਨੇ ਆਪਣੇ ਕੈਂਪਸ, ਕੈਂਪਸ ਤੋਂ ਬਾਹਰ ਸੰਸਥਾਵਾਂ ਅਤੇ ਸੰਬੰਧਿਤ ਕਾਲਜਾਂ ਵਿੱਚ ਨਸ਼ਾ ਵਿਰੋਧੀ ਸਹੁੰ ਪ੍ਰੋਗਰਾਮਾਂ ਦੀ ਇੱਕ ਲੜੀ ਸ਼ੁਰੂ ਕੀਤੀ ਹੈ। ਪਹਿਲਾ ਪੜਾਅ ਯੂਨੀਵਰਸਿਟੀ ਦੇ ਹੋਸਟਲਾਂ ਵਿੱਚ ਆਯੋਜਿਤ ਕੀਤਾ ਗਿਆ ਸੀ, ਜਿੱਥੇ ਵਿਦਿਆਰਥੀਆਂ ਨੇ ਸਮੂਹਿਕ ਤੌਰ 'ਤੇ ਨਸ਼ਾ ਮੁਕਤ ਜੀਵਨ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਅਤੇ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦਾ ਵਾਅਦਾ ਕੀਤਾ। ਇਹ ਪ੍ਰੋਗਰਾਮ ਵਿਦਿਆਰਥੀ ਭਲਾਈ ਦੇ ਨਿਰਦੇਸ਼ਕ ਡਾ. ਜਸਪਾਲ ਸਿੰਘ ਹੁੰਦਲ ਦੀ ਅਗਵਾਈ ਹੇਠ ਕਰਵਾਇਆ ਗਿਆ ਸੀ, ਜਿਨ੍ਹਾਂ ਨੇ ਨਸ਼ਾ ਮੁਕਤ ਸਮਾਜ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਨਸ਼ਾ-ਮੁਕਤ ਯੂਨੀਵਰਸਿਟੀ ਕੈਂਪਸ ਲਈ ਨਸ਼ਾ ਵਿਰੋਧੀ ਕਮੇਟੀ ਦੇ ਸਿਰਮੌਰ ਅਧਿਕਾਰੀ ਡਾ. ਹਰਕੀਰਤ ਸਿੰਘ ਨੇ ਇਸ ਸਮਾਗਮ ਦਾ ਤਾਲਮੇਲ ਕੀਤਾ ਅਤੇ ਜਾਗਰੂਕਤਾ, ਰੋਕਥਾਮ ਅਤੇ ਭਾਈਚਾਰਕ ਸ਼ਮੂਲੀਅਤ ਵਿੱਚ ਯੂਨੀਵਰਸਿਟੀ ਦੇ ਚੱਲ ਰਹੇ ਯਤਨਾਂ ਦੀ ਰੂਪਰੇਖਾ ਦੱਸੀ। ਇਹ ਪ੍ਰੋਗਰਾਮ ਵਿਦਿਆਰਥੀਆਂ, ਅਧਿਆਪਕਾਂ, ਸਟਾਫ਼ ਅਤੇ ਹੋਸਟਲ ਵਾਰਡਨਾਂ ਦੁਆਰਾ ਇੱਕ ਸਮੂਹਿਕ ਸਹੁੰ ਨਾਲ ਸਮਾਪਤ ਹੋਇਆ, ਜੋ ਵਿਕਸਤ ਭਾਰਤ ਲਈ ਨਸ਼ਾ-ਮੁਕਤ ਨੌਜਵਾਨ ਦੇ ਦ੍ਰਿਸ਼ਟੀਕੋਣ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ।

# ਗੈਂਗਸਟਰਾਂ 'ਤੇ ਵਾਰ ਦਾ 194ਵਾਂ ਦਿਨ: ਪੰਜਾਬ ਪੁਲਿਸ ਵੱਲੋਂ 587 ਥਾਈਂ ਛਾਪੇਮਾਰੀ ; 313 ਕਾਬੂ

ਜ਼ਿਕਰ ਪੰਜਾਬ

**ਚੰਡੀਗੜ੍ਹ** : 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 194ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 587 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿ?ਹਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 194ਵੇਂ ਦਿਨ, ਪੁਲਿਸ ਟੀਮਾਂ ਨੇ 313 ਵਿਅਕਤੀਆਂ ਨੂੰ ਦੋ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ 55,539 ਗ੍ਰਿਫ਼ਤਾਰੀਆਂ ਹੋਈਆਂ ਹਨ। ਇਸ ਤੋਂ ਇਲਾਵਾ 193 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ

- **ਪੁਲਿਸ ਟੀਮਾਂ ਨੇ 193 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ**
- **ਯੁੱਧ ਨਸ਼ਿਆਂ ਵਿਰੁਧ ਦੇ 519ਵੇਂ ਦਿਨ 85 ਨਸ਼ਾ ਤਸਕਰ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ**

ਦੌਰਾਨ 11 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' 519ਵੇਂ ਦਿਨ ਵੀ ਜਾਰੀ ਰੱਖੀ ਹੈ, ਜਿਸ ਤਹਿਤ ਅੱਜ 85 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਕਿਲੋ ਹੈਰੋਇਨ, 4.5 ਕਿਲੋ ਭੁੱਕੀ, 443 ਨਸ਼ੀਲੀਆਂ ਗੋਲੀਆਂ ਅਤੇ 12,320 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਦੇ ਨਾਲ, ਸਿਰਫ 519 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 75,237 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 12 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪੋਹੀੜ ਵਿਖੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਵਿਸ਼ਾਲ ਮੀਟਿੰਗ, ਇਆਲੀ ਤੇ ਸ਼ਿਵਾਲਿਕ ਨੇ ਭਰੀ ਹਾਜ਼ਰੀ

ਜ਼ਿਕਰ ਪੰਜਾਬ

**ਲੁਧਿਆਣਾ** : ਹਲਕਾ ਗਿੱਲ ਦੇ ਪਿੰਡ ਪੋਹੀੜ ਵਿਖੇ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਇੱਕ ਅਹਿਮ ਅਤੇ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹਲਕਾ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਅਤੇ ਹਲਕਾ ਗਿੱਲ ਦੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਸ਼ਿਵਾਲਿਕ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਪਾਰਟੀ ਦੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਖੁੱਲ੍ਹ ਕੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਪਿਛਲੀ ਲੀਡਰਸ਼ਿਪ ਵੱਲੋਂ ਕੀਤੀਆਂ ਗਈਆਂ ਇਤਿਹਾਸਕ ਗਲਤੀਆਂ ਕਾਰਨ ਹੀ ਅੱਜ ਸਿੱਖ ਕੌਮ ਅਤੇ ਪੰਜਾਬ ਦੇ ਲੋਕਾਂ ਦਾ ਪਾਰਟੀ ਤੋਂ ਭਰੋਸਾ ਪੂਰੀ ਤਰ੍ਹਾਂ ਟੁੱਟ ਚੁੱਕਾ ਹੈ। ਇਆਲੀ ਨੇ ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ, ਬਹਿਬਲ ਕਲਾਂ ਗੋਲੀਕਾਂਡ, ਅਤੇ ਕਿਸਾਨ ਅੰਦੋਲਨ ਦੌਰਾਨ ਤਿੰਨ ਕਾਲੇ ਖੇਤੀ ਕਾਨੂੰਨਾਂ ਦੇ ਸ਼ੁਰੂਆਤੀ ਸਮਰਥਨ ਵਰਗੇ ਫ਼ੈਸਲਿਆਂ ਨੂੰ ਲੋਕਾਂ ਦੀ ਵੱਡੀ ਨਾਰਾਜ਼ਗੀ ਦਾ ਮੁੱਖ ਕਾਰਨ ਦੱਸਿਆ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ



ਨਾਜ਼ੁਕ ਮੁੱਦਿਆਂ 'ਤੇ ਉਨ੍ਹਾਂ ਨੇ ਸਮੇਂ-ਸਮੇਂ ਪਾਰਟੀ ਦੇ ਅੰਦਰ ਰਹਿ ਕੇ ਜ਼ੋਰਦਾਰ ਆਵਾਜ਼ ਉਠਾਈ ਸੀ ਅਤੇ ਲੀਡਰਸ਼ਿਪ ਬਦਲਣ ਦੀ ਮੰਗ ਵੀ ਕੀਤੀ ਸੀ, ਪਰ ਹੰਕਾਰੀ ਲੀਡਰਸ਼ਿਪ ਵੱਲੋਂ ਉਨ੍ਹਾਂ ਦੀ ਇੱਕ ਨਾ ਸੁਣੀ ਗਈ, ਜਿਸ ਦਾ ਖ਼ਮਿਆਜ਼ਾ ਅੱਜ ਪਾਰਟੀ ਭੁਗਤ ਰਹੀ ਹੈ। ਸੂਬੇ ਦੀ ਮੌਜੂਦਾ ਸਿਆਸਤ 'ਤੇ ਬੋਲਦਿਆਂ ਮਨਪ੍ਰੀਤ ਸਿੰਘ ਇਆਲੀ ਨੇ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਨੂੰ ਵੀ ਕਰੜੇ ਹੱਥੀਂ ਲਿਆ। ਉਨ੍ਹਾਂ ਕਿਹਾ ਕਿ ਬਦਲਾਅ ਦੇ ਨਾਂ 'ਤੇ ਸੱਤਾ ਵਿੱਚ ਆਈ 'ਆਪ' ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ। ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਦਤਰ ਹੋ ਚੁੱਕੀ ਹੈ, ਨਸ਼ਿਆਂ ਦਾ ਪਸਾਰਾ ਲਗਾਤਾਰ ਵਧ ਰਿਹਾ ਹੈ, ਅਤੇ ਨੌਜਵਾਨ ਰੁਜ਼ਗਾਰ ਲਈ ਭਟਕ ਰਹੇ ਹਨ। ਦਿੱਲੀ ਬੈਠੀ ਹਾਈਕਮਾਂਡ ਦੇ ਇਸ਼ਾਰਿਆਂ 'ਤੇ ਚੱਲਣ ਵਾਲੀ ਇਹ ਸਰਕਾਰ ਪੰਜਾਬ ਦੇ ਹੱਕਾਂ ਦੀ ਰਾਖੀ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਲੋਕ ਹੁਣ ਇਸ ਝੂਠੇ ਬਦਲਾਅ ਤੋਂ ਅੱਕ ਚੁੱਕੇ ਹਨ। ਇਸ ਮੌਕੇ ਹਲਕਾ ਗਿੱਲ ਦੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਸ਼ਿਵਾਲਿਕ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਹੁਣ ਅਕਾਲੀ ਦਲ ਦਾ ਪੁਨਰਗਠਨ ਅਤੇ ਸਿਧਾਂਤਕ ਬਦਲਾਅ ਬੇਹੱਦ ਜ਼ਰੂਰੀ ਹੈ, ਤਾਂ ਜੋ ਲੋਕਾਂ ਦਾ ਵਿਸ਼ਵਾਸ ਦੁਬਾਰਾ ਜਿੱਤਿਆ ਜਾ ਸਕੇ। ਇਸ ਮੀਟਿੰਗ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ, ਅਕਾਲੀ ਆਗੂ ਅਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ, ਜਿਨ੍ਹਾਂ ਨੇ ਪਾਰਟੀ ਨੂੰ ਨਵੇਂ ਸਿਰੇ ਤੋਂ ਮਜ਼ਬੂਤ ਕਰਨ ਦਾ ਅਹਿਦ ਲਿਆ। ਇਸ ਮੌਕੇ ਜਸਵੀਰ ਸਿੰਘ ਪੱਪੂ, ਜਗਦੀਪ ਸਿੰਘ ਬਿੱਟੂ, ਮਨਪ੍ਰੀਤ ਸਿੰਘ ਕਾਲੀ, ਸੁਖਦੇਵ ਸਿੰਘ ਸੁੱਖਾ,ਪਰਮਜੀਤ ਸਿੰਘ, ਰਣਜੀਤ ਸਿੰਘ,ਰਸਪਾਲ ਸਿੰਘ, ਬਲਰਾਜ ਸਿੰਘ, ਮਨਮੀਤ ਸਿੰਘ, ਜਤਿੰਦਰ ਸਿੰਘ ਜੋਤੀ, ਪਲਵਿੰਦਰ ਸਿੰਘ ਬੰਟੀ, ਰਫੀਕ ਮੁਹੰਮਦ, ਬਲਵੀਰ ਸਿੰਘ, ਜਗਜੀਤ ਸਿੰਘ, ਗੁਰਦਿਆਲ ਸਿੰਘ, ਹਾਕਮ ਸਿੰਘ, ਸੇਵਾ ਸਿੰਘ, ਜਸਵੀਰ ਸਿੰਘ, ਪ੍ਰਕਾਸ਼ ਸਿੰਘ,ਪ੍ਰਭਜੋਤ ਸਿੰਘ, ਮਨਮੀਤ ਸਿੰਘ, ਗੁਰਜੀਤ ਸਿੰਘ ਗੋਰਾ, ਹਰਜਿੰਦਰ ਸਿੰਘ, ਮਨਪ੍ਰੀਤ ਸਿੰਘ, ਲੱਖਾ ਸਾਡੇ ਤੋਂ ਇਲਾਵਾ ਵੱਡੀ ਗਿਣਤੀ ਪਤਵੰਤੇ ਸੱਜਣ ਹਾਜ਼ਰ ਸਨ।

# ਪੇਪਰ ਲੀਕ ਮੁੱਦੇ 'ਚ ਘੇਰੀ ਮਾਨ ਸਰਕਾਰ, ਗਿਆਨੀ ਹਰਪ੍ਰੀਤ ਸਿੰਘ ਨੇ ਕੀਤਾ ਮੰਤਰੀ ਦੇ ਅਸਤੀਫ਼ੇ ਦਾ ਦਾਅਵਾ

ਜ਼ਿਕਰ ਪੰਜਾਬ

**ਭੁਲੱਥ** : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਨਡਾਲਾ ਦੇ ਇੱਕ ਨਿੱਜੀ ਰਿਜ਼ੋਰਟ ਵਿਖੇ ਹਲਕਾ ਭੁਲੱਥ ਦੇ ਵਰਕਰਾਂ ਅਤੇ ਆਮ ਲੋਕਾਂ ਨਾਲ ਰੱਖੀ ਗਈ ਲੋਕ ਮਿਲਣੀ ਨੇ ਇੱਕ ਵਿਸ਼ਾਲ ਸਿਆਸੀ ਰੈਲੀ ਦਾ ਰੂਪ ਧਾਰ ਲਿਆ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਇਲਾਕਾ ਵਾਸੀਆਂ ਦੀ ਸਹਿਮਤੀ ਨਾਲ ਭੁਲੱਥ ਹਲਕੇ ਤੋਂ ਆਪਣੀ ਆਗਾਮੀ ਚੋਣ ਮੁਹਿੰਮ ਦਾ ਰਸਮੀ ਆਗਾਜ਼ ਕਰ ਦਿੱਤਾ। ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ 2 ਦਸੰਬਰ 2024 ਦੇ ਹੁਕਮਨਾਮੇ ਦਾ ਹਵਾਲਾ ਦਿੰਦਿਆਂ ਸਮੁੱਚੇ ਪੰਥ ਨੂੰ ਇਕੱਠੇ ਹੋਣ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਵਿੱਚ ਮੁੜ ਪੰਥਕ ਸਰਕਾਰ ਕਾਇਮ ਕੀਤੀ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਨੇ ਹਲਕੇ ਦੀਆਂ ਖ਼ਸਤਾਹਾਲ ਸੜਕਾਂ ਅਤੇ ਹੋਰ ਸਥਾਨਕ ਸਮੱਸਿਆਵਾਂ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਚੁੱਕਿਆ। ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਭਗਵੰਤ ਮਾਨ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਬਿਨਾਂ ਧਰਨਿਆਂ ਦੇ ਕੰਮ ਕਰਨ ਦੇ ਦਾਅਵੇ ਕਰਨ ਵਾਲੇ ਅੱਜ ਪੰਜਾਬ ਦੇ ਹਰ ਵਰਗ ਨੂੰ ਸੜਕਾਂ 'ਤੇ ਲਿਆ ਚੁੱਕੇ ਹਨ। ਬਰਨਾਲਾ ਵਿਖੇ ਸਫ਼ਾਈ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਕਰੜੀ ਨਿੰਦਾ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਲੋਕਤੰਤਰਿਕ ਤਰੀਕੇ ਨਾਲ ਹੱਕ ਮੰਗ ਰਹੇ ਲੋਕਾਂ 'ਤੇ ਡੰਡੇ ਵਰਾ ਰਹੀ ਹੈ। ਉਨ੍ਹਾਂ ਪੇਪਰ ਲੀਕ ਮਾਮਲੇ 'ਚ 'ਆਪ' 'ਤੇ ਦੋਹਰੇ ਮਾਪਦੰਡ ਅਪਣਾਉਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਜਿਵੇਂ ਕੇਂਦਰ 'ਚ ਨੀਟ ਮਾਮਲੇ 'ਚ ਮੰਤਰੀ ਦਾ ਅਸਤੀਫ਼ਾ ਮੰਗਿਆ ਗਿਆ ਸੀ, ਉਸੇ ਤਰ੍ਹਾਂ ਪੰਜਾਬ ਦੇ ਪੇਪਰ ਲੀਕ ਮਾਮਲੇ 'ਚ ਵੀ ਸਬੰਧਤ



ਮੰਤਰੀ ਨੂੰ ਨੈਤਿਕਤਾ ਦੇ ਆਧਾਰ 'ਤੇ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ। ਪੰਥਕ ਏਕਤਾ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਉਹ ਪੰਥ ਅਤੇ ਪੰਜਾਬ ਦੇ ਭਲੇ ਲਈ ਹਰ ਕੁਰਬਾਨੀ ਦੇਣ ਲਈ ਤਿਆਰ ਹਨ। ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪੰਜਾਬ ਦੀ ਆਰਥਿਕ ਸਥਿਤੀ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਸੂਬੇ ਸਿਰ 5 ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹ ਚੁੱਕਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਦੇ ਸਰਕਾਰੀ ਖ਼ਜ਼ਾਨੇ ਦੀ ਵਰਤੋਂ ਦੂਜੇ ਰਾਜਾਂ ਵਿੱਚ ਆਪਣੀ ਪਾਰਟੀ ਦੇ ਪ੍ਰਚਾਰ ਅਤੇ ਇਸ਼ਤਿਹਾਰਬਾਜ਼ੀ ਲਈ ਕੀਤੀ ਜਾ ਰਹੀ ਹੈ, ਜੋ ਤੁਰੰਤ ਬੰਦ ਹੋਣੀ ਚਾਹੀਦੀ ਹੈ। ਇਸ ਦੌਰਾਨ ਸੀਨੀਅਰ ਆਗੂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਸਕੱਤਰ ਜਨਰਲ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸੁੱਚਾ ਸਿੰਘ ਛੋਟੇਪੁਰ ਨੇ ਵੀ ਸੰਬੋਧਨ ਕਰਦਿਆਂ ਲੋਕਾਂ ਨੂੰ ਪੰਥਕ ਸ਼ਕਤੀ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਇਸ ਪ੍ਰਭਾਵਸ਼ਾਲੀ ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਐਡਵੋਕੇਟ ਕੁਲਵੰਤ ਸਿੰਘ ਸਹਿਗਲ, ਜਗਜੀਤ ਸਿੰਘ ਕੋਹਲੀ, ਜ਼ਿਲ੍ਹਾ ਕਪੂਰਥਲਾ ਪ੍ਰਧਾਨ ਗੁਰਜਿੰਦਰਜੀਤ ਸਿੰਘ ਭੁੱਲਰ, ਅਜੈਪਾਲ ਸਿੰਘ ਮੀਰਾਂਕੋਟ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸਿਮਰਜੋਤ ਕੌਰ ਸਿੱਧੂ, ਦਲਜਿੰਦਰਬੀਰ ਸਿੰਘ ਵਿਰਕ (ਪ੍ਰਧਾਨ ਅੰਮ੍ਰਿਤਸਰ ਦਿਹਾਤੀ), ਮਨਿੰਦਰ ਸਿੰਘ ਧੁੰਨਾ (ਪ੍ਰਧਾਨ ਸ਼ਹਿਰੀ ਅੰਮ੍ਰਿਤਸਰ), ਰਾਜਵਿੰਦਰ ਸਿੰਘ ਜੈਦ, ਰਣਜੀਤ ਸਿੰਘ ਬਿੱਟੂ, ਯਾਦਵਿੰਦਰ ਸਿੰਘ ਬੰਟੀ, ਮਲਕੀਤ ਸਿੰਘ ਠੁਣੀਆ, ਪਰਵਿੰਦਰ ਸਿੰਘ ਬੰਟੀ, ਐਡਵੋਕੇਟ ਪਰਵਿੰਦਰ ਸਿੰਘ ਹਮੀਰਾ, ਬੰਟੀ ਨੌਰੰਗਪੁਰ ਅਤੇ ਜਰਨੈਲ ਸਿੰਘ ਟਾਂਡੀ ਸਮੇਤ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਵਰ੍ਹੇ ਮੌਕੇ ਖੰਨਾ ਵਿੱਚ ਪੁੱਜੇ ਪਾਵਨ ਕਲਸ਼ ਦਾ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਸਵਾਗਤ

**ਖੰਨਾ/ਮਨਜੀਤ ਸਿੰਘ ਧੀਮਾਨ**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਵਰ੍ਹੇ ਦੇ ਮੌਕੇ 'ਤੇ ਖੰਨਾ ਵਿੱਚ ਪਹੁੰਚ ਪੁੱਜੇ ਪਾਵਨ ਕਲਸ਼ ਦਾ ਸੰਗਤਾਂ ਵੱਲੋ ਭਰਵਾ ਸਵਾਗਤ,ਕੀਤਾ ਗਿਆ ਅਤੇ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਸਮਾਗਮ ਵਿੱਚ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਪ੍ਰੋਫੈਸਰ ਭੁਪਿੰਦਰ ਸਿੰਘ ਚੀਮਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਹਨਾਂ ਦੇ ਨਾਲ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਇਕਬਾਲ ਚੰਨੀ ਵੀ ਮੌਜੂਦ ਸਨ। ਇਸ ਮੌਕੇ ਭੁਪਿੰਦਰ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਯਾਤਰਾ ਵਿਚ ਵੱਡੀ ਗਿਣਤੀ ਚ ਨੌਜਵਾਨਾਂ, ਮਹਿਲਾਵਾਂ ਅਤੇ ਪਤਵੰਤਿਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।

**ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦਾ ਸਮਾਨਤਾ ਅਤੇ ਮਨੁੱਖਤਾ ਦਾ ਸੰਦੇਸ਼ ਪਹੁੰਚਿਆ ਘਰ-ਘਰ ਪਹੁੰਚਾਇਆ : ਪ੍ਰੋ. ਭੁਪਿੰਦਰ ਚੀਮਾ**

ਇਸ ਮੌਕੇ ਹਾਜ਼ਰੀਨ ਸੰਗਤਾਂ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਸੰਘਰਸ਼, ਮਨੁੱਖਤਾ, ਸਮਾਨਤਾ, ਭਾਈਚਾਰਕ ਸਾਂਝ, ਸਮਾਜਿਕ ਨਿਆਂ ਅਤੇ ਸੱਚਾਈ ਦੇ ਮਾਰਗ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਚੀਮਾ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਜੀ ਵਾਰੇ ਉਨ੍ਹਾਂ ਦੀ ਜਾਰੀ ਕੀਤੀ ਡਾਕੂਮੈਂਟਰੀ ਰਾਹੀਂ ਉਨ੍ਹਾਂ ਦੇ ਉੱਚ ਆਦਰਸ਼ਾਂ ਅਤੇ ਸਮਾਜ ਸੁਧਾਰ ਲਈ ਦਿੱਤੇ ਗਏ ਯੋਗਦਾਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਇਆ ਗਿਆ। ਇਸ ਮੌਕੇ ਨਗਰ ਕੌਂਸਲ ਖੰਨਾ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਭਾਜਪਾ ਆਗੂ ਇਕਬਾਲ ਸਿੰਘ ਚੰਨੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਦੱਸਿਆ।

# ਪੰਜਾਬ ਖੱਤਰੀ ਚੇਤਨਾ ਮੰਚ ਚੈਰੀਟੇਬਲ ਟਰੱਸਟ ਖੰਨਾ ਨੇ 190ਵਾਂ ਰਾਸ਼ਨ ਵੰਡ ਸਮਾਗਮ ਕਰਵਾਇਆ

**ਖੰਨਾ/ਮਨਜੀਤ ਸਿੰਘ ਧੀਮਾਨ**

ਐਤਵਾਰ ਨੂੰ ਖੰਨਾ ਦੇ ਸੀਨੀਅਰ ਸਿਟੀਜਨ ਹਾਲ ਵਿਖੇ ਪੰਜਾਬ ਖੱਤਰੀ ਚੇਤਨਾ ਮੰਚ ਚੈਰੀਟੇਬਲ ਟਰੱਸਟ ਖੰਨਾ ਨੇ 190ਵਾਂ ਰਾਸ਼ਨ ਵੰਡ ਸਮਾਗਮ ਕਰਵਾਇਆ। ਖੰਨਾ ਸ਼ਹਿਰ ਦੀ ਸਭ ਤੋਂ ਮਸ਼ਹੂਰ ਸਮਾਜਿਕ ਸੰਸਥਾ ਪੰਜਾਬ ਖੱਤਰੀ ਚੇਤਨਾ ਮੰਚ ਚੈਰੀਟੇਬਲ ਟਰੱਸਟ ਦੀ ਇੱਕ ਸ਼ਾਖਾ ਮਾਤਾ ਕੌਸ਼ਲਿਆ ਸੇਵਾ ਕੇਂਦਰ ਨੇ ਅੱਜ ਸਭ ਤੋਂ ਪਹਿਲਾਂ ਸਕੱਤਰ ਸੰਜੇ ਸਹਿਗਲ ਅਤੇ ਸ਼ਾਮ ਸੁੰਦਰ ਦੀ ਸਹਾਇਤਾ ਨਾਲ ਹਨੂੰਮਾਨ ਚਾਲੀਸਾ ਦਾ ਪਾਠ ਕਰਵਾਇਆ ਗਿਆ । ਇਸ ਮੌਕੇ ਮੁੱਖ ਪਤਵੰਤੇ ਸ਼ਹਿਰ ਦੇ ਪ੍ਰਸਿੱਧ ਉਦਯੋਗਪਤੀ ਸ਼ਮਿੰਦਰ ਸਿੰਘ ਮਿੰਟੂ ਪਾਲ ਹੁੰਡਈ ਖੰਨਾ,ਹਰੀਸ਼ ਧਵਨ, ਅਨੂਪ ਕੁਮਾਰ ਸਨ, ਨੇ ਆਪਣਾ ਯੋਗਦਾਨ ਪਾਇਆ। ਇਸ ਕਰਵਾਏ ਗਏ ਸਮਾਗਮ ਵਿੱਚ ਖੰਨਾ ਦੇ ਉੱਗੇ ਬਿਜਨਸਮੈਨ ਮੁੱਖ ਮਹਿਮਾਨ ਵਜੋਂ ਸਾਬਕਾ ਕੌਂਸਲਰ ਸਮਿੰਦਰ ਸਿੰਘ ਮਿੰਟੂ ਧੰਜਲ ਪੁੱਜੇ । ਜਿਨ੍ਹਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਅਤੇ ਇਸ ਸੰਸਥਾ ਵੱਲੋਂ ਚਲਾਏ ਗਏ ਉਪਰਾਲਿਆਂ ਦੀ ਵਿਸ਼ੇਸ਼ ਤੌਰ ਤੇ



ਤਰੀਫ ਕੀਤੀ ਗਈ । ਇਸ ਮੌਕੇ ਪ੍ਰਧਾਨ ਸੀ.ਏ ਐਸਕੇ ਭੱਲਾ ਨੇ ਹਾਜ਼ਰ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਏ. ਐਸ.ਸੀਨੀਅਰ ਸੈਕੰਡਰੀ ਸਕੂਲ ਦੇ ਸਾਬਕਾ ਪ੍ਰਿੰਸੀਪਲ ਸ਼ਾਮ ਸੁੰਦਰ ਨੇ ਸਕੱਤਰ ਦੀ ਡਿਊਟੀ ਬਹੁਤ ਵਧੀਆ ਅਤੇ ਬਖੂਬੀ ਢੰਗ ਨਾਲ ਨਿਭਾਈ ਗਈ। ਇਸ ਮੌਕੇ ਮਦਨ ਲਾਲ ਸ਼ਾਹੀ ਨੇ ਕਿਹਾ ਕਿ ਅੱਜ 190ਵੇਂ ਰਾਸ਼ਨ ਵੰਡ ਸਮਾਰੋਹ ਵਿੱਚ, 43 ਲੋੜਵੰਦ ਪਰਿਵਾਰਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਦਿੱਤਾ ਗਿਆ ਅਤੇ ਮੰਦਰ ਦੇ ਲੰਗਰ ਲਈ 2 ਥੈਲੇ ਆਟੇ ਵੀ ਦਿੱਤੇ ਗਏ।ਇਸ ਮੌਕੇ ਸੰਸਥਾ ਦੇ ਆਗੂਆਂ ਨੇ ਗਰੀਬ, ਤੇ ਲੋੜਵੰਦਾ 3 ਅਪਾਹਜ ਵਿਅਕਤੀਆਂ ਨੂੰ ਟ੍ਰਾਈਸਾਈਕਲ, ਇੱਕ ਨੂੰ ਵਹੀਲ ਕੁਰਸੀ ਅਤੇ ਇੱਕ ਲੜਕੀ ਨੂੰ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਨ, ਤੇ ਸਮਰਥਨ ਕਰਨ ਲਈ ਸਿਲਾਈ ਮਸ਼ੀਨ ਦਿੱਤੀ ਗਈ। ਇਸ ਮੌਕੇ ਆਏ ਹੋਏ ਮੁੱਖ ਮਹਿਮਾਨਾਂ ਨੂੰ ਦਸਤਾਰਾਂ ਅਤੇ ਸਨਮਾਨ ਚਿੰਨ ਭੇਟ ਕੀਤੇ ਗਏ। ਇਸ ਦੌਰਾਨ ਰੌਕੀ ਜਨਰਲ ਸਟੋਰ ਦੀ ਟੀਨੂ ਅਗਰਵਾਲ ਨੇ ਆਪਣਾ ਯੋਗਦਾਨ ਪਾਇਆ।ਇਸ ਮੌਕੇ ਸਾਬਕਾ ਸਕੱਤਰ ਗੁਰਦੀਪ ਪੁਰੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਦੌਰਾਨ ਖੱਤਰੀ ਚੇਤਨਾ ਮੰਚ ਸੰਸਥਾ ਦੇ ਸਰਪ੍ਰਸਤ ਅਤੇ ਸੀਨੀਅਰ ਸਿਟੀਜਨ ਮਦਨ ਲਾਲ ਸ਼ਾਹੀ ਨੇ ਆਏ ਮੁੱਖ ਮਹਿਮਾਨਾਂ, ਸ਼ਹਿਰ ਦੇ ਦਾਨੀ ਸੱਜਣਾਂ ਅਤੇ ਹਾਜ਼ਰ ਸਾਰੇ ਮੈਂਬਰਾਂ ਦਾ ਵਿਸ਼ੇਸ ਤੋਰ ਤੇ ਤਹਿ ਦਿਲੋਂ ਧੰਨਵਾਦ ਕੀਤਾ ਗਿਆ । ਇਸ ਮੌਕੇ ਸਰਪਰਸਤ ਮਦਲਾਲ ਸ਼ਾਹੀ ਨੇ ਕਿਹਾ ਕਿ ਅੱਜ ਦੇ ਇਹ 190ਵਾਂ ਰਾਸ਼ਨ ਵੰਡ ਸਮਾਰੋਹ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ। ਇਸ ਮੌਕੇ ਮਦਨ ਲਾਲ ਸ਼ਾਹੀ ਨੇ ਅੱਗੇ ਦੱਸਿਆ ਕਿ ਸੰਸਥਾ ਵੱਲੋਂ ਵੱਖ-ਵੱਖ ਸਕੂਲਾਂ ਪੜ ਰਹੇ ਸਕੂਲ ਦੇ ਵਿਦਿਆਰਥੀ/ ਵਿਦਿਆਰਥਣਾਂ ਲੋੜਵੰਦਾਂ ਨੂੰ ਸਮੇਂ ਸਿਰ ਉਹਨਾਂ ਦੀਆਂ ਫੀਸਾਂ ਵੀ ਦਿੱਤੀਆਂ ਜਾਂਦੀਆਂ ਹਨ। ਮਦਨ ਲਾਲ ਸ਼ਾਹੀ ਨੇ ਅੱਗੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਖ ਵੱਖ ਸਕੂਲਾਂ ਕਾਲਜਾਂ ਅਤੇ ਪਬਲਿਕ ਥਾਵਾਂ ਤੇ ਹਰ ਸਾਲ ਠੰਡੇ ਪੀਣ ਵਾਲੇ ਪਾਣੀ ਦੇ ਵਾਟਰ ਕੂਲਰ ਵੀ ਲਗਾਏ ਜਾਂਦੇ ਹਨ। ਇਸ ਮੌਕੇ ਉਪ ਪ੍ਰਧਾਨ ਅਸ਼ੋਕ ਕੁਮਾਰ ਦੀਓੜਾ, ਐਡਵੋਕੇਟ ਰਾਕੇਸ਼ ਸ਼ਾਹੀ, ਤੁਲਸੀ ਵਰਮਾ, ਮਨੋਹਰ ਲਾਲ ਵਿੱਜ, ਤਰਸੇਮ ਲਾਲ ਕੋਹਲੀ, ਗੌਤਮ ਢੰਡ, ਸਤੀਸ਼ ਸੋਫਤ, ਹਰੀਸ਼ ਵਡੇਹਰਾ, ਡਾ. ਰਜਿੰਦਰ ਸ਼ਾਹੀ, ਅਜੇ ਸ਼ਰਮਾ, ਗੌਰਵ ਸ਼ਰਮਾ, ਪਰਵੀਨ ਧਵਨ, ਵਿਜੇ ਮੈਨਰੋ, ਕਸ਼ਮੀਰ ਸਿੰਘ, ਪਾਰਸਨ ਜੀਤ ਬਿੰਟਾ ਗੁਰਜੰਟ ਸਿੰਘ, ਸਵਪਨ ਅਗਰਵਾਲ, ਰਾਣਾ ਗੁਰਮੀਤ ਸਿੰਘ, ਰਜਨੀਸ਼ ਲਟਾਵਾ ਆਦਿ ਹਾਜ਼ਰ ਸਨ।

# ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ

## ਅਸੀਂ ਗੁਰਬਾਣੀ ਨੂੰ ਗੁਰੂ ਮੰਨਣ ਵਾਲਿਆਂ ਨੇ ਗੁਰੂ ਦੇ ਪਵਿੱਤਰ ਤੇ ਵਿਸ਼ਵ ਵਿਆਪੀ ਸੰਦੇਸ਼ ਨੂੰ ਭਲੀ ਭਾਂਤ ਸਮਝਣ 'ਚ ਸਫਲ ਨਹੀਂ ਹੋਏ : ਸੰਤ ਬਾਬਾ ਅਮੀਰ ਸਿੰਘ

**ਲੁਧਿਆਣਾ/ ਪ੍ਰਿਤਪਾਲ ਸਿੰਘ ਪਾਲੀ**

ਗੁਰਬਾਣੀ ਪ੍ਰਚਾਰ-ਪ੍ਰਸਾਰ ਲਈ ਸਮਰਪਿਤ ਅਤੇ ਪੁਰਾਤਨ ਗੁਰਮਤਿ ਸੰਗੀਤ ਦੀ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ। ਟਕਸਾਲ ਦੇ ਹੋਣਹਾਰ ਵਿਦਿਆਰਥੀਆਂ ਨੇ ਗੁਰਬਾਣੀ ਸ਼ਬਦ ਕੀਰਤਨ ਕੀਤਾ। ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਬਾਣੀ ਸਬਦ ਦੇ ਹਵਾਲੇ ਨਾਲ ਸਮਝਾਇਆ ਰਗੁਰਬਾਣੀ ਚਾਨਣ ਗੁਰੂ ਹੈ। ਇਹ ਕਰਤਾ ਪੁਰਖ ਭਾਵ ਪਰਮਾਤਮਾ ਦਾ ਰਾਹ ਦੱਸਣ ਵਾਲੀ ਤੇ ਉਸ ਮਾਰਗ 'ਤੇ ਚੱਲਣ ਵਾਲੇ ਮਨੁੱਖ



ਲਈ ਸਦਾ ਸਹਾਈ ਹੁੰਦੀ ਹੈ। ਇਹ ਪਰਮੇਸ਼ਰ ਪਿਤਾ ਤੇ ਜੀਵ ਆਤਮਾ ਦੇ ਮਿਲਾਪ ਵਿੱਚ ਵਿਚੋਲਾ ਹੈ। ਜਿਵੇਂ ਕਿਸੇ ਮਕਾਨ ਨੂੰ ਸਹਾਰੇ ਲਈ ਥੰਮਾਂ ਦੀ ਜਰੂਰਤ ਪੈਂਦੀ ਹੈ, ਦਰਿਆ ਨੂੰ ਪਾਰ ਕਰਨ ਲਈ ਬੇੜੀ ਦੀ ਜਰੂਰਤ ਪੈਂਦੀ ਹੈ, ਅਨਜਾਣ ਰਸਤੇ ਤੇ ਜਾਣ ਵੇਲੇ ਰਾਸਤਾ ਦੱਸਣ ਵਾਲੇ ਦੀ ਜਰੂਰਤ ਪੈਂਦੀ ਹੈ, ਹਨ੍ਹੇਰੇ ਨੂੰ ਚਾਨਣ ਵਿਚ ਬਦਲਣ ਲਈ ਦੀਵੇ ਦੀ ਜਰੂਰਤ ਪੈਂਦੀ ਹੈ, ਇਸੇ ਤਰ੍ਹਾਂ ਸੰਸਾਰ ਰੂਪੀ ਸਾਗਰ ਨੂੰ ਪਾਰ ਕਰਨ ਲਈ ਤੇ ਬਲਵਾਨ ਮਨ ਨੂੰ ਜਿੱਤਣ ਲਈ ਪੂਰੇ ਗੁਰੂ ਭਾਵ ਗੁਰਬਾਣੀ ਦੀ ਜਰੂਰਤ ਅਵੱਸ਼ ਪੈਂਦੀ ਹੈ। ਬਾਬਾ ਜੀ ਨੇ ਗੁਰਬਾਣੀ ਦੇ ਹੋਰ ਸ਼ਬਦਾਂ ਦੇ ਹਵਾਲੇ ਦਿੰਦਿਆਂ ਸਮਝਾਇਆ ਕਿ ਗੁਰਬਾਣੀ ਨੂੰ ਚਾਨਣ ਜਾਂ ਜੋਤੀ ਕਿਹਾ ਜਾਂਦਾ ਹੈ। ਪਰ, ਸਾਡੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਸਨਮੁੱਖ ਅਫਸੋਸ ਵਾਲਾ ਪੱਖ ਹੈ ਕਿ ਅਸੀਂ ਸ਼ਤਾਬਦੀਆਂ ਵੀ ਮਨਾਈਆਂ, ਪਰ ਅਸੀਂ ਗੁਰਬਾਣੀ ਨੂੰ ਗੁਰੂ ਮੰਨਣ ਵਾਲਿਆਂ ਨੇ ਗੁਰੂ ਦੇ ਪਵਿੱਤਰ ਤੇ ਵਿਸ਼ਵ ਵਿਆਪੀ ਸੰਦੇਸ਼ ਨੂੰ ਭਲੀ ਭਾਂਤ ਸਮਝਣ 'ਚ ਸਫਲ ਨਹੀਂ ਹੋਏ। ਬਾਬਾ ਜੀ ਨੇ ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਬਾਨੀ ਜਵੱਦੀ ਟਕਸਾਲ ਦੀ ਵੀਂ ਸਲਾਨਾ ਬਰਸੀ ਸਮਾਗਮ ਕਰਵਾਇਆ ਜਾ ਰਿਹਾ ਹੈ। ਸਭਨਾਂ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗਣ ਅਤੇ ਸਫਲ ਜੀਵਨ ਯਾਤਰਾ ਦੇ ਪਾਂਧੀ ਬਣਨ ਦੀ ਅਪੀਲ ਕੀਤੀ।

# ਪੰਜਾਬ ਇੰਜੀਨੀਅਰਿੰਗ ਕਾਲਜ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰ' ਸਹੁੰ ਚੁੱਕ ਸਮਾਗਮ ਦਾ ਆਯੋਜਨ

**ਚੰਡੀਗੜ੍ਹ/ਪੱਤਰ ਸੂਚਨਾ ਬਿਊਰੋ**

ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਵੱਲੋਂ ਐਤਵਾਰ ਨੂੰ ਕਾਲਜ ਆਡੀਟਰੀਅਮ ਵਿੱਚ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਡਾਇਰੈਕਟਰ ਪ੍ਰੋ. ਰਾਜੇਸ਼ ਕੁਮਾਰ ਭਾਟੀਆ, ਡੀਨ ਸਟੂਡੈਂਟ



ਅਫੇਅਰਜ਼ ਡਾ. ਪੁਨੀਤ ਚਾਵਲਾ, ਸਟੂਡੈਂਟ ਅਫੇਅਰਜ਼ ਦੇ ਐਸੋਸੀਏਟ ਡੀਨ, ਫੈਕਲਟੀ ਮੈਂਬਰ ਅਤੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਨਸ਼ਾ ਮੁਕਤੀ ਸਹੁੰ ਨਾਲ ਹੋਈ, ਜਿਸ ਦੌਰਾਨ ਭਾਗੀਦਾਰਾਂ ਨੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਦੂਰ ਰਹਿਣ ਅਤੇ ਇਸ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਦਾ ਸੰਕਲਪ ਲਿਆ। ਇਸ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਆਨਲਾਈਨ ਸੰਬੋਧਨ ਹੋਇਆ, ਜਿਸ ਵਿੱਚ ਉਨ੍ਹਾਂ ਨੇ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਅਤੇ ਵਿਕਸਿਤ ਭਾਰਤ 2047 ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਨੌਜਵਾਨਾਂ ਦੀ ਅਗਵਾਈ ਹੇਠ ਚਲਾਏ ਜਾਣ ਵਾਲੇ ਜਨ ਅੰਦੋਲਨ ਲਈ ਕਾਸ਼ੀ ਘੋਸ਼ਣਾ-ਪੱਤਰ ਨੂੰ ਇੱਕ ਮਾਰਗਦਰਸ਼ਕ ਵਜੋਂ ਉਜਾਗਰ ਕੀਤਾ ਅਤੇ ਦੇਸ਼ ਭਰ ਵਿੱਚ ਜਾਗਰੂਕਤਾ ਫੈਲਾਉਣ ਲਈ ਮਾਈ ਭਾਰਤ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦੌਰਾਨ ਨੈਸ਼ਨਲ ਸਕੂਲ ਆਫ ਡਰਾਮਾ ਦੇ ਵਿਦਿਆਰਥੀਆਂ ਅਤੇ ਵਲੰਟੀਅਰਾਂ ਵੱਲੋਂ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਨਾਟਕ ਰਾਹੀਂ ਨਸ਼ਿਆਂ ਦੀ ਦੁਰਵਰਤੋਂ ਦੇ ਸਮਾਜਿਕ ਪ੍ਰਭਾਵਾਂ ਨੂੰ ਉਜਾਗਰ ਕੀਤਾ ਗਿਆ ਅਤੇ ਸਿਹਤਮੰਦ ਤੇ ਨਸ਼ਾ-ਮੁਕਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਦੀ ਸਮਾਪਤੀ ਧੰਨਵਾਦ ਦੇ ਮਤੇ ਨਾਲ ਹੋਈ। ਇਸ ਮੌਕੇ ਭਾਗੀਦਾਰਾਂ ਨੇ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਮੁਹਿੰਮ ਨੂੰ ਸਮਰਥਨ ਦੇਣ ਅਤੇ ਨਸ਼ਾ-ਮੁਕਤ ਸਮਾਜ ਦੇ ਨਿਰਮਾਣ ਨੂੰ ਉਤਸ਼ਾਹਿਤ ਕਰਨ ਲਈ ਆਪਣੇ ਸੰਕਲਪ ਨੂੰ ਮੁੜ ਦੁਹਰਾਇਆ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਕੀਰਤਨ ਸਮਾਗਮ ਆਯੋਜਿਤ

**ਲੁਧਿਆਣਾ/ਰਵੀ ਭਾਟੀਆ**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਪੰਜਵੀਂ ਪਾਤਸ਼ਾਹੀ ਸਾਹਿਬ ਸ਼?ਰੀ ਗੁਰੂ ਅਰਜਨ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਸ਼ਰਧਾ ਭਾਵਨਾ ਨਾਲ ਹਫਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ।ਕੀਰਤਨ ਸਮਾਗਮ ਵਿੱਚ ਆਪਣੇ ਕੀਰਤਨੀ ਜੱਥੇ ਸਮੇਤ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ ਨੇ ਜਿੱਥੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਉੱਥੇ ਨਾਲ ਹੀ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਉਨ੍ਹਾਂ ਕਿਹਾ ਕਿ ਸਾਹਿਬ ਸ਼?ਰੀ ਗੁਰੂ ਅਰਜਨ ਦੇਵ ਜੀ ਵੱਲੋਂ ਉਚਾਰੀ ਬਾਣੀ ਮੁਨੱਖੀ ਜੀਵਨ ਦਾ ਮੂਲ ਸਰੋਤ ਹੈ ਜਿਸ ਦੇ ਸਿਮਰਨ ਨਾਲ ਸਾਰੇ ਦੁੱਖ ਦਰਦ ਦੂਰ ਹੋ ਜਾਂਦੇ ਹਨ ਅਤੇ ਮੁਨੱਖ ਨੂੰ ਅਧਿਆਤਮਕ ਤੇ ਰੂਹਾਨੀਅਤ ਸਕੂਨ ਦੀ ਪ੍ਰਾਪਤੀ ਹੁੰਦੀ ਹੈ। ਇਸ ਦੌਰਾਨ ਭਾਈ ਦਵਿੰਦਰ ਸਿੰਘ ਸੋਢੀ ਨੇ ਸ੍ਰੀ ਗੁਰੂ



ਅਰਜਨ ਦੇਵ ਜੀ ਦੇ ਵਿਆਹ ਪੁਰਬ ਨਾਲ ਸਬੰਧਤ ਇਤਿਹਾਸਕ ਅਸਥਾਨ ਪਿੰਡ ਬਿਲਗੇ ਦੇ ਗੁਰਦੁਆਰਾ ਸਾਹਿਬ ਵਿਖੇ ਗੁਰੂ ਸਾਹਿਬ ਦੀਆਂ ਸੰਭਾਲੀਆਂ ਪੁਰਾਤਨ ਵਸਤਾਂ ਦੀ ਖੋਜ ਭਰਪੂਰ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਭਾਈ ਦਵਿੰਦਰ ਸਿੰਘ ਤੇ ਉਨ੍ਹਾਂ ਦੇ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਾਂਝੇ ਰੂਪ ਵਿੱਚ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ। ਕੀਰਤਨ ਸਮਾਗਮ ਮੌਕੇ ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਹਰਮਿੰਦਰ ਸਿੰਘ ਕਹੋਲੀ, ਭੁਪਿੰਦਰ ਸਿੰਘ ਜੁਨੇਜਾ, ਨਰਿੰਦਰਪਾਲ ਸਿੰਘ ਕਥੂਰੀਆ, ਸੁਰਿੰਦਰਪਾਲ ਸਿੰਘ ਭੁਟਿਆਨੀ, ਗੁਰਦੀਪ ਸਿੰਘ ਡੀਮਾਰਟੇ, ਹਰਮੀਤ ਸਿੰਘ ਡੰਗ, ਇੰਦਰਬੀਰ ਸਿੰਘ ਬੱਤਰਾ ,ਅਮਰੀਕ ਸਿੰਘ ਮਨਚੰਦਾ, ਮਨਮੋਹਨ ਸਿੰਘ, ਅਵਤਾਰ ਸਿੰਘ ਬੀ.ਕੇ. ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਜਪ-ਤਪ ਚੌਪਹਿਰਾ ਸਮਾਗਮ ਕਰਵਾਇਆ

**ਲੁਧਿਆਣਾ/ਰਵੀ**

ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਜਪ-ਤਪ ਚੌਪਹਿਰਾ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅੱਗੇ ਅਰਦਾਸ ਨਾਲ ਹੋਈ।



ਇਸ ਉਪਰੰਤ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਬਾਣੀ ਨਾਲ ਜੋੜਿਆ। ਕਥਾਵਾਚਕਾਂ ਨੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਉਂਦਿਆਂ ਨਾਮ ਸਿਮਰਨ, ਸੇਵਾ ਅਤੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਚੌਪਹਿਰਾ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਬੀਬੀਆਂ, ਨੌਜਵਾਨਾਂ ਅਤੇ ਬੱਚਿਆਂ ਨੇ ਮਿਲ ਕੇ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਸੁਖਮਨੀ ਸਾਹਿਬ ਦੇ ਪਾਠ ਕੀਤੇ। ਸਮਾਗਮ ਦੀ ਸਮਾਪਤੀ ਸਰਬੱਤ ਦੇ ਭਲੇ ਅਤੇ ਦੇਸ਼ ਵਿਦੇਸ਼ ਦੀ ਸੰਗਤ ਦੀ ਖੁਸ਼ਹਾਲੀ ਲਈ ਅਰਦਾਸ ਨਾਲ ਹੋਈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਿੰਦਰਪਾਲ ਸਿੰਘ ਬਿੰਦਰਾ ਅਤੇ ਅਮਰਜੀਤ ਸਿੰਘ ਟਿੱਕਾ ਨੇ ਦੱਸਿਆ ਕਿ ਅਜਿਹੇ ਧਾਰਮਿਕ ਸਮਾਗਮਾਂ ਦਾ ਉਦੇਸ਼ ਸੰਗਤ ਨੂੰ ਗੁਰਬਾਣੀ ਨਾਲ ਜੋੜਨਾ ਅਤੇ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਤੇ ਸਿੱਖੀ ਦੇ ਸਿਧਾਂਤਾਂ ਨਾਲ ਜਾਣੂ ਕਰਵਾਉਣਾ ਹੈ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਅੰਮ੍ਰਿਤ ਸਾਗਰ ਪਰਿਵਾਰ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲੰਗਰ ਲਗਾਇਆ

**ਲੁਧਿਆਣਾ/ਰਵੀ ਭਾਟੀਆ**

ਸੇਵਾ ਤੇ ਸਿਮਰਨ ਦੇ ਪੁੰਜ ਅੱਠਵੇਂ ਪਾਤਿਸ਼ਾਹ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਜਿੱਥੇ ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਸੰਦੇਸ਼ ਦੇ ਕੇ ਮਨੁੱਖੀ ਜੀਵਨ ਜਾਚ ਨੂੰ ਇੱਕ ਨਵੀਂ ਸੇਧ ਪ੍ਰਦਾਨ ਕੀਤੀ ਉੱਥੇ ਨਾਲ ਹੀ ਸੇਵਾ ਸੰਕਲਪ ਦੀ ਅਹਿਮੀਅਤ ਨੂੰ ਹੋਰ ਉਭਾਰਦਿਆਂ ਹੋਇਆਂ ਸੰਗਤਾਂ ਨੂੰ ਦੀਨ ਦੁੱਖੀਆਂ ਦੀ ਵੱਧ ਤੋ ਵੱਧ ਸੇਵਾ ਕਰਨ ਦੀ ਤਾਕੀਦ ਵੀ ਕੀਤੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਈ ਜਸਵਿੰਦਰ ਸਿੰਘ ਗ੍ਰੰਥੀ, ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਨੇ ਸ਼ਨੀਵਾਰ ਨੂੰ 'ਅੰਮ੍ਰਿਤ ਸਾਗਰ' ਪਰਿਵਾਰ ਵੱਲੋਂ ਆਪਣੇ ਸਹਿਯੋਗੀ ਸਾਥੀਆਂ ਨਾਲ ਅੱਠਵੇਂ ਪਾਤਿਸ਼ਾਹ



ਬਾਲਾ ਪ੍ਰੀਤਮ ਸ਼?ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਗਾਏ ਗਏ ਗੁਰੂ ਦੇ ਅਤੁੱਟ ਲੰਗਰ ਦੀ ਆਰੰਭਤਾ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਸਮੁੱਚੇ ਸੰਸਾਰ ਭਰ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਜੋੜਨ ਦਾ ਨਿੱਘਾ ਉਪਰਾਲਾ ਕਰ ਰਹੀ ਪ੍ਰਮੁੱਖ ਸੰਗੀਤ ਕੰਪਨੀ ਅੰਮ੍ਰਿਤ ਸਾਗਰ ਦੇ ਪ੍ਰਮੁੱਖ ਬਲਬੀਰ ਸਿੰਘ ਭਾਟੀਆ, ਕਰਨਪ੍ਰੀਤ ਸਿੰਘ ਭਾਟੀਆ ਅਤੇ ਉਨ੍ਹਾਂ ਦੇ ਪ੍ਰੀਵਾਰਕ ਮੈਂਬਰਾਂ ਵੱਲੋਂ ਸੇਵਾ ਭਾਵਨਾ ਦੇ ਨਾਲ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਗੁਰੂ ਦਾ ਲੰਗਰ ਲਗਾਉਣ ਦੀ ਸੇਵਾ ਕਰਨਾ, ਸੇਵਾ ਦੇ ਸੰਕਲਪ ਨਾਲ ਜੁੜਨ ਦੀ ਪ੍ਰਤੱਖ ਮਿਸਾਲ ਹੈ। ਉਨ੍ਹਾਂ ਨੇ ਸੰਗਤਾਂ ਨੂੰ ਧਰਮ ਦੇ ਮਾਰਗ ਉਪਰ ਚੱਲਣ ,ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਤਾਕੀਦ ਵੀ ਕੀਤੀ। ਇਸ ਤੋਂ ਪਹਿਲਾਂ ਸੰਗਤਾਂ ਨੂੰ ਗੁਰੂ ਦਾ ਅਤੁੱਟ ਲੰਗਰ ਵਰਤਾਉਣ ਲਈ ਕੀਤੀ ਗਈ ਅਰਦਾਸ ਦੀ ਸੇਵਾ ਭਾਈ ਜਸਵਿੰਦਰ ਸਿੰਘ ਨੇ ਕੀਤੀ।ਉਪਰੰਤ ਅੰਮ੍ਰਿਤ ਸਾਗਰ ਪਰਿਵਾਰ ਦੇ ਮੈਂਬਰਾਂ ਵੱਲੋਂ ਇੱਕਤਰ ਹੋਈਆਂ ਸੰਗਤਾਂ ਨੂੰ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਲੰਗਰ ਛਕਾਇਆ ਗਿਆ। ਇਸ ਮੌਕੇ ਬਲਬੀਰ ਸਿੰਘ ਭਾਟੀਆ,ਕਰਨਪ੍ਰੀਤ ਸਿੰਘ ਭਾਟੀਆ, ਨਿਵਾਜ਼ ਸਿੰਘ ਭਾਟੀਆ, ਨਵਤੇਜ ਸਿੰਘ ਕਾਲੜਾ, ਉੱਤਮਜੀਤ ਸਿੰਘ ਸਲੂਜਾ, ਬਲਜਿੰਦਰ ਸਿੰਘ ਸੋਨੂੰ, ਰਜਿੰਦਰ ਸਿੰਘ ਕਾਲੜਾ,ਦਾਨ ਸਿੰਘ, ਬਾਬੂ ਠਾਕੁਰ, ਰਣਜੀਤ ਸਿੰਘ ਰਿੱਕੂ, ਮੇਹਰ ਕੌਰ, ਅਰਵਿੰਦਰ ਕੌਰ,ਪ੍ਰਵਲੀਨ ਕੌਰ ਨਾਗਪਾਲ, ਗੁਰਲੀਨ ਕੌਰ, ਨੇਹਾ ਨਾਰੰਗ, ਰਤਨਜੋਤ ਸਿੰਘ, ਜਗਤਾਰ

# ਕੈਬਨਿਟ ਮੰਤਰੀ ਵੱਲੋਂ ਦਿਓਲ ਨਗਰ ਵਿਖੇ 38 ਲੱਖ ਰੁਪਏ ਦੀ ਲਾਗਤ ਵਾਲੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਥਾਨਕ ਦਿਓਲ ਨਗਰ ਵਿਖੇ 38 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੜਕੀ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਵੀ ਸੌਖ ਹੋਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗੁਣਵੱਤਾ ਦਾ ਪੂਰਾ ਧਿਆਨ ਰੱਖਦਿਆਂ ਨਿਰਮਾਣ ਕਾਰਜਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾਵੇ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਭਗਤ ਵੀ ਮੌਜੂਦ ਸਨ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਜੰਗੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣਾ ਰਾਜ ਸਰਕਾਰ ਦੀ ਪਹਿਲੀ ਤਰਜੀਹ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਵਿਕਾਸ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ। ਇਲਾਕੇ ਦੇ ਲੋਕਾਂ ਨੇ ਕੈਬਨਿਟ ਮੰਤਰੀ ਦਾ ਸੜਕੀ ਪ੍ਰਾਜੈਕਟ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਉਪਰਾਲੇ ਸਦਕਾ ਸਥਾਨਕ ਲੋਕਾਂ ਲਈ ਆਵਾਜਾਈ ਸੁਖਾਲੀ ਹੋ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਲਾਕੇ ਦੇ ਵੱਡੀ ਗਿਣਤੀ ਲੋਕ ਵੀ ਮੌਜੂਦ ਸਨ।

**ਕਿਹਾ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਦੇ ਰਹੀ ਜ਼ੋਰ**

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਇਤਿਹਾਸਿਕ ਮਿਲਾਪ ਦਿਹਾੜਾ ਮਨਾਉਣ ਸਬੰਧੀ ਮੀਟਿੰਗ ਰਕਬਾ ਭਵਨ ਵਿਖੇ ਹੋਈ ਮੀਟਿੰਗ

## 87ਵੇਂ ਸ਼ਹੀਦੀ ਦਿਵਸ 'ਤੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਸਤਿਕਾਰ ਭੇਂਟ

**ਲੁਧਿਆਣਾ/ਰਵੀ ਭਾਟੀਆ**

ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਅਹੁਦੇਦਾਰਾਂ ਦੀ ਮੀਟਿੰਗ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਸਰਪ੍ਰਸਤ ਮਲਕੀਤ ਸਿੰਘ ਦਾਖਾ ਅਤੇ ਪ੍ਰਧਾਨ ਫਾਊਂਡੇਸ਼ਨ ਪੰਜਾਬ ਕਰਨੈਲ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਤਖਤ ਸ਼੍ਰੀ ਪਟਨਾ ਸਾਹਿਬ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਅਜੀਤ ਸਿੰਘ ਬਾਰੀ, ਕਨਵੀਨਰ ਯਾਤਰਾ ਤਰਲੋਚਨ ਸਿੰਘ ਬਿਲਾਸਪੁਰ, ਸਰਪ੍ਰਸਤ ਫਾਊਂਡੇਸ਼ਨ ਤਰਲੋਚਨ ਸਿੰਘ ਸਫਰੀ, ਮਨਜੀਤ ਸਿੰਘ ਝੰਮਟ, ਸੰਤੋਖ ਸਿੰਘ ਸਹਾਇਕ ਕਨਵੀਨਰ, ਨਿਰਮਲ ਸਿੰਘ ਦੋਰਾਹਾ, ਗੁਰਮੇਲ ਸਿੰਘ ਲਾਪਰਾਂ, ਅਮਨਦੀਪ ਬਾਵਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਸਮੇਂ 318ਵਾਂ ਇਤਿਹਾਸਿਕ ਮਿਲਾਪ ਦਿਹਾੜਾ, ਜੋ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅਤੇ ਮਾਧੋ ਦਾਸ ਬੈਰਾਗੀ (ਬਾਬਾ ਬੰਦਾ ਸਿੰਘ



ਬਹਾਦਰ) ਵਿਚਕਾਰ 3 ਸਤੰਬਰ 1708 ਨੂੰ ਗੋਦਾਵਰੀ ਨਦੀ ਦੇ ਕੰਢੇ ਸ਼?ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਹੋਇਆ ਸੀ, ਉਸ ਇਤਿਹਾਸਿਕ ਦਿਹਾੜੇ ਨੂੰ ਮਨਾਉਣ ਲਈ 22ਵਾਂ ਜੱਥਾ ਏ.ਸੀ ਕੋਚ ਰਾਹੀਂ 30 ਅਗਸਤ ਨੂੰ ਸਵੇਰੇ ਜਾਣ ਸਬੰਧੀ ਪ੍ਰੋਗਰਾਮ ਉਲੀਕਿਆ ਗਿਆ। ਇਹ ਜੱਥਾ 30 ਅਗਸਤ ਸ਼ਾਮ ਨੂੰ ਆਗਰਾ ਅਤੇ 31 ਅਗਸਤ ਸ਼ਾਮ ਨੂੰ ਇੰਦੌਰ (ਮੱਧ ਪ੍ਰਦੇਸ਼) ਰੁਕੇਗਾ ਅਤੇ 31 ਅਗਸਤ ਸਵੇਰੇ ਗਵਾਲੀਅਰ ਇਤਿਹਾਸਿਕ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਵਿੱਚ ਉੱਘੇ ਇਤਿਹਾਸਕਾਰ ਡਾ. ਰਾਜ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਸਨਮਾਨਿਤ ਕੀਤਾ ਜਾਵੇਗਾ। 1 ਸਤੰਬਰ ਨੂੰ ਜੱਥਾ ਸ਼ਾਮ ਨੂੰ ਸ੍ਰੀ ਹਜ਼ੂਰ ਸਾਹਿਬ (ਨਾਂਦੇੜ) ਪੁੱਜੇਗਾ। 3 ਸਤੰਬਰ ਨੂੰ ਸੱਚਖੰਡ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਦੁਆਰਾ ਬੰਦਾ ਘਾਟ ਵਿਖੇ ਦੀਵਾਨ ਸਜਣਗੇ। 4 ਸਤੰਬਰ ਸੰਗਤਾਂ ਬੱਸ ਰਾਹੀਂ ਗੁਰਦੁਆਰਾ ਨਾਨਕ ਝੀਰਾ ਦਰਸ਼ਨਾਂ ਲਈ ਜਾਣਗੀਆਂ ਅਤੇ 5 ਸਤੰਬਰ ਭਗਤ ਨਾਮਦੇਵ ਜੀ ਦੇ ਦਰਸ਼ਨ ਉਪਰੰਤ ਜੱਥਾ ਵਾਪਸ ਆਏਗਾ ਜੋ 5 ਸਤੰਬਰ ਨੂੰ ਸ਼ਾਮ ਨੂੰ ਉਜੈਨ ਵਿਖੇ ਅਤੇ 6 ਨੂੰ ਭਗਤ ਧੰਨਾ ਜੀ ਦੇ ਸਥਾਨ ਰਾਜਸਥਾਨ ਵਿਖੇ ਦਰਸ਼ਨਾਂ ਲਈ ਰੁਕੇਗਾ। ਇਸ ਸਮੇਂ ਮੀਟਿੰਗ ਵਿੱਚ ਜਲਿਆਂਵਾਲੇ ਬਾਗ ਦੇ ਖੂਨੀ ਸਾਕੇ ਦਾ ਬਦਲਾ ਲੈਣ ਵਾਲੇ ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ 'ਤੇ ਫਾਊਂਡੇਸ਼ਨ ਵੱਲੋਂ ਸ਼ਰਧਾ ਸਤਿਕਾਰ ਭੇਂਟ ਕੀਤਾ ਗਿਆ।

# ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ 150 ਕਿਸਾਨਾਂ ਨੂੰ ਅਗਾਂਹਵਧੂ ਕਿਸਾਨ ਦੇ ਖੇਤਾਂ ਦਾ ਕਰਵਾਇਆ ਦੌਰਾ : ਮੁੱਖ ਖੇਤੀਬਾੜੀ ਅਫਸਰ

**ਫ਼ਤਹਿਗੜ੍ਹ ਸਾਹਿਬ :** ਧਰਤੀ ਹੇਠਲੇ ਪਾਣੀ ਦੇ ਲਗਾਤਾਰ ਨੀਵੇਂ ਜਾ ਰਹੇ ਪੱਧਰ ਨੂੰ ਰੋਕਣ, ਵਾਤਾਵਰਣ ਨੂੰ ਰਵਾਇਤੀ ਝੋਨੇ ਵਿੱਚੋਂ ਨਿਕਲਣ ਵਾਲੀਆਂ ਜਹਿਰੀਲੀਆਂ ਗੈਸਾਂ ਤੋਂ ਬਚਾਉਣ ਅਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਪ੍ਰੇਰਿਤ ਕਰਨ ਦੇ ਮੰਤਵ ਤਹਿਤ ਕ੍ਰਿਸ਼ੀਉਨਤੀ ਯੋਜਨਾ ਆਤਮਾ ਸਕੀਮ ਅਧੀਨ 150 ਦੇ ਕਰੀਬ ਕਿਸਾਨਾਂ ਨੂੰ ਪਿੰਡ ਰਿਉਣਾ ਨੀਵਾਂ ਦੇ ਅਗਾਂਹਵਧੂ ਕਿਸਾਨ ਫੁੰਮਣ ਸਿੰਘ ਅਤੇ ਜਗਤਾਰ ਸਿੰਘ ਦੇ ਖੇਤਾਂ ਦਾ ਦੌਰਾ ਕਰਵਾਇਆ ਗਿਆ। ਇਸ ਸੰਬਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ.ਜਗਦੇਵ ਸਿੰਘ ਨੇ ਦੱਸਿਆ ਕਿ ਅਗਾਂਹਵਧੂ ਕਿਸਾਨ ਫੁੰਮਣ ਸਿੰਘ ਅਤੇ ਉਸ ਦੇ ਭਰਾ ਜਗਤਾਰ ਸਿੰਘ ਵੱਲੋਂ ਪਿਛਲੇ 5-6 ਸਾਲਾਂ ਤੋਂ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ। ਇਹ ਦੋਵੇਂ ਭਰਾ ਪਿਛਲੇ 3 ਸਾਲਾਂ ਤੋਂ ਝੋਨੇ ਦੀ ਸਿੱਧੀ ਬਿਜਾਈ ਕਰਦੇ ਆ ਰਹੇ ਹਨ ਅਤੇ ਇਸ ਸਾਲ ਲਗਭਗ 150 ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਹੋਈ ਹੈ। ਓਹਨਾ ਦੱਸਿਆ ਕਿ ਅਗਾਂਹਵਧੂ ਕਿਸਾਨ ਸ੍ਰੀ ਫੁੰਮਣ ਸਿੰਘ ਨੇ ਉਸਦੇ ਖੇਤਾਂ ਦਾ ਦੌਰਾ ਕਰਨ ਆਏ ਕਿਸਾਨਾਂ ਨਾਲ ਆਪਣਾ ਤਜਰਬਾ ਸਾਂਝਾ ਕਰਦੇ ਹੋਏ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਖਾਦਾਂ ਦੀ ਖਪਤ ਘੱਟ ਹੋਈ ਹੈ, ਕੀੜੇ-ਮਕੌੜਿਆਂ ਦਾ ਹਮਲਾ ਘਟਿਆ ਹੈ, ਪਾਣੀ ਦੀ ਬੱਚਤ ਅਤੇ ਲੇਬਰ ਦੇ ਖਰਚੇ ਦੀ ਵੀ ਬੱਚਤ ਹੋਈ ਹੈ, ਜਿਸ ਨਾਲ ਉਸਦੀ ਆਮਦਨ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਦੇਣ ਲਈ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਡਿਪਟੀ ਪ੍ਰੋਜੈਕਟ ਡਾਇਰੈਕਟਰ ਡਾ.ਹਰਮਨਜੀਤ ਸਿੰਘ ਅਤੇ ਡਾ. ਜਤਿੰਦਰ ਸਿੰਘ ਨੇ ਕਿਸਾਨਾਂ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਖਾਦਾਂ ਦੀ ਬੇਲੋੜੀ ਵਰਤੋਂ ਨਾ ਕੇਵਲ ਜ਼ਮੀਨ ਅਤੇ ਫਸਲਾਂ ਦੀ ਸਿਹਤ ਤੇ ਮਾੜਾ ਪ੍ਰਭਾਵ ਪਾਉਂਦੀ ਹੈ ਸਗੋਂ ਵਾਤਾਵਰਣ ਨੂੰ ਵੀ ਦੂਸ਼ਿਤ ਕਰਦੀ ਹੈ। ਖਾਦਾਂ ਦੀ ਸੁਚੱਜੀ ਵਰਤੋਂ ਕਰਕੇ ਖੇਤੀ ਖਰਚੇ ਘਟਾਏ ਜਾ ਸਕਦੇ ਹਨ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖੀ ਜਾ ਸਕਦੀ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਝੋਨੇ ਦੀ ਬਿਜਾਈ ਅਪਨਾਉਣ ਦੀ ਅਪੀਲ ਕੀਤੀ। ਇਸ ਮੌਕੇ ਡਾ.ਪ੍ਰਭੂਨਾਥ, ਖੇਤੀਬਾੜੀ ਵਿਸਥਾਰ ਅਫਸਰ, ਸਰਹਿੰਦ, ਸ੍ਰੀ ਪ੍ਰਿਤਪਾਲ ਸਿੰਘ, ਖੇਤੀਬਾੜੀ ਉੱਪ ਨਿਰੀਖਕ, ਖਮਾਣੋਂ, ਸ੍ਰੀ ਰਾਜਵੀਰ ਸਿੰਘ, ਸਹਾਇਕ ਤਕਨੀਕੀ ਮੈਨੇਜਰ, ਖੇੜਾ, ਸ੍ਰੀ ਗਗਨਦੀਪ ਸਿੰਘ, ਸਹਾਇਕ ਤਕਨੀਕੀ ਮੈਨੇਜਰ, ਖਮਾਣੋਂ ਅਤੇ ਸ੍ਰੀ ਵਰਿੰਦਰ ਸਿੰਘ, ਮੌਜੂਦ ਸਨ।



# ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਮੁ਼ਫਤ ਕੈਂਸਰ ਇਲਾਜ ਅਤੇ ਰੋਕਥਾਮ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ

**ਚੰਡੀਗੜ੍ਹ :** ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਇੱਕ ਸਧਾਰਨ ਪਰ ਬਹੁਤ ਅਹਿਮ ਸੰਦੇਸ਼ ਦਿੱਤਾ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਇਸ ਕਰਕੇ ਫ਼ੇਫੜਿਆਂ ਦੇ ਕੈਂਸਰ ਖਿਲਾਫ ਜੰਗ ਨਾ ਹਾਰੇ ਕਿਉਂਕਿ ਉਹ ਇਲਾਜ ਦਾ ਖ਼ਰਚਾ ਨਹੀਂ ਝੱਲ ਸਕਦਾ। ਮੁੱਖ ਮੰਤਰੀ ਸਿਹਤ ਯੋਜਨਾ (ਐੱਮਐੱਮਐੱਸਵਾਈ) ਰਾਹੀਂ ਸੂਬਾ ਸਰਕਾਰ ਨਾ ਸਿਰਫ਼ ਜੀਵਨ-ਰੱਖਿਅਕ ਇਲਾਜ ਦਾ ਖ਼ਰਚਾ ਚੁੱਕ ਰਹੀ ਹੈ, ਸਗੋਂ ਬੀਮਾਰੀ ਹੋਣ ਤੋਂ ਪਹਿਲਾਂ ਹੀ ਇਸ ਦੀ ਰੋਕਥਾਮ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ। ਅੰਕੜੇ ਦਰਸਾਉਂਦੇ ਹਨ ਕਿ ਇਹ ਵਚਨਬੱਧਤਾ ਹੁਣ ਲੋਕਾਂ ਲਈ ਅਸਲ ਸਹਾਰਾ ਬਣ ਰਹੀ ਹੈ। ਹੁਣ ਤੱਕ ਯੋਜਨਾ ਤਹਿਤ 708 ਫੇਫੜਾ ਕੈਂਸਰ ਮਰੀਜ਼ਾਂ ਨੂੰ ਪੂਰੀ ਤਰ੍ਹਾਂ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਗਿਆ ਹੈ, ਜਿਸ ਲਈ 3.43 ਕਰੋੜ ਰੁਪਏ ਦੇ ਕਲੇਮ ਮਨਜ਼ੂਰ ਕੀਤੇ ਜਾ ਚੁੱਕੇ ਹਨ। ਇਸ ਨਾਲ ਸੈਂਕੜੇ ਪਰਿਵਾਰਾਂ ਨੂੰ ਹਸਪਤਾਲ ਦੇ ਖ਼ਰਚਿਆਂ ਦੀ ਚਿੰਤਾ ਤੋਂ ਮੁਕਤੀ ਮਿਲੀ ਹੈ ਅਤੇ ਉਹ ਆਪਣੇ ਪਰਿਵਾਰਕ ਮੈਂਬਰਾਂ ਦੀ ਸਿਹਤਯਾਬੀ ’ਤੇ ਧਿਆਨ ਦੇ ਸਕੇ ਹਨ। ਇਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਫ਼ੇਫੜਿਆਂ ਦਾ ਕੈਂਸਰ ਦੁਨੀਆ ਦੇ ਸਭ ਤੋਂ ਘਾਤਕ ਕੈਂਸਰਾਂ ਵਿੱਚੋਂ ਇੱਕ ਹੈ, ਪਰ ਇਹ ਅਜਿਹੀ ਬੀਮਾਰੀ ਵੀ ਹੈ ਜਿਸ ਵਿੱਚ ਪਰਹੇਜ਼ ਅਤੇ ਸਮੇਂ ਸਿਰ ਇਲਾਜ ਨਾਲ ਨਤੀਜਿਆਂ ਵਿੱਚ ਵੱਡਾ ਸੁਧਾਰ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ, “ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਲੋਕਾਂ ਨੂੰ ਇਲਾਜ ਦੇ ਖ਼ਰਚੇ ਦੀ ਚਿੰਤਾ ਕੀਤੇ ਬਿਨਾਂ ਸਮੇਂ ਸਿਰ ਇਲਾਜ ਮਿਲੇ। ਸਾਡੀ ਜ਼ਿੰਮੇਵਾਰੀ ਸਿਰਫ਼ ਇਲਾਜ ਮੁਹੱਈਆ ਕਰਵਾਉਣ ਤੱਕ ਸੀਮਿਤ ਨਹੀਂ। ਅਸੀਂ ਇਹ ਵੀ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਲੋਕ ਸਮੇਂ ਸਿਰ ਹਸਪਤਾਲ ਪਹੁੰਚਣ ਅਤੇ ਕਿਸੇ ਵੀ ਮਰੀਜ਼ ਨੂੰ ਮਿਆਰੀ ਸਿਹਤ ਸੇਵਾਵਾਂ ਲੈਣ ਵਾਸਤੇ ਆਰਥਿਕ ਤੰਗੀ ਕੋਈ ਰੁਕਾਵਟ ਨਾ ਬਣੇ। ਤੰਬਾਕੂ ਕੰਟਰੋਲ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਨੇ ਪੂਰੇ ਦੇਸ਼ ਲਈ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ, “ਵਿਸ਼ਵ ਫੇਫੜਾ ਕੈਂਸਰ ਦਿਵਸ ਮੌਕੇ ਨੈਸ਼ਨਲ ਫੈਮਲੀ ਹੈਲਥ ਸਰਵੇਖਣ (ਐੱਨਐੱਫਐੱਚਐੱਸ-6) ਵੱਲੋਂ ਭਾਰਤ ਵਿੱਚ ਸਭ ਤੋਂ ਘੱਟ ਤੰਬਾਕੂ ਸੇਵਨ ਵਾਲੇ ਸੂਬੇ ਵਜੋਂ ਪੰਜਾਬ ਨੂੰ ਮਿਲੀ ਮਾਨਤਾ ਸਾਡੀਆਂ ਨਿਰੰਤਰ ਜਾਗਰੂਕਤਾ ਮੁਹਿੰਮਾਂ, ਪ੍ਰਭਾਵਸ਼ਾਲੀ ਤੰਬਾਕੂ ਕੰਟਰੋਲ ਉਪਾਵਾਂ ਅਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਦੀ ਸਫ਼ਲਤਾ ਦਾ ਪ੍ਰਤੀਕ ਹੈ। ਇਹ ਪ੍ਰਾਪਤੀ ਸਾਡੇ ਇਸ ਭਰੋਸੇ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਫ਼ੇਫੜਿਆਂ ਦੇ ਕੈਂਸਰ ਖ਼?ਲਾਫ਼ ਰੋਕਥਾਮ ਹੀ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ। ਮੈਂ ਹਰ ਨਾਗਰਿਕ ਨੂੰ ਅਪੀਲ ਕਰਦਾ ਹਾਂ ਕਿ ਉਹ ਤੰਬਾਕੂ ਤੋਂ ਦੂਰ ਰਹੇ, ਸਿਹਤਮੰਦ ਜੀਵਨ ਸ਼ੈਲੀ ਅਪਣਾਏ ਅਤੇ ਸਿਹਤਮੰਦ, ਕੈਂਸਰ-ਮੁਕਤ ਪੰਜਾਬ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਏ। ਵਿਸ਼ਵ ਸਿਹਤ ਸੰਗਠਨ ਅਨੁਸਾਰ ਫੇਫੜਾ ਕੈਂਸਰ ਅੱਜ ਵੀ ਵਿਸ਼ਵ ਪੱਧਰ ’ਤੇ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਦਾ ਸਭ ਤੋਂ ਵੱਡਾ ਕਾਰਨ ਹੈ ਅਤੇ ਤੰਬਾਕੂ ਦਾ ਸੇਵਨ ਇਸ ਦਾ ਸਭ ਤੋਂ ਵੱਡਾ ਕਾਰਕ ਬਣਿਆ ਹੋਇਆ ਹੈ। ਭਾਰਤ ਵਿੱਚ ਵੀ ਤੰਬਾਕੂ ਦੀ ਵਧਦੀ ਵਰਤੋਂ ਅਤੇ ਬੀਮਾਰੀ ਦੀ ਦੇਰ ਨਾਲ ਪਛਾਣ ਕਾਰਨ ਇਸ ਦਾ ਬੋਝ ਲਗਾਤਾਰ ਵਧ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਰੋਕਥਾਮ, ਜਾਗਰੂਕਤਾ ਅਤੇ ਸਮੇਂ ਸਿਰ ਜਾਂਚ ਪਹਿਲਾਂ ਨਾਲੋਂ ਵੀ ਵੱਧ ਮਹੱਤਵਪੂਰਨ ਹੋ ਗਈ ਹੈ। ਪੰਜਾਬ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਤੋਂ ਪ੍ਰਾਪਤ ਅੰਕੜਿਆਂ ਅਨੁਸਾਰ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਵਾਲੇ 708 ਮਰੀਜ਼ਾਂ ਵਿੱਚੋਂ 413 ਪੁਰਸ਼ ਹਨ, ਜਿਨ੍ਹਾਂ ਦੇ ਇਲਾਜ ’ਤੇ 1,89,68,865 ਰੁਪਏ ਖ਼ਰਚ ਕੀਤੇ ਗਏ ਹਨ।

# ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਜੀਂਦੋਵਾਲ ਬੰਗਾ ਵਿਖੇ ਮਲਹਾਰ ਰਾਗ ਕੀਰਤਨ ਦਰਬਾਰ ਕਰਵਾਇਆ

**ਨਵਾਂਸ਼ਹਿਰ :** ਇਤਿਹਾਸਕ ਅਸਥਾਨ ਗੁਰਦੁਆਰਾ ਸ਼੍ਰੀ ਚਰਨ ਕੰਵਲ ਸਾਹਿਬ ਪਾਤਸ਼ਾਹੀ ਛੇਵੀਂ ਜੀਂਦੋਵਾਲ ਬੰਗਾ ਵਿਖੇ ਮਹੀਨਾਵਾਰ ਗੁਰਮਤਿ ਸਮਾਗਮਾਂ ਦੀ ਲੜੀ ਵਿੱਚ ਮਲਹਾਰ ਰਾਗ ਕੀਰਤਨ ਦਰਬਾਰ ਅਤੇ ਕਥਾ ਸਮਾਗਮ ਸਮੂਹ ਸੰਗਤ ਵੱਲੋਂ ਬਹੁਤ ਹੀ ਪਿਆਰ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਦੀ ਆਰੰਭਤਾ ਇਸਤਰੀ ਸਤਿਸੰਗ ਸਭਾ ਬੰਗਾ ਦੀਆਂ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ। ਹਜ਼ੂਰੀ ਰਾਗੀ ਭਾਈ ਗੁਰਮੁੱਖ ਸਿੰਘ-ਸਤਨਾਮ ਸਿੰਘ ਜੀ ਦੇ ਜਥੇ ਵੱਲੋਂ ਕੀਰਤਨ ਦੀ ਹਾਜ਼ਰੀ ਤੋਂ ਬਾਅਦ ਵਿਸ਼ੇਸ਼ ਤੌਰ ਤੇ ਪਹੁੰਚੇ ਭਾਈ ਤਜੇਸ਼ਵਰ ਸਿੰਘ (ਸ੍ਰੀ ਅਨੰਦਪੁਰ ਸਾਹਿਬ) ਅਤੇ ਉਹਨਾਂ ਦੇ ਜਥੇ ਦੁਆਰਾ ਪੁਰਾਤਨ ਤੰਤੀ ਸਾਜਾਂ ਨਾਲ ਮੌਸਮ ਦੇ ਰਾਗ ਮਲਹਾਰ ਵਿੱਚ ਗੁਰੂ ਸਾਹਿਬ ਜੀ ਦੀ ਗੁਰਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਪੰਥ ਦੇ ਮਹਾਨ ਵਿਦਵਾਨ ਗਿਆਨੀ ਸੁਖਦੇਵ ਸਿੰਘ ਜੀ ਡੱਲਾ ਸਾਹਿਬ ਵਾਲਿਆਂ ਨੇ ਗੁਰੂ ਸਾਹਿਬ ਜੀ ਦੇ ਪਿਆਰ ਵਿੱਚ ਭਿੱਜ ਕੇ ਸੰਗਤਾਂ ਨਾਲ ਗੁਰਬਾਣੀ ਵਿਚਾਰਾਂ ਦੀ ਸਾਂਝ ਪਾਈ ਅਤੇ ਗੁਰੂ ਸਾਹਿਬ ਜੀ ਦੇ ਦੱਸੇ ਮਾਰਗ ਦੇ ਚੱਲ ਕੇ ਆਪਣੇ ਜੀਵਨ ਸਫਲ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਗਿਆਨੀ ਪਲਵਿੰਦਰ ਸਿੰਘ, ਮੈਨੇਜਰ ਭੁਪਿੰਦਰ ਸਿੰਘ, ਭਾਈ ਹਰਮੇਸ਼ ਸਿੰਘ ਜੀਂਦੋਵਾਲ, ਸੁਖਵਿੰਦਰ ਸਿੰਘ-ਅਵਤਾਰ ਸਿੰਘ ਗੋਬਿੰਦਪੁਰ, ਭਾਈ ਜਸਕਰਨ ਸਿੰਘ ਭਾਰਟਾ, ਐਡਵੋਕੇਟ ਰਵਿੰਦਰ ਸਿੰਘ, ਮਾਸਟਰ ਪਰਮਜੀਤ ਸਿੰਘ ਜੌਹਰ, ਤਰਲੋਕ ਸਿੰਘ, ਨਿਸ਼ਾਨ ਸਿੰਘ, ਜਸਵੰਤ ਸਿੰਘ, ਕੁਲਜਿੰਦਰਜੀਤ ਸਿੰਘ ਸੋਢੀ ਅਤੇ ਹੋਰ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀਆਂ ਲਗਵਾਈਆਂ।



# ਨਸ਼ਾ ਤਸਕਰੀ ਅਤੇ ਸੰਗਠਿਤ ਅਧਰਾਧ ਵਾਲੇ ਗਠਜੋੜ ਦਾ ਇੱਕ ਕਾਰਕੁੰਨ ਅੰਮ੍ਰਿਤਸਰ ਵਿੱਚ ਗ੍ਰਿਫਤਾਰ; 20 ਕਿਲੋ ਹੈਰੋਇਨ ਬਰਾਮਦ

## ਪੁਲਿਸ ਨੇ ਤਸਕਰੀ ਲਈ ਵਰਤੀ ਜਾ ਰਹੀ ਹੌਂਡਾ ਸਿਟੀ ਕਾਰ ਵੀ ਕੀਤੀ ਜ਼ਬਤ

**ਅੰਮ੍ਰਿਤਸਰ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ’ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਨੂੰ ਅੰਜਾਮ ਦੇਣ ਵਾਲੇ ਗਠਜੋੜ ਦੇ ਇੱਕ ਕਾਰਕੁੰਨ ਨੂੰ 20 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਇਸ ਗਠਜੋੜ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਓਮ ਸ਼ਰਮਾ ਵਾਸੀ ਅੰਮ੍ਰਿਤਸਰ ਰੋਡ, ਝਬਾਲ, ਤਰਨਤਾਰਨ ਵਜੋਂ ਹੋਈ ਹੈ। ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਤਸਕਰੀ ਦੀਆਂ ਗਤੀਵਿਧੀਆਂ ਲਈ ਵਰਤੀ ਜਾ ਰਹੀ ਉਸਦੀ ਹੌਂਡਾ ਸਿਟੀ ਕਾਰ(ਪੀਬੀ 46ਏ ਜੇ 6021) ਨੂੰ ਵੀ ਜ਼ਬਤ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਸਰਹੱਦ ਪਾਰਲੇ ਤਸਕਰਾਂ ਨਾਲ ਜੁੜੇ ਇੱਕ ਵਿਦੇਸ਼ੀ ਹੈਂਡਲਰ ਦੇ ਇਸ਼ਾਰੇ ’ਤੇ ਕੰਮ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਸਰਹੱਦੀ ਖੇਤਰ ਵਿੱਚ ਹੈਰੋਇਨ ਦੀ ਖੇਪ ਪ੍ਰਾਪਤ ਕਰਕੇ ਪੰਜਾਬ ਭਰ ਵਿੱਚ ਅੱਗੇ ਸਪਲਾਈ ਕਰਨ ਦਾ ਕੰਮ ਸੌਂਪਿਆ ਗਿਆ ਸੀ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਵਿਦੇਸ਼ੀ ਹੈਂਡਲਰ ਦੇ ਸਾਥੀ ਨਸ਼ਾ ਤਸਕਰੀ ਵਿੱਚ ਸਰਗਰਮੀ ਨਾਲ ਸ਼ਾਮਲ ਹਨ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਅਜਨਾਲਾ ਸਰਹੱਦੀ ਖੇਤਰ ਵਿੱਚ ਆਪਣੇ ਪਾਕਿਸਤਾਨੀ ਸਾਥੀਆਂ ਵੱਲੋਂ ਡਰੋਨ ਰਾਹੀਂ ਭੇਜੀਆਂ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰਕੇ ਆਪਣੇ ਇੱਕ ਹੋਰ ਸਾਥੀ ਓਮ ਸ਼ਰਮਾ ਤੱਕ ਪਹੁੰਚਾਉਂਦੇ ਹਨ, ਜੋ ਉਨ੍ਹਾਂ ਖੇਪਾਂ ਨੂੰ ਸੂਬੇ ਵਿੱਚ ਅੱਗੇ ਹੋਰਨਾਂ ਤੱਕ ਡਿਲੀਵਰ ਕਰਦਾ ਹੈ। ਜਾਣਕਾਰੀ ਤੋਂ ਇਹ ਵੀ ਪਤਾ ਲੱਗਾ ਹੈ ਕਿ ਸ਼ੱਕੀ ਓਮ ਨੂੰ ਹਾਲ ਹੀ ਵਿੱਚ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਹੋਈ ਹੈ ਅਤੇ ਉਹ ਇਸ ਖੇਪ ਨੂੰ ਅੱਗੇ ਕਿਸੇ ਹੋਰ ਧਿਰ ਨੂੰ ਡਿਲੀਵਰ ਕਰਨ ਲਈ ਅੰਮ੍ਰਿਤਸਰ ਦੇ ਫਤਿਹਗੜ੍ਹ ਚੂੜੀਆਂ ਰੋਡ ’ਤੇ ਸਥਿਤ ਸੋਹੀਆਂ ਕਲਾਂ ਦੇ ਖੇਤਰ ਵਿੱਚ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਤਲਾਹ ’ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮ ਨੇ ਛਾਪੇਮਾਰੀ ਕੀਤੀ ਅਤੇ ਸੋਹੀਆਂ ਕਲਾਂ ਵਿਖੇ ਦਾਣਾ ਮੰਡੀ ਨੇੜਿਓਂ ਓਮ ਸ਼ਰਮਾ ਨੂੰ ਹਿਰਾਸਤ ਵਿੱਚ ਲੈ ਕੇ ਉਸਦੇ ਕਬਜ਼ੇ ਵਿੱਚੋਂ 20 ਕਿਲੋ ਹੈਰੋਇਨ ਬਰਾਮਦ ਕੀਤੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ -ਪਿਛਲੇ ਸਬੰਧ ਸਥਾਪਤ ਕੀਤੇ ਜਾ ਰਹੇ ਹਨ ਅਤੇ ਪੂਰੇ ਨੈੱਟਵਰਕ ਦੀ ਪਛਾਣ ਕਰਨ ਅਤੇ ਪਹਿਲਾਂ ਤੋਂ ਬੇਨਕਾਬ ਕੀਤੇ ਜਾ ਚੁੱਕੇ ਹੋਰ ਨਸ਼ਾ ਤਸਕਰੀ ਮਾਡਿਊਲਾਂ ਨਾਲ ਇਸ ਗਿਰੋਹ ਦੇ ਸੰਭਾਵੀ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਇਸ ਸਬੰਧੀ ਐਫਆਈਆਰ ਨੰਬਰ 48 ਮਿਤੀ 31-07-2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਪੁਲਿਸ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।




# ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਨਹੀਂ, ਕੇਜਰੀਵਾਲ ਹੈ : ਬਾਦਲ

**ਮਾਲੇਰਕੋਟਲਾ :** ਸ਼੍ਰੋਮਣੀ ਅਕਾਲੀ ਦਲ ਦੀ ਇੱਕ ਸੈਕੂਲਰ ਪਾਰਟੀ ਜ਼ੋ ਸਾਰੇ ਧਰਮਾਂ ਦਾ ਸਤਿਕਾਰ ਕਰਦੀ ਹੈ। ਜਦ ਕਿ ਆਮ ਆਦਮੀ ਪਾਰਟੀ, ਕਾਂਗਰਸ ਪਾਰਟੀ ਨੇ ਹਮੇਸ਼ਾ ਧਰਮ ਦੇ ਨਾਂ ਤੇ ਰਾਜਤੀਨੀ ਕੀਤੀ ਹੈ। ਇਹ ਪਾਰਟੀਆਂ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਹਨ। ਜਿਸ ਤਰ੍ਹਾਂ ਸਾਨੂੰ ਪਹਿਲਾਂ ਅੰਗਰੇਜ਼ਾਂ ਲੁੱਟ ਕੇ ਲੈਣ ਗਏ ਹੁਣ ਜਦੋਂ ਦੇ ਝਾੜੂ ਪਾਰਟੀ ਵਾਲੇ ਆਏ ਹਨ, ਉਹੀ ਕੰਮ ਇਹਨਾਂ ਨੇ ਕੀਤਾ ਪੰਜਾਬ ਦਾ ਸਾਰਾ ਕੁਝ ਲੁੱਟ ਕੇ ਲੈਣ ਗਏ। ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਨਹੀਂ ਦਿੱਲੀ ਦਾ ਕੇਜਰੀਵਾਲ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਉਪ ਮੁੱਖ ਮੰਤਰੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਅਹਿਮਦਗੜ੍ਹ ਨੇੜਲੇ ਪਿੰਡ ਰੋਹੀੜੇ ਵਿਖੇ ਪਾਰਟੀ ਵਰਕਰਾਂ ਅਤੇ ਆਗੂਆਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ’ਤੇ ਤਿੱਖੇ ਸਿਆਸੀ ਹਮਲੇ ਕੀਤੇ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਅਗਵਾਈ ਵਾਲੀ ਸਰਕਾਰ ਦੇ 10 ਸਾਲਾਂ ਦੇ ਵਿਕਾਸ ਕਾਰਜਾਂ ਨੂੰ ਯਾਦ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਅਸਲ ਤਰੱਕੀ, ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਹਰ ਵਰਗ ਦੀ ਭਲਾਈ ਸਿਰਫ਼ ਸ਼੍ਰੋਮਣੀ ਅਕਾਲੀ ਦਲ ਦੇ ਸ਼ਾਸਨ ਕਾਲ ਦੌਰਾਨ ਹੀ ਹੋਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਮੁੜ ਵਿਕਾਸ ਦੀਆਂ ਲੀਹਾਂ ’ਤੇ ਤੋਰਨ ਲਈ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦਿੱਤਾ ਜਾਵੇ। ਇਸ ਲੋਕ ਮਿਲਣੀ ਵਿਚ ਹਾਜਰ ਲੋਕਾਂ ਨੇ ਪਾਰਟੀ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ। ਉਨ੍ਹਾਂ ਪਾਰਟੀ ਵਰਕਰਾਂ ਨੂੰ ਘਰ-ਘਰ ਤੱਕ ਪਹੁੰਚ ਕੇ ਲੋਕਾਂ ਨਾਲ ਸੰਪਰਕ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਦੇ ਹਿੱਤਾਂ ਲਈ ਸੰਘਰਸ਼ ਕਰਦਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਦਾ ਰਹੇਗਾ।



ਇਸ ਮੌਕੇ ਹਲਕਾ ਅਮਰਗੜ੍ਹ ਦੇ ਇੰਚਾਰਜ ਜਸਵੀਰ ਸਿੰਘ ਮੰਨਵੀਂ, ਹਲਕਾ ਇੰਚਾਰਜ ਜੁਹਿਦਾ ਸੁਲੇਮਾਨ ਹਲਕਾ ਮਾਲੇਰਕੋਟਲਾ, ਜਸਵੀਰ ਸਿੰਘ ਦਿਉਲ, ਕੁਲਵੰਤ ਸਿੰਘ ਬੇਗੋਵਾਲ, ਲਾਭ ਸਿੰਘ ਜਿੱਤ ਵਾਲ, ਸਾਬਕਾ ਸਰਪੰਚ ਸੁਰਜੀਤ ਸਿੰਘ ਕੁੱਪ ਖੁਰਦ, ਸਾਬਕਾ ਸਰਪੰਚ ਦਰਸ਼ਨ ਸਿੰਘ ਕੁੱਪ ਕਲਾਂ, ਸਾਬਕਾ ਸਰਪੰਚ ਭਿੰਦਰ ਸਿੰਘ ਰੋਹਣੋ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਅਤੇ ਅਹੁਦੇਦਾਰ ਆਗੂ ਹਾਜ਼ਰ ਸਨ।

# ਪੰਜਾਬ ’ਚ ਵਿਸ਼ੇਸ਼ ਤੀਬਰ ਸੋਧ ਅਧੀਨ ਵੋਟਰ ਸੂਚੀ ਵਿੱਚ ਵੋਟਰਾਂ ਨੂੰ ਕੀਤਾ ਗਿਆ ਸ਼ਾਮਲ

**ਚੰਡੀਗੜ੍ਹ :** ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ ਅਧੀਨ ਵੋਟਰ ਸੂਚੀ ਵਿੱਚ ਵੋਟਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਗਣਨਾ ਫਾਰਮਾਂ ਦਾ ਡਿਜੀਟਾਈਜ਼ੇਸ਼ਨ ਲਗਭਗ ਪੂਰਾ ਹੋ ਗਿਆ ਹੈ। ਸ਼ਨੀਵਾਰ ਤੱਕ, ਰਾਜ ਦੇ ਕੁੱਲ 21,461,043 ਵੋਟਰਾਂ ਵਿੱਚੋਂ 21,457,800 ਵੋਟਰਾਂ (99.98 ਪ੍ਰਤੀਸ਼ਤ) ਦੇ ਫਾਰਮ ਡਿਜੀਟਾਈਜ਼ ਕੀਤੇ ਗਏ ਹਨ। ਸਿਰਫ਼ 3,243 ਵੋਟਰਾਂ ਦੇ ਰਿਕਾਰਡ ਡਿਜੀਟਾਈਜ਼ ਕੀਤੇ ਜਾਣੇ ਬਾਕੀ ਹਨ। ਪੰਜਾਬ ਦੇ 23 ਜ਼ਿਲ੍ਹਿਆਂ ਵਿੱਚੋਂ 18 ਨੇ 100 ਪ੍ਰਤੀਸ਼ਤ ਡਿਜੀਟਾਈਜ਼ੇਸ਼ਨ ਪ੍ਰਾਪਤ ਕੀਤੀ ਹੈ। ਇਨ੍ਹਾਂ ਵਿੱਚ ਅੰਮ੍ਰਿਤਸਰ, ਬਰਨਾਲਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਕਪੂਰਥਲਾ, ਮਾਨਸਾ, ਮੋਗਾ, ਪਟਿਆਲਾ, ਰੂਪਨਗਰ, ਐਸਏਐਸ ਨਗਰ (ਮੁਹਾਲੀ), ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਸ੍ਰੀ ਮੁਕਤਸਰ ਸਾਹਿਬ ਅਤੇ ਤਰਨਤਾਰਨ ਸ਼ਾਮਲ ਹਨ। ਪਠਾਨਕੋਟ ਵਿੱਚ 350 ਵੋਟਰਾਂ ਦਾ ਡਿਜੀਟਾਈਜ਼ੇਸ਼ਨ ਲੰਬਿਤ ਹੈ। ਇਸ ਦੌਰਾਨ, ਬਠਿੰਡਾ ਵਿੱਚ ਸੱਤ ਵੋਟਰ ਰਿਕਾਰਡ ਡਿਜੀਟਾਈਜ਼ ਕੀਤੇ ਜਾਣੇ ਬਾਕੀ ਹਨ, ਮਲੇਰਕੋਟਲਾ ਵਿੱਚ ਦੋ ਅਤੇ ਜਲੰਧਰ ਵਿੱਚ ਸਿਰਫ਼ ਇੱਕ। ਲੁਧਿਆਣਾ ਵਿੱਚ, 99.89 ਪ੍ਰਤੀਸ਼ਤ ਰਿਕਾਰਡ ਡਿਜੀਟਾਈਜ਼ ਕੀਤੇ ਗਏ ਹਨ। ਰਾਜ ਪੱਧਰ ‘ਤੇ, ਸਿਰਫ 0.02 ਪ੍ਰਤੀਸ਼ਤ ਰਿਕਾਰਡ ਲੰਬਿਤ ਹਨ। ਇਨ੍ਹਾਂ ਜ਼ਿਲ੍ਹਿਆਂ ਵਿੱਚ ਇੱਕ ਵੀ ਵੋਟਰ ਰਿਕਾਰਡ ਡਿਜੀਟਾਈਜ਼ੇਸ਼ਨ ਲਈ ਲੰਬਿਤ ਨਹੀਂ ਹੈ। ਹਾਲਾਂਕਿ, ਪੰਜ ਜ਼ਿਲ੍ਹਿਆਂ ਵਿੱਚ, ਕੁਝ ਵੋਟਰ ਰਿਕਾਰਡ ਲੰਬਿਤ ਹਨ। ਸਭ ਤੋਂ ਵੱਧ ਲੰਬਿਤ ਮਾਮਲੇ ਲੁਧਿਆਣਾ ਜ਼ਿਲ੍ਹੇ ਵਿੱਚ ਹਨ, ਜਿੱਥੇ 2,683,999 ਵੋਟਰਾਂ ਵਿੱਚੋਂ 2,681,116 ਦਾ ਡਿਜੀਟਾਈਜ਼ੇਸ਼ਨ ਪੂਰਾ ਹੋ ਗਿਆ ਹੈ, ਜਿਸ ਨਾਲ 2,883 ਰਿਕਾਰਡ ਬਾਕੀ ਹਨ। ਪੰਜਾਬ ਦੀ ਮੁੱਖ ਚੋਣ ਅਧਿਕਾਰੀ, ਅਨਿੰਦਿਤਾ ਮਿੱਤਰਾ, ਦੱਸਦੀ ਹੈ ਕਿ ਲੰਬਿਤ ਡਿਜੀਟਾਈਜ਼ੇਸ਼ਨ ਦਾ ਕੰਮ ਜਲਦੀ ਹੀ ਪੂਰਾ ਕਰ ਲਿਆ ਜਾਵੇਗਾ। ਇਸ ਤੋਂ ਬਾਅਦ, ਆਉਣ ਵਾਲੀਆਂ ਚੋਣਾਂ ਲਈ ਇੱਕ ਸਾਫ਼ ਅਤੇ ਗਲਤੀ-ਮੁਕਤ ਵੋਟਰ ਸੂਚੀ ਤਿਆਰ ਕਰਨ ਲਈ ਚੋਣ ਕਮਿਸ਼ਨ ਦੇ ਸ਼ਡਿਊਲ ਅਨੁਸਾਰ ਤਸਦੀਕ ਅਤੇ ਵੋਟਰ ਸੂਚੀ ਸੋਧ ਕੀਤੀ ਜਾਵੇਗੀ।



# ਚਾਰ ਅਗਸਤ ਨੂੰ ਈ-20 ਦੇ ਖ਼ਿਲਾਫ਼ ਆਈਆਂ 2 ਲੱਖ ਪਟੀਸ਼ਨਾਂ ਲੈ ਕੇ ਪ੍ਰਧਾਨ ਮੰਤਰੀ ਨੂੰ ਮਿਲਣ ਜਾਵਾਂਗਾ : ਕੇਜਰੀਵਾਲ

**ਨਵੀਂ ਦਿੱਲੀ :** ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਈ-20 ਪੈਟਰੋਲ ਦੇ ਮੁੱਦੇ ’ਤੇ ਪਿੱਛੇ ਹਟਣ ਲਈ ਤਿਆਰ ਨਹੀਂ ਹਨ। ਸ਼ਨੀਵਾਰ ਨੂੰ ਉਨ੍ਹਾਂ ਨੇ ਐਲਾਨ ਕੀਤਾ ਕਿ ਉਹ 4 ਅਗਸਤ (ਮੰਗਲਵਾਰ) ਨੂੰ ਈ-20 ਦੇ ਖ਼?ਲਾਫ਼ ਦੇਸ਼ ਦੇ ਲੋਕਾਂ ਤੋਂ ਆਨਲਾਈਨ ਮਿਲੀਆਂ ਪਟੀਸ਼ਨਾਂ ਲੈ ਕੇ ਪ੍ਰਧਾਨ ਮੰਤਰੀ ਨੂੰ ਮਿਲਣ ਉਨ੍ਹਾਂ ਦੇ ਘਰ ਜਾਣਗੇ। ਉਨ੍ਹਾਂ ਕਿਹਾ ਕਿ ਦੁਪਹਿਰ 12 ਵਜੇ 100 ਲੋਕਾਂ ਦੇ ਨਾਲ ਪ੍ਰਧਾਨ ਮੰਤਰੀ ਨੂੰ ਮਿਲਣ ਲਈ ਨਿਕਲਾਂਗਾ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਮੇਰੇ ਨਾਲ ਪ੍ਰਧਾਨ ਮੰਤਰੀ ਦੇ ਘਰ ਉਹੀ ਲੋਕ ਚੱਲਣ, ਜਿਨ੍ਹਾਂ ਨੂੰ ਡੰਡਿਆਂ ਅਤੇ ਜੇਲ੍ਹ ਜਾਣ ਤੋਂ ਡਰ ਨਹੀਂ ਲੱਗਦਾ। ਇਸ ਦੇ ਨਾਲ ਹੀ ਉਮੀਦ ਪ੍ਰਗਟਾਈ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਜਿੱਥੋਂ ਤੱਕ ਜਾਣ ਦਿੱਤਾ ਸੀ, ਉਨ੍ਹਾਂ ਨੂੰ ਵੀ ਉੱਥੋਂ ਤੱਕ ਜਾਣ ਦਿੱਤਾ ਜਾਵੇਗਾ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਮੈਂ ਦੇਸ਼ ਦੇ ਲੋਕਾਂ ਨੂੰ ਪ੍ਰਧਾਨ ਮੰਤਰੀ ਦੇ ਨਾਂ ’ਤੇ ਪਟੀਸ਼ਨ ਸਾਈਨ ਕਰਨ ਲਈ ਕਿਹਾ ਸੀ। ਹੁਣ ਤੱਕ 2 ਲੱਖ ਤੋਂ ਵੱਧ ਲੋਕਾਂ ਨੇ ਆਨਲਾਈਨ ਪਟੀਸ਼ਨ ਸਾਈਨ ਕੀਤੀ ਹੈ। ਮੈਂ ਉਨ੍ਹਾਂ ਦੇ ਪ੍ਰਿੰਟ ਆਊਟ ਲੈ ਲਏ ਹਨ ਅਤੇ ਮੰਗਲਵਾਰ, 4 ਅਗਸਤ ਨੂੰ ਦੁਪਹਿਰ 12 ਵਜੇ ਸਾਰੀਆਂ ਪਟੀਸ਼ਨਾਂ ਲੈ ਕੇ ਮੈਂ ਖ਼ੁਦ ਨਿੱਜੀ ਤੌਰ ’ਤੇ ਪ੍ਰਧਾਨ ਮੰਤਰੀ ਨੂੰ ਦੇਣ ਉਨ੍ਹਾਂ ਦੇ ਘਰ ਜਾਵਾਂਗਾ। ਸਾਰੇ ਲੋਕਾਂ ਨੂੰ ਆਉਣ ਦੀ ਲੋੜ ਨਹੀਂ ਹੈ। ਮੈਂ ਆਪਣੇ ਨਾਲ ਸਿਰਫ਼ 100 ਅਜਿਹੇ ਲੋਕ ਲੈ ਕੇ ਜਾਵਾਂਗਾ ਜਿਨ੍ਹਾਂ ਨੂੰ ਡੰਡਿਆਂ ਜਾਂ ਜੇਲ੍ਹ ਜਾਣ ਤੋਂ ਡਰ ਨਹੀਂ ਲੱਗਦਾ।

ਜੋ ਲੋਕ ਜਾਣਾ ਚਾਹੁੰਦੇ ਹਨ, ਉਹ ਮੈਨੂੰ ਟੈਗ ਕਰਕੇ ਲਿਖ ਦੇਣ। ਅਸੀਂ 100 ਲੋਕਾਂ ਨੂੰ ਨਾਲ ਲੈ ਕੇ ਜਾਵਾਂਗੇ ਅਤੇ ਪ੍ਰਧਾਨ ਮੰਤਰੀ ਦੇ ਘਰ ਵੱਲ ਕੂਚ ਕਰਾਂਗੇ, ਫਿਰ ਦੇਖਦੇ ਹਾਂ ਉਸ ਤੋਂ ਬਾਅਦ ਕੀ ਹੁੰਦਾ ਹੈ? ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜੋ ਲੋਕ ਪ੍ਰਧਾਨ ਮੰਤਰੀ ਦੇ ਖ਼?ਲਾਫ਼ ਆਵਾਜ਼ ਉਠਾ ਰਹੇ ਹਨ, ਉਹ ਉਨ੍ਹਾਂ ’ਤੇ ਐੱਫਆਈਆਰ ਕਰਵਾ ਦਿੰਦੇ ਹਨ। ਅਜਿਹੇ ਬਹੁਤ ਸਾਰੇ ਲੋਕ ਹਨ, ਜਿਨ੍ਹਾਂ ਦਾ ਇਨ੍ਹਾਂ ਨੇ ਨੱਕ ’ਚ ਦਮ ਕਰ ਰੱਖਿਆ ਹੈ। ਇਸ ਦਾ ਮਤਲਬ ਕੁਝ ਤਾਂ ਗੜਬੜ ਹੈ ਅਤੇ ਈ-20 ’ਚ ਗੜਬੜ ਹੈ। ਜੇਕਰ ਈ-20 ਸਹੀ ਹੁੰਦਾ ਤਾਂ ਉਹ ਆਹਮੋ-ਸਾਹਮਣੇ ਬੈਠ ਕੇ ਗੱਲ ਕਰਦੇ। ਦੋ ਸਬੂਤ ਅਸੀਂ ਰੱਖਦੇ ਅਤੇ ਦੋ ਸਬੂਤ ਉਹ ਰੱਖਦੇ। ਪਰ ਜਦੋਂ ਉਹ ਧਮਕੀ ਦੇ ਕੇ ਕੁਝ ਕਰਵਾ ਰਹੇ ਹਨ, ਤਾਂ ਇਸ ਦਾ ਮਤਲਬ ਹੈ ਕਿ ਕੁਝ ਗੜਬੜ ਹੈ। ਐਲਾਨ ਕਰਕੇ ਪ੍ਰਧਾਨ ਮੰਤਰੀ ਰਿਹਾਇਸ਼ ਜਾਣ ਅਤੇ ਸੁਰੱਖਿਆ ਨਾਲ ਜੁੜੇ ਸਵਾਲ ’ਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜਿਵੇਂ ਵਿਰੋਧੀ ਧਿਰ ਦੇ ਨੇਤਾ ਨੂੰ ਜਿੱਥੋਂ ਤੱਕ ਜਾਣ ਦਿੱਤਾ ਸੀ, ਮੈਨੂੰ ਉਮੀਦ ਹੈ ਕਿ ਸਾਨੂੰ ਵੀ ਉੱਥੋਂ ਤੱਕ ਤਾਂ ਜਾਣ ਹੀ ਦੇਣਗੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ, ਟਰੰਪ ਦੇ ਸਾਹਮਣੇ ਕਮਜ਼ੋਰ ਪਏ ਹੋਏ ਹਨ। ਪ੍ਰਧਾਨ ਮੰਤਰੀ ਦੀਆਂ ਕੁਝ ਤਾਂ ਮਜਬੂਰੀਆਂ ਹਨ, ਜਿਸ ਕਰਕੇ ਉਨ੍ਹਾਂ ਨੇ ਪੂਰੇ ਦੇਸ਼ ਨੂੰ ਟਰੰਪ ਦੇ ਸਾਹਮਣੇ ਗਹਿਣੇ ਧਰ ਦਿੱਤਾ ਹੈ ਅਤੇ ਦੇਸ਼ ਵਾਸੀ ਬਹੁਤ ਦੁਖੀ ਹਨ। ਪ੍ਰਧਾਨ ਮੰਤਰੀ ਦੀਆਂ ਜੋ ਵੀ ਮਜਬੂਰੀਆਂ ਹੋਣ, ਅਸੀਂ ਉਨ੍ਹਾਂ ਅੱਗੇ ਬੇਨਤੀ ਕਰਦੇ ਹਾਂ ਕਿ ਜੇਕਰ ਉਹ ਆਪਣੀਆਂ ਮਜਬੂਰੀਆਂ ਦਾ ਸਾਹਮਣਾ ਨਹੀਂ ਕਰ ਸਕਦੇ, ਤਾਂ ਅਸਤੀਫ਼ਾ ਦੇ ਦੇਣ। ਉਹ ਕਿਸੇ ਹੋਰ ਨੂੰ ਪ੍ਰਧਾਨ ਮੰਤਰੀ ਬਣਨ ਦੇਣ, ਜੋ ਘੱਟੋ-ਘੱਟ ਟਰੰਪ ਦੀਆਂ ਅੱਖਾਂ ’ਚ ਅੱਖਾਂ ਪਾ ਕੇ ਮੁਕਾਬਲਾ ਕਰ ਸਕੇ, ਪਰ ਪੂਰੇ ਦੇਸ਼ ਨੂੰ ਦੁਖੀ ਨਾ ਕਰਨ।

# ਪੰਜਾਬ ਦੇ ਰਾਜਪਾਲ ਨੇ ਚੰਡੀਗੜ੍ਹ ਤੋਂ ਰਾਸ਼ਟਰੀ ਅਭਿਯਾਨ ਵਿੱਚ ਸਹਿਭਾਗਿਤਾ ਕਰਦੇ ਹੋਏ ਨਸ਼ੇ ਦੇ ਵਿਰੁੱਧ ਜਨ-ਅੰਦੋਲਨ ਦਾ ਸੱਦਾ ਦਿੱਤਾ

**ਚੰਡੀਗੜ੍ਹ :** ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਵਰਚੁਅਲ ਮਾਧਿਅਮ ਨਾਲ ਰਾਸ਼ਟਰ-ਵਿਆਪੀ ’ਨਸ਼ਾ ਮੁਕਤ ਯੁਵਾ-ਵਿਕਸਿਤ ਭਾਰਤ ਅਭਿਯਾਨ’ ਦੀ ਸ਼ੁਰੂਆਤ ਕੀਤੀ। ਇਹ 100-ਹਫ਼ਤੇ ਦਾ ਅਭਿਯਾਨ ਨੌਜਵਾਨਾਂ ਨੂੰ ਨਿਰੰਤਰ ਜਨ-ਜਾਗਰੂਕਤਾ, ਸਮੁਦਾਇਕ ਸਹਿਭਾਗਿਤਾ ਅਤੇ ਸਕਾਰਾਤਮਕ ਗਤੀਵਿਧੀਆਂ ਦੇ ਜ਼ਰੀਏ ਨਸ਼ੇ ਦੇ ਵਿਰੁੱਧ ਸੰਗਠਿਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤਾ ਗਿਆ ਹੈ। ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਟੈਗੋਰ ਥੀਏਟਰ, ਚੰਡੀਗੜ੍ਹ ਤੋਂ ਰਾਸ਼ਟਰੀ ਸ਼ੁਰੂਆਤ ਪ੍ਰੋਗਰਾਮ ਵਿੱਚ ਸਹਿਭਾਗਿਤਾ ਕਰਦੇ ਹੋਏ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ਾ ਮੁਕਤ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਮੋਹਰੀ ਭੂਮਿਕਾ ਨਿਭਾਉਣ। ਪ੍ਰਧਾਨ ਮੰਤਰੀ ਨੇ ਸਮਾਜ ਨੂੰ ਨਸ਼ੇ ਦੀ ਲਤ ਤੋਂ ਮੁਕਤ ਹੋ ਰਹੇ ਲੋਕਾਂ ਨੂੰ ਸਹਿਯੋਗ ਦੇਣ ਅਤੇ ਦੂਜਾ ਅਵਸਰ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਪਰਿਵਾਰਾਂ ਨੂੰ ਸਮੇਂ ’ਤੇ ਜ਼ਰੂਰੀ ਦਖਲ ਦੇਣਾ ਸੁਨਿਸ਼ਚਿਤ ਕਰਨ ਅਤੇ ਵਿੱਦਿਅਕ ਸੰਸਥਾਵਾਂ ਨੂੰ ਨਸ਼ਾ ਮੁਕਤੀ ਦੇ ਪ੍ਰਤੀ ਜਾਗਰੂਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਨੌਜਵਾਨਾਂ ਦਾ ਸਮੂਹਿਕ ਸੰਕਲਪ ਅਤੇ ਸਰਕਾਰ ਦੇ ਨਿਰੰਤਰ ਪ੍ਰਯਾਸ ਭਾਰਤ ਨੂੰ ਨਸ਼ਾ ਮੁਕਤ ਅਤੇ ਵਿਕਸਿਤ ਰਾਸ਼ਟਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਵਿਦਿਆਰਥੀਆਂ, ਵਲੰਟੀਅਰਾਂ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਸ਼?ਰੀ ਗੁਲਾਬ ਚੰਦ ਕਟਾਰੀਆ ਨੇ ਇਸ ਪਹਿਲ ਨੂੰ ਜਨ-ਜਾਗਰੂਕਤਾ ਤੋਂ ਅੱਗੇ ਵਧ ਕੇ ਵਿਕਸਿਤ ਭਾਰਤ-2047 ਦੇ ਲਕਸ਼ ਨੂੰ ਸਾਕਾਰ ਕਰਨ ਹਿਤ ਤੰਦਰੁਸਤ, ਜ਼ਿੰਮੇਦਾਰ ਅਤੇ ਸਸ਼ਕਤ ਯੁਵਾ ਪੀੜ੍ਹੀ ਦੇ ਨਿਰਮਾਣ ਦਾ ਰਾਸ਼ਟਰੀ ਅਭਿਯਾਨ ਦੱਸਿਆ। ਉਨ੍ਹਾਂ ਨੇ ਕਿਹਾ ਕਿ ਭਾਰਤ ਦਾ ਯੁਵਾ ਕੇਵਲ ਦੇਸ਼ ਦਾ ਭਵਿੱਖ ਹੀ ਨਹੀਂ, ਬਲਕਿ ਵਰਤਮਾਨ ਦੀ ਸਭ ਤੋਂ ਬੜੀ ਸ਼ਕਤੀ ਵੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਦੇ ਵਿਰੁੱਧ ਇਸ ਲੜਾਈ ਦੀ ਅਗਵਾਈ ਕਰਨ ਅਤੇ ਦੂਜਿਆਂ ਨੂੰ ਵੀ ਤੰਦਰੁਸਤ ਅਤੇ ਅਨੁਸ਼ਾਸਿਤ ਜੀਵਨਸ਼ੈਲੀ ਅਪਨਾਉਣ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ। ਸ਼੍ਰੀ ਕਟਾਰੀਆ ਨੇ ਉਪਸਥਿਤ ਸਾਰੇ ਪ੍ਰਤੀਭਾਗੀਆਂ ਨੂੰ ਨਸ਼ਾ ਮੁਕਤੀ ਸਹੁੰ ਚੁਕਾਈ ਅਤੇ ਕਿਹਾ ਕਿ ਜੋ ਯੁਵਾ ਖ਼ੁਦ ਨਸ਼ੇ ਤੋਂ ਦੂਰ ਰਹਿੰਦਾ ਹੈ ਅਤੇ ਦੂਜਿਆਂ ਨੂੰ ਵੀ ਇਸ ਲਈ ਪ੍ਰੇਰਿਤ ਕਰਦਾ ਹੈ, ਉਹ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ਾ ਪਰਿਵਾਰਾਂ ਨੂੰ ਤੋੜਦਾ ਹੈ, ਸਮਾਜ ਨੂੰ ਕਮਜ਼ੋਰ ਕਰਦਾ ਹੈ ਅਤੇ ਦੇਸ਼ ਦੀ ਯੁਵਾ ਸ਼ਕਤੀ ਨੂੰ ਖੀਣ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ੇ ਦੇ ਵਿਰੁੱਧ ਲੜਾਈ ਕੇਵਲ ਕਾਨੂੰਨ ਲਾਗੂ ਕਰਨ ਨਾਲ ਨਹੀਂ ਜਿੱਤੀ ਜਾ ਸਕਦੀ, ਬਲਕਿ ਇਸ ਵਿੱਚ ਪਰਿਵਾਰਾਂ, ਵਿੱਦਿਅਕ ਸੰਸਥਾਵਾਂ, ਧਾਰਮਿਕ ਸੰਗਠਨਾਂ, ਨਾਗਰਿਕ ਸਮਾਜ ਅਤੇ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਅਭਿਯਾਨ ਦੇ ਪ੍ਰਤੀ ਉਤਸ਼ਾਹਜਨਕ ਜਨਸਮਰਥਨ ਦਾ ਉਲੇਖ ਕਰਦੇ ਹੋਏ ਰਾਜਪਾਲ ਨੇ ਦੱਸਿਆ ਕਿ ਪੰਜਾਬ ਦੀਆਂ 47 ਯੂਨੀਵਰਸਿਟੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਦੇ ਤਿੰਨ ਲੱਖ ਤੋਂ ਅਧਿਕ ਵਿਦਿਆਰਥੀਆਂ ਨੇ ਇਸ ਅਭਿਯਾਨ ਦੇ ਲਾਂਚ ਵਿੱਚ ਹਿੱਸਾ ਲਿਆ, ਜਦਕਿ ਚੰਡੀਗੜ੍ਹ ਦੇ ਲਗਭਗ 60 ਸਥਾਨਾਂ ਤੋਂ ਕਰੀਬ 12,000 ਵਿਦਿਆਰਥੀਆਂ ਅਤੇ ਯੁਵਾ ਵਲੰਟੀਅਰਾਂ ਨੇ ਇਸ ਵਿੱਚ ਸਹਿਭਾਗਿਤਾ ਕੀਤੀ। ਦੇਸ਼ ਭਰ ਵਿੱਚ ਹਜ਼ਾਰਾਂ ਸਥਾਨਾਂ ਤੋਂ ਇੱਕ ਕਰੋੜ ਤੋਂ ਅਧਿਕ ਨੌਜਵਾਨਾਂ ਨੇ ਇਸ ਅਭਿਯਾਨ ਨਾਲ ਜੁੜ ਕੇ ਇਸ ਨੂੰ ਦੇਸ਼ ਦੇ ਸਭ ਤੋਂ ਬੜੇ ਯੁਵਾ-ਅਗਵਾਈ ਵਾਲੇ ਨਸ਼ਾ ਮੁਕਤੀ ਅਭਿਯਾਨਾਂ ਵਿੱਚ ਸ਼ਾਮਲ ਕੀਤਾ ਹੈ। ਪੰਜਾਬ ਵਿੱਚ ਚਲ ਰਹੇ ’ਯੁੱਧ ਨਸ਼ਿਆਂ ਵਿਰੁੱਧ’ ਅਭਿਯਾਨ ਦਾ ਉਲੇਖ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਰਾਜ ਸਰਕਾਰ ਨੇ ਨਸ਼ਾ ਤਸਕਰਾਂ ਦੇ ਵਿਰੁੱਧ ਕਾਰਵਾਈ ਤੇਜ਼ ਕਰਨ ਦੇ ਨਾਲ-ਨਾਲ ਨਸ਼ਾਮੁਕਤੀ, ਪੁਨਰਵਾਸ ਅਤੇ ਜਨ-ਜਾਗਰੂਕਤਾ ਪ੍ਰੋਗਰਾਮਾਂ ਨੂੰ ਵੀ ਸਸ਼ਕਤ ਬਣਾਇਆ ਹੈ। ਉਨ੍ਹਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਰੋਜ਼ਗਾਰ ਸਿਰਜਣਾ, ਕੌਸ਼ਲ ਵਿਕਾਸ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਸਮੁਦਾਇਕ ਸਹਿਭਾਗਿਤਾ ਵੀ ਸਮਾਨ ਤੌਰ ’ਤੇ ਜ਼ਰੂਰੀ ਹਨ। ਰਾਜਪਾਲ ਨੇ ਦੱਸਿਆ ਕਿ ਇਹ ਅਭਿਯਾਨ ਲਗਾਤਾਰ 100 ਹਫ਼ਤਿਆਂ ਤੱਕ ਚਲੇਗਾ, ਜਿਸ ਦੇ ਤਹਿਤ ਹਰੇਕ ਐਤਵਾਰ ਨੂੰ ਖੇਡ ਮੁਕਾਬਲੇ, ਯੋਗ ਅਤੇ ਧਿਆਨ ਸੈਸ਼ਨ, ਜਨ-ਜਾਗਰੂਕਤਾ ਅਭਿਯਾਨ, ਸੱਭਿਆਚਾਰਕ ਪ੍ਰੋਗਰਾਮ, ਨੁੱਕੜ ਨਾਟਕ ਅਤੇ ਸਮੁਦਾਇਕ ਸੇਵਾ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ, ਤਾਕਿ ਨੌਜਵਾਨਾਂ ਨੂੰ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਨੇ ਮਾਪਿਆਂ, ਅਧਿਆਪਕਾਂ, ਵਿੱਦਿਅਕ ਸੰਸਥਾਵਾਂ, ਉਦਯੋਗਿਕ ਸੰਗਠਨਾਂ, ਗ਼ੈਰ-ਸਰਕਾਰੀ ਸੰਸਥਾਵਾਂ ਅਤੇ ਧਾਰਮਿਕ ਸੰਗਠਨਾਂ ਨੂੰ ਅਭਿਯਾਨ ਵਿੱਚ ਸਰਗਰਮ ਸਹਿਯੋਗ ਦੇਣ ਕਰਨ ਅਤੇ ਨੌਜਵਾਨਾਂ ਨੂੰ ਸਿੱਖਿਆ, ਕੌਸ਼ਲ ਵਿਕਾਸ, ਉੱਦਮਤਾ ਅਤੇ ਖੇਡਾਂ ਦੇ ਬਿਹਤਰ ਅਵਸਰ ਉਪਲਬਧ ਕਰਵਾਉਣ ਦੀ ਅਪੀਲ ਕੀਤੀ। ਸ਼?ਰੀ ਕਟਾਰੀਆ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਦੇਸ਼ ਦੇ ਕਰੋੜਾਂ ਨੌਜਵਾਨਾਂ ਦਾ ਸਮੂਹਿਕ ਸੰਕਲਪ ਤੰਦਰੁਸਤ, ਨਸ਼ਾ ਮੁਕਤ ਸਮਾਜ ਦੇ ਨਿਰਮਾਣ ਅਤੇ ਵਰ੍ਹੇ 2047 ਤੱਕ ਵਿਕਸਿਤ ਭਾਰਤ ਦੇ ਲਕਸ਼ ਦੀ ਪ੍ਰਾਪਤੀ ਵਿੱਚ ਨਿਰਣਾਇਕ ਭੂਮਿਕਾ ਨਿਭਾਏਗਾ।

ਇਸ ਅਵਸਰ ’ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ, ਆਈਏਐੱਸ; ਯੂ.ਟੀ. ਚੰਡੀਗੜ੍ਹ ਦੇ ਡਾਇਰੈਕਟਰ ਜਨਰਲ ਆਫ ਪੁਲਿਸ, ਡਾ. ਸਾਗਰ ਪ੍ਰੀਤ ਹੁੱਡਾ, ਆਈਪੀਐੱਸ; ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ,ਆਈਏਐੱਸ; ਸ਼੍ਰੀ ਲਲਿਤ ਜੈਨ, ਆਈਏਐੱਸ; ਡਾਇਰੈਕਟਰ ਸਪੋਰਟਸ ਸ਼੍ਰੀ ਸੌਰਭ ਕੁਮਾਰ ਅਰੋੜਾ; ਸਟੇਟ ਡਾਇਰੈਕਟਰ, ਮੇਰਾ ਯੁਵਾ ਭਾਰਤ ਪੰਜਾਬ ਸੁਸ਼੍ਰੀ ਰਸ਼ਮੀਤ ਕੌਰ; ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ ਸ਼੍ਰੀ ਵਿਨੈ ਕੁਮਾਰ; ਧਾਰਮਿਕ ਸੰਗਠਨਾਂ ਦੇ ਪ੍ਰਤੀਨਿਧੀ, ਐੱਨਐੱਸਐੱਸ ਵਲੰਟੀਅਰ, ਸਿਵਲ ਡਿਫੈਂਸ ਵਲੰਟੀਅਰ ਅਤੇ ਸਿਵਲ ਸੋਸਾਇਟੀ ਦੇ ਮੈਂਬਰ ਉਪਸਥਿਤ ਸਨ।



ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly